


ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ੁੱਕਰਵਾਰ, 7 ਜਨਵਰੀ 2022 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)




R.N.I. Punpun/29016/2008 ✲ ਸਾਲ : 14 ✲ ਅੰਕ : 322 ✲ ਮੁੱਲ : 2.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111


## ਕਸ਼ਮੀਰ ਦੇ ਸਭ ਤੋਂ ਉੱਚੇ ਖੇਤਰ 'ਚ ਜਵਾਨਾਂ ਨੂੰ ਸਿਖਲਾਈ ਦਿੱਤੀ ਜਾਵੇਗੀ

**ਸ਼੍ਰੀਨਗਰ/ਲੋਕ ਬਾਣੀ**

ਕੇਂਦਰ ਸ਼ਾਸਿਤ ਪ੍ਰਦੇਸ਼ ਜੰਮੂ-ਕਸ਼ਮੀਰ ਪ੍ਰਸ਼ਾਸਨ ਨੇ ਹਾਈ ਐਲਟੀਟਿਊਡ ਵਾਰਫੇਅਰ ਲਈ ਗੁਲਮਰਗ ਅਤੇ ਸੋਨਮਰਗ 'ਚ 173 ਏਕੜ ਜਮੀਨ ਫੌਜ ਨੂੰ ਸੌਂਪਣ ਦੀ ਮਨਜ਼ੂਰੀ ਦੇ ਦਿੱਤੀ। ਇਹ ਦੋਵੇਂ ਥਾਵਾਂ ਕਸ਼ਮੀਰ 'ਚ ਸਭ ਤੋਂ ਉੱਚੇ ਅਤੇ ਖਤਰਨਾਕ ਸਥਾਨਾਂ 'ਚ ਹਨ, ਜਿਥੇ ਜਵਾਨਾਂ ਨੂੰ ਉੱਚਾਈ ਵਾਲੀ ਥਾਂ 'ਤੇ ਜੰਗ ਲਈ ਸਿਖਾਈ ਦਿੱਤੀ ਜਾਵੇਗੀ। ਆਦੇਸ਼ ਤਹਿਤ ਗੁਲਮਰਗ 'ਚ 129 ਏਕੜ, ਸੋਨਮਰਗ 'ਚ 44 ਏਕੜ ਜਮੀਨ ਨੂੰ 'ਹਥਿਆਰਬੰਦ ਫੋਰਸ ਲਈ ਰਣਨੀਤਕ ਖੇਤਰ' ਐਲਾਨ ਕੀਤਾ ਹੈ। ਇਧਰ, ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਨੇ ਦੋਸ਼ ਲਗਾਇਆ ਕਿ ਸਰਕਾਰ ਜਮੀਨ ਫੌਜ ਨੂੰ ਦੇ ਕੇ ਸੈਰ-ਸਪਾਟੇ ਵਾਲੀਆਂ ਥਾਵਾਂ ਨੂੰ ਫੌਜ ਦੇ ਕਿਲ੍ਹੇ 'ਚ ਬਦਲਣਾ ਚਾਹੁੰਦੀ ਹੈ। ਕਸ਼ਮੀਰ ਦੇ ਸੰਭਾਗੀ ਕਸਮੀਰ ਦੇ ਡਿਵੀਜਨਲ ਕਮਿਸਨਰ ਪਾਂਡੁਰੰਗ ਕੋਂਡਬਾਰਾਓ ਪੋਲ ਨੇ ਦੱਸਿਆ ਕਿ ਇਸ ਜਮੀਨ ਦਾ ਇਸਤੇਮਾਲ ਫੌਜ ਅਭਿਆਸ ਲਈ ਕਰੇਗੀ। ਇਹ 40 ਸਾਲਾਂ ਤੋਂ ਫੌਜ ਦੇ ਅਧੀਨ ਸੀ। ਹੁਣ ਫੌਜ ਲੋੜ ਦੇ ਹਿਸਾਬ ਨਾਲ ਇਥੇ ਨਵਾਂ ਢਾਂਚਾ ਖੜ੍ਹਾ ਕਰ ਸਕੇਗੀ।




ਫੌਜ ਮਾਹਿਰਾਂ ਮੁਤਾਬਕ, ਸਰਕਾਰ ਭਵਿੱਖ 'ਚ ਕਿਸੇ ਵੀ ਸਥਿਤੀ ਲਈ ਫੌਜ ਨੂੰ ਸਿਖਲਾਈ ਦੇਣ 'ਚ ਉੱਚ ਤਰਜੀਹ ਦੇ ਰਹੀ ਹੈ। ਇਹ ਜਮੀਨ ਮਿਲਣ ਨਾਲ ਫੌਜ ਨੂੰ ਦਿੱਤੀ ਜਾਣ ਵਾਲੀ ਸਿਖਲਾਈ ਨਾਲ ਉਨ੍ਹਾਂ ਨੂੰ ਪਾਕਿਸਤਾਨੀ ਅਤੇ ਚੀਨੀ ਫੌਜ ਦਾ ਪ੍ਰਭਾਵੀ ਢੰਗ ਨਾਲ ਮੁਕਾਬਲਾ ਕਰਨ 'ਚ ਮਦਦ ਮਿਲੇਗੀ। ਸੋਨਮਰਗ 'ਚ ਪਹਿਲਾਂ ਤੋਂ ਹੀ ਜਵਾਨਾਂ ਨੂੰ ਸਿਆਚਿਨ ਗਲੇਸ਼ੀਅਰ ਅਤੇ ਅਜਿਹੇ ਹੋਰ ਸਥਾਨਾਂ 'ਤੇ ਤਾਇਨਾਤੀ ਲਈ ਤਿਆਰੀ ਕਰਵਾਈ ਜਾ ਰਹੀ ਹੈ। ਪ੍ਰਸਿੱਧ ਹਾਈ ਐਲਟੀਟਿਊਡ ਵਾਰਫੇਅਰ ਸਕੂਲ ਗੁਲਮਰਗ 'ਚ ਹੀ ਹੈ, ਜੋ ਸਨੋ-ਕ੍ਰਾਫਟ ਅਤੇ ਵਿੰਟਰ ਵਾਰਫੇਅਰ 'ਚ ਜਵਾਨਾਂ ਨੂੰ ਸਿਖਲਾਈ ਦਿੰਦਾ ਹੈ।



## ਮੁੱਖ ਮੰਤਰੀ ਤੇ ਡਿਪਟੀ ਮੁੱਖ ਮੰਤਰੀ ਜ਼ਿੰਮੇਵਾਰੀ ਤੋਂ ਭੱਜ ਕੇ ਕਾਇਰਾਂ ਦੀ ਤਰ੍ਹਾਂ ਵਤੀਰਾ ਦਿਖਾ ਰਹੇ ਹਨ : ਕੈਪਟਨ ਅਮਰਿੰਦਰ

**ਸਮਾਣਾ/ਲੋਕ ਬਾਣੀ**

ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਦੀ ਆਪਣੀ ਜੰਮਿਵਾਰੀਆਂ ਤੋਂ ਭੱਜਣ ਨੂੰ ਲੈ ਕੇ ਨਿੰਦਾ ਕੀਤੀ ਹੈ। ਇੱਥੇ ਸੀਨੀਅਰ ਕਾਂਗਰਸੀ ਆਗੂ ਸੁਰਿੰਦਰ ਸਿੰਘ ਖੇੜਕੀ ਨੂੰ ਪਾਰਟੀ ਚ ਸ਼ਾਮਲ ਕਰਨ ਤੋਂ ਬਾਅਦ ਇਕ ਪਬਲਿਕ ਮੀਟਿੰਗ ਨੂੰ ਸੰਬੋਧਨ ਕਰਦਿਆਂ, ਕੈਪਟਨ ਅਮਰਿੰਦਰ ਨੇ ਕਿਹਾ ਕਿ ਸੁਰੱਖਿਆ ਨੂੰ ਲੈ ਕੇ ਭਾਰੀ ਗਲਤੀ ਹੋਈ ਸੀ ਤੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਗ੍ਰਹਿ ਵਿਭਾਗ ਦਾ ਚਾਰਜ ਸੰਭਾਲਣ ਵਾਲੇ ਡਿਪਟੀ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੂੰ ਇਸਦੀ ਜੰਮਿਵਾਰੀ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਸਲੀ ਆਗੂ ਜੰਮਿਵਾਰੀਆਂ ਲੈਂਦੇ ਹਨ, ਨਾ ਕਿ ਦੂਜਿਆਂ ਦੇ ਸਿਰ ਭਾਂਡਾ ਫੋੜ ਦੇ ਹਨ। ਉਨ੍ਹਾਂ ਨੇ ਮੁੱਖ ਮੰਤਰੀ ਤੇ ਡਿਪਟੀ ਮੁੱਖ ਮੰਤਰੀ ਦਾ ਜਕਿਰ ਕਰਦਿਆਂ ਕਿਹਾ ਕਿ ਇਹ ਅਗਵਾਈ ਨਹੀਂ, ਸਗੋਂ ਕਾਇਰਤਾ ਦੀ ਨਿਸ਼ਾਨੀ ਹੈ, ਜਿਹੜੇ ਬੀਤੇ ਦਿਨ ਪ੍ਰਧਾਨ ਮੰਤਰੀ ਦੀ ਫ਼ਿਰੋਜ਼ਪੁਰ ਫੇਰੀ ਦੌਰਾਨ ਸੁਰੱਖਿਆ ਚ ਹੋਈ ਵੱਡੀ ਗਲਤੀ ਲਈ ਦੂਸਰਿਆਂ ਤੇ ਦੋਸ਼ ਸੁੱਟ ਰਹੇ ਹਨ। ਉਨ੍ਹਾਂ ਨੇ ਪ੍ਰਧਾਨ ਮੰਤਰੀ ਦਾ ਵਿਅਕਤੀਗਤ ਤੌਰ ਤੇ ਬਠਿੰਡਾ ਏਅਰਪੋਰਟ ਤੇ ਸਵਾਗਤ ਨਾ ਕਰਨ ਨੂੰ ਲੈ ਕੇ ਮੁੱਖ ਮੰਤਰੀ ਚੰਨੀ ਦੀ ਆਲੋਚਨਾ ਵੀ ਕੀਤੀ। ਕੈਪਟਨ ਅਮਰਿੰਦਰ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਸੜਕਾਂ ਅਤੇ ਰੇਲਵੇ ਲਾਈਨਾਂ ਤੇ ਜਾਮ ਲਗਾਉਣਾ ਬੰਦ ਕਰ ਦੇਣ, ਬਲਕਿ ਉਨ੍ਹਾਂ ਨੂੰ ਆਪਣੇ ਤੇ ਪੰਜਾਬ ਦੇ ਹਿੱਤਾਂ ਉਪਰ ਧਿਆਨ ਦੇਣਾ ਚਾਹੀਦਾ ਹੈ ਅਤੇ ਉਹ ਬੀਤੇ ਸਮੇਂ ਦੀ ਤਰ੍ਹਾਂ ਉਨ੍ਹਾਂ ਨੂੰ ਸਮਰਥਨ ਦੇਣਗੇ।

## ਪੰਜਾਬ ਦੇ ਅੰਮ੍ਰਿਤਸਰ ਏਅਰਪੋਰਟ ਤੇ ਵੱਡੀ ਮਾਤਰਾ ਵਿੱਚ ਯਾਤਰੀ ਆਏ ਕੋਰੋਨਾ ਪਾਜ਼ੀਟਿਵ

**ਅੰਮ੍ਰਿਤਸਰ/ਅਨੀਲ**



ਇਟਲੀ ਤੋਂ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ ਰਾਜਾਸਾਂਸੀ ਵਿਖੇ ਪੁੱਜੀ ਨਿਊਸ ਹਵਾਈ ਕੰਪਨੀ ਦੀ ਉਡਾਣ ਨੰਬਰ 2248 ਰਾਹੀਂ ਆਏ 179 ਯਾਤਰੂਆਂ ਦੇ ਹੋਏ ਕੋਰੋਨਾ ਟੈਸਟਾਂ 'ਚੋਂ 125 ਦੇ ਨਤੀਜੇ ਪਾਜ਼ੀਟਿਵ ਆਉਣ ਉਪਰੰਤ ਪੀੜਤ ਯਾਤਰੂਆਂ ਵਲੋਂ ਘੋਸ਼ਿਤ ਕੀਤੀਆਂ ਗਈਆਂ ਰਿਪੋਰਟਾਂ ਤੇ ਅਸੰਤੁਸ਼ਟੀ ਪ੍ਰਗਟ ਕਰਦਿਆਂ ਹਵਾਈ ਅੱਡੇ ਦੇ ਦਰਵਾਜ਼ੇ ਬੰਦ ਕਰ ਦਿੱਤੇ ਗਏ। ਦੱਸਣਯੋਗ ਹੈ ਕਿ ਪ੍ਰਸ਼ਾਸਨ ਪੀੜਤਾਂ ਨੂੰ ਸਰਕਾਰੀ ਹਸਪਤਾਲਾਂ ਵਿਚ ਖੜਨ ਪ੍ਰਬੰਧ ਕਰਨ 'ਚ ਜੁਟਿਆ ਹੋਇਆ ਹੈ ਜਦਕਿ ਯਾਤਰੀ ਆਪਣੇ ਘਰ ਜਾਣ ਲਈ ਬਜ਼ਿਦ ਹਨ।

## ਸੁਪਰੀਮ ਕੋਰਟ ਵਿੱਚ ਪ੍ਰਧਾਨ ਮੰਤਰੀ ਸੁਰੱਖਿਆ ਮਾਮਲੇ ਦੀ ਸੁਣਵਾਈ ਅੱਜ

**ਨਵੀਂ ਦਿੱਲੀ/ਪਰਦੀਪ ਕਪੂਰ**



ਸੁਪਰੀਮ ਕੋਰਟ ਸੁੱਕਰਵਾਰ ਨੂੰ ਉਸ ਪਟੀਸਨ 'ਤੇ ਸੁਣਵਾਈ ਕਰੇਗਾ ਜਿਸ ਵਿਚ ਇਹ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ ਸੀ ਕਿ ਭਵਿੱਖ ਵਿਚ ਪ੍ਰਧਾਨ ਮੰਤਰੀ ਦੀ ਸੁਰੱਖਿਆ ਵਿਚ ਕੋਈ ਖਾਮੀ ਨਾ ਰਹੇ। ਚੀਫ ਜਸਟਿਸ ਐੱਨਵੀ ਰਾਮੰਨਾ, ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਹਿਮਾ ਕੋਹਲੀ ਦੇ ਬੈਂਚ ਨੇ ਅੱਜ ਸੀਨੀਅਰ ਵਕੀਲ ਮਨਿੰਦਰ ਸਿੰਘ ਦੀ ਇਸ ਦਲੀਲ ਦਾ ਨੋਟਿਸ ਲਿਆ ਕਿ ਬੁੱਧਵਾਰ ਨੂੰ ਪੰਜਾਬ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੁਰੱਖਿਆ ਵਿੱਚ ਗੰਭੀਰ ਖਾਮੀ ਸੀ। ਇਸ ਕਾਰਨ ਸ੍ਰੀ ਮੋਦੀ ਨੂੰ ਪੰਜਾਬ ਵਿੱਚ ਰੈਲੀ ਕੀਤੇ ਬਗੈਰ ਵਾਪਸ ਜਾਣਾ ਪਿਆ। ਬੈਂਚ ਨੇ ਕਿਹਾ ਕਿ ਉਹ ਇਸ ਪਟੀਸ਼ਨ 'ਤੇ ਭਲਕੇ ਸੁਣਵਾਈ ਕਰੇਗਾ।

## ਕਜ਼ਾਖਸਤਾਨ ਦੀ ਇਮਾਰਤਾਂ ਤੇ ਕੀਤੇ ਗਏ ਹਮਲੇ ਕਈ ਮੌਤਾਂ ਹੋਇਆ

**ਮਾਸਕੋ/ਲੋਕ ਬਾਣੀ**



ਕਜਾਖਸਤਾਨ ਦੇ ਸਭ ਤੋਂ ਵੱਡੇ ਸ਼ਹਿਰ ਅਲਮੈਟੀ ਵਿੱਚ ਬੀਤੀ ਰਾਤ ਫੈਲੀ ਅਰਾਜਕਤਾ ਦੌਰਾਨ ਸਰਕਾਰੀ ਇਮਾਰਤਾਂ ਉੱਤੇ ਹਮਲੇ ਕੀਤੇ ਗਏ। ਪੁਲੀਸ ਦੀ ਸਪੋਕਸਪਰਸਨ ਸਲਤਨਤ ਅਜੀਰਬੇਕ ਅਨੁਸਾਰ ਦਰਜਨਾਂ ਹਮਲਾਵਰਾਂ ਨੂੰ ਮਾਰ ਦਿੱਤਾ ਗਿਆ ਹੈ। ਉਹ ਸਟੇਟ ਨਿਊਜ ਚੈਨਲ ਖਬਰ-24 'ਤੇ ਸੰਬੋਧਨ ਕਰ ਰਹੀ ਸੀ। ਉਨ੍ਹਾਂ ਦੱਸਿਆ ਕਿ ਹਮਲਾਵਰਾਂ ਨੇ ਬੁੱਧਵਾਰ ਰਾਤ ਨੂੰ ਸਰਕਾਰੀ ਇਮਾਰਤਾਂ 'ਤੇ ਹਮਲਾ ਕੀਤਾ ਤੇ ਮੇਅਰ ਦੀ ਬਿਲਡਿੰਗ 'ਤੇ ਵੀ ਕਬਜਾ ਕਰ ਲਿਆ ਜਿਸ ਨੂੰ ਅੱਗ ਲਗਾ ਦਿੱਤੀ ਗਈ। ਜਕਿਰਯੋਗ ਹੈ ਕਿ ਤਿੰਨ ਦਹਾਕੇ ਪਹਿਲਾਂ ਆਜਾਦੀ ਪ੍ਰਾਪਤ ਕਰਨ ਵਾਲੇ ਕਜਾਖਸਤਾਨ ਵਿੱਚ ਇਸ ਸਮੇਂ ਸਭ ਤੋਂ ਭਿਆਨਕ ਦੰਗੇ ਹੋ ਰਹੇ ਹਨ। ਦੇਸ਼ ਵਿੱਚ ਸਰਕਾਰੀ ਇਮਾਰਤਾਂ ਨੂੰ ਅੱਗ ਲਗਾਈ ਜਾ ਰਹੀ ਹੈ ਤੇ ਕਾਨੂੰਨ ਲਾਗੂ ਕਰਨ ਵਾਲੇ 8 ਅਧਿਕਾਰੀਆਂ ਦੀ ਮੌਤ ਹੋ ਚੁੱਕੀ ਹੈ।

## ਭਾਰਤ ਵਿੱਚ ਕੋਰੋਨਾ ਦੇ ਕਹਿਰ ਨੂੰ ਦੇਖਦੇ ਹੋਏ ਸਰਹੱਦ ਤੇ ਰੀਟਰੀਟ ਸੈਰੇਮਨੀ ਕੀਤੀ ਗਈ ਬੰਦ

**ਅੰਮ੍ਰਿਤਸਰ/ਅਨੀਲ :** ਦੇਸ਼ ਵਿਚ ਵਧ ਰਹੇ ਕੋਰੋਨਾ ਵਾਇਰਸ ਦੇ ਮਾਮਲਿਆਂ ਕਾਰਨ ਸਰਕਾਰ ਨੇ ਭਾਰਤ-ਪਾਕਿਸਤਾਨ ਦੋਵਾਂ ਗੁਆਂਢੀ ਦੇਸ਼ਾਂ ਦੀਆਂ ਸਰਹੱਦੀ ਫ਼ੌਜਾਂ ਦੀ ਅਟਾਰੀ ਵਾਹਗਾ ਬਾਰਡਰ ਤੇ ਹੋਣ ਵਾਲੀ ਸਾਂਝੀ ਰੀਟਰੀਟ ਸੈਰੇਮਨੀ ਵਾਲੇ ਸਥਾਨ ਵੱਲ ਜਨਤਾ ਦੇ ਜਾਣ ਤੇ ਰੋਕ ਲਗਾ ਦਿੱਤੀ ਹੈ। ਦੂਰ-ਦੁਰਾਡੇ ਇਲਾਕਿਆਂ 'ਚੋਂ ਅਟਾਰੀ ਸਰਹੱਦ 'ਤੇ ਆਉਣ ਵਾਲੀ ਜਨਤਾ ਦੀ ਖੱਜਲ-ਖੁਆਰੀ ਨੂੰ ਰੋਕਣ ਲਈ ਬੀ.ਐੱਸ.ਐੱਫ., ਪੀ.ਐੱਚ.ਜੀ. ਅਤੇ ਪੰਜਾਬ ਪੁਲਿਸ ਨੇ ਸਾਂਝੇ ਤੌਰ 'ਤੇ ਅਟਾਰੀ ਸਰਹੱਦ ਟੀ ਪੁਆਇੰਟ ਤੇ ਨਾਕਾ ਲਗਾ ਦਿੱਤਾ ਹੈ।

## ਦਿੱਲੀ ਸਰਕਾਰ ਤੋਂ ਹਾਈਕੋਰਟ ਨੇ ਮੰਗੀ ਓਮੀਕੋਰੋਨਾ ਕੇਸਾਂ ਦੀ ਜਾਣਕਾਰੀ

**ਚੰਡੀਗੜ੍ਹ/ਵਿਨੋਦ ਸ਼ਰਮਾ**




ਦਿੱਲੀ ਹਾਈ ਕੋਰਟ ਨੇ ਦਿੱਲੀ ਸਰਕਾਰ ਤੋਂ ਕੌਮੀ ਰਾਜਧਾਨੀ ਵਿੱਚ ਓਮੀਕਰੋਨ ਕੇਸਾਂ ਬਾਰੇ ਸਟੇਟਸ ਰਿਪੋਰਟ ਮੰਗੀ ਹੈ। ਹਾਈ ਕੋਰਟ ਨੇ ਪੁੱਛਿਆ ਹੈ ਕਿ ਓਮੀਕਰੋਨ ਦੇ ਕਿਨੇ ਮਰੀਜ ਆਈਸੀਯੂ ਵਿੱਚ ਦਾਖਲ ਹਨ, ਕਿੰਨੇ ਮਰੀਜਾਂ ਵੈਂਟੀਲੇਟਰ 'ਤੇ ਹਨ ਤੇ ਹਸਪਤਾਲਾਂ ਵਿੱਜ ਆਕਸੀਜਨ ਦੀ ਸਹੂਲਤ ਵਾਲੇ ਕਿੰਨੇ ਬੈੱਡ ਹਨ। ਜਸਟਿਸ ਵਿਪਿਨ ਸਾਂਘੀ ਤੇ ਜਸਮੀਤ ਸਿੰਘ ਦੀ ਅਗਵਾਈ ਵਾਲੇ ਬੈਂਚ ਨੇ ਸਰਕਾਰ ਨੂੰ ਕਿਹਾ ਕਿ ਉਹ ਦਿੱਲੀ ਵਿੱਚ ਓਮੀਕਰੋਨ ਦੀ ਪੁਜੀਸ਼ਨ ਬਾਰੇ ਜਾਣਨਾ ਚਾਹੁੰਦੇ ਹਨ। ਇਸੇ ਦੌਰਾਨ ਦਿੱਲੀ ਸਰਕਾਰ ਦੇ ਸੀਨੀਅਰ ਐਡਵੋਕੇਟ ਰਾਹੁਲ ਮਹਿਰਾ ਨੇ ਕਿਹਾ ਕਿ ਉਹ ਸਰਕਾਰ ਤੋਂ ਹਦਾਇਤਾਂ ਪ੍ਰਾਪਤ ਕਰਨ ਮਗਰੋਂ ਤੇ ਓਮੀਕਰੋਨ ਕੇਸਾਂ ਦੀ ਗਿਣਤੀ ਜਾਣਨ ਮਗਰੋਂ ਅਦਾਲਤ ਵਿੱਚ ਜਵਾਬ ਦਾਇਰ ਕਰਨਗੇ। ਇਸ ਕੇਸ ਦੀ ਅਗਲੀ ਸੁਣਵਾਈ ਪਹਿਲੀ ਫਰਵਰੀ ਨੂੰ ਹੋਵੇਗੀ। ਬੈਂਚ ਨੇ ਇਹ ਵੀ ਧਿਆਨ ਵਿੱਚ ਲਿਆਂਦਾ ਕਿ ਦਿੱਲੀ ਦਾ ਮੁੱਖ ਮੰਤਰੀ ਵੀ ਕਰੋਨਾ ਪੀੜਤ ਹੈ ਤੇ ਬਾਕੀ ਨਾਗਰਿਕਾਂ ਦਾ ਕੀ ਹਾਲ ਹੈ। ਇਸ ਦੇ ਜਵਾਬ ਵਿੱਚ ਰਾਹੁਲ ਮਹਿਰਾ ਨੇ ਕਿਹਾ ਕਿ 3 ਜਨਵਰੀ ਤਕ ਦਿੱਲੀ ਵਿੱਚ ਕੋਵਿਡ-19 ਦੇ 10,986 ਕੇਸ ਸਨ।

## ਦੇਸ਼ ਦੀ ਰਾਜਧਾਨੀ 'ਚ ਕੋਰੋਨਾ ਦਾ ਕਹਿਰ 15,097 ਨਵੇਂ ਕੇਸ ਮਿਲੇ

**ਨਵੀਂ ਦਿੱਲੀ/ਕਪੂਰ :** ਦਿੱਲੀ 'ਚ ਪਿਛਲੇ 24 ਘੰਟਿਆਂ 'ਚ ਕੋਵਿਡ-19 ਦੇ 15,097 ਨਵੇਂ ਮਾਮਲੇ ਸਾਹਮਣੇ ਆਏ ਹਨ। ਸੰਕਰਮਿਤ ਲੋਕਾਂ 'ਚ 6 ਲੋਕਾਂ ਦੀ ਮੌਤ ਅਤੇ ਐਕਟਿਵ ਕੇਸ ਵੱਧ ਕੇ 31,498 ਹੋ ਗਏ ਹਨ। ਸਕਾਰਾਤਮਕਤਾ ਦਰ 15.34 ਫ਼ੀਸਦੀ ਤੱਕ ਪਹੁੰਚ ਗਈ ਹੈ।




# ਕਾਂਸੇ ਦਾ ਤਗਮਾ ਜਿੱਤਣ ਤੇ ਸ਼ਾਹੀਨ ਗਿੱਲ ਦਾ ਸਨਮਾਨ ਕੀਤਾ



**ਖੰਨਾ/ਤੇਜਿੰਦਰ ਸਿੰਘ ਆਰਟਿਸਟ**

ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ ਚੈਂਪੀਅਨਸ਼ਿਪ ਜੋ ਕਿ ਲਵਲੀ ਯੂਨੀਵਰਸਿਟੀ ਜਲੰਧਰ ਵਿਖੇ ਹੋਈਆਂ ਉਸ ਵਿਚ 57.60.ਵਰਗ ਵਿਚੋਂ ਖੰਨਾ ਸ਼ਹਿਰ ਦੀ ਸ਼ਾਹੀਨ ਗਿੱਲ ਨੇ ਕਾਂਸੇ ਦਾ ਤਗਮਾ ਜਿੱਤਿਆ ਅਤੇ ਉਸ ਨੂੰ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਸਨਮਾਨਿਤ ਕੀਤਾ ਗਿਆ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ . ਜੋਰਾ ਸਿੰਘ ਤੇ ਵਾਈਸ ਚਾਂਸਲਰ ਤੇਜਿੰਦਰ ਕੌਰ ਨੇ ਕਿਹਾ ਕਿ ਕੁੜੀਆਂ ਮੁੰਡਿਆਂ ਨਾਲੋਂ ਕਿਸੇ ਖੇਤਰ ਵਿੱਚ ਘੱਟ ਨਹੀਂ ਹਨ ਸਾਨੂੰ ਕੁੜੀਆਂ ਨੂੰ ਹਰ ਖੇਤਰ ਵਿੱਚ ਅੱਗੇ ਆਉਣ ਦੇ ਲਈ ਸਹਿਯੋਗ ਦੇਣਾ ਚਾਹੀਦਾ ਹੈ ਇਸ ਮੌਕੇ ਤੇ ਮਿਸਟਰ ਅਡਵਾਨੀ , ਡਾ. ਵਰਿੰਦਰ ਸਿੰਘ, ਮਾਰਕੀਟਿੰਗ ਹੈੱਡ ਜਗਜੀਤ ਸਿੰਘ ਗਿੱਲ, ਸੁਖਵਿੰਦਰ ਸਿੰਘ, ਸਤਵਿੰਦਰ ਸਿੰਘ, ਰੋਜੀ ਖਾਨਮ, ਅਰਮਾਨ ਗਿੱਲ, ਨੰਦਨ ਸਿੰਘ ਆਦਿ ਹਾਜ਼ਰ ਸਨ।

# ਖੰਨਾ ਹਲਕੇ ਦੇ ਬਹੁ ਗਿਣਤੀ ਲੋਕ ਵੀ ਇਹ ਕਹਿਣ ਲੱਗੇ ਹਨ : ਅਸੀਂ ਤਾਂ ਰਾਣੀ ਜੀ ਦੇ ਨਾਲ ਖੜ੍ਹੇ ਹਾਂ

**ਖੰਨਾ/ਤੇਜਿੰਦਰ ਸਿੰਘ ਆਰਟਿਸਟ**

ਜਿੱਥੇ ਵਿਧਾਨ ਸਭਾ ਹਲਕਾ ਖੰਨਾ ਤੋਂ ਸ੍ਰੋਮਣੀ ਅਕਾਲੀ ਦਲ ਨੇ ਆਪਣਾ ਉਮੀਦਵਾਰ ਦੇ ਤੌਰ ਤੇ ਇੱਕ ਮਹਿਲਾ ਉਮੀਦਵਾਰ ਨੂੰ ਮੈਦਾਨ ਵਿੱਚ ਉਤਾਰਿਆ ਹੈ ਦੂਜੇ ਪਾਸੇ ਆਮ ਆਦਮੀ ਪਾਰਟੀ ਨੇ ਇੱਕ ਰਾਮਗੜੀਆ ਭਾਈਚਾਰੇ ਨਾਲ ਸੰਬੰਧੀ ਇੱਕ ਸਿੱਖ ਚੇਹਰੇ ਨੂੰ ਟਿਕਟ ਦਿੱਤਾ ਜਦੋਂ ਕਿ ਪਿੱਛਲੀਆਂ ਚੋਣਾਂ ਵਿੱਚ ਇੱਕ ਹਿੰਦੂ ਚਿਹਰੇ ਨੂੰ ਮੈਦਾਨ ਵਿੱਚ ਉਤਾਰਿਆ ਸੀ ਸੋ ਉੱਥੇ ਹੀ ਪੰਜਾਬ ਲੋਕ ਕਾਂਗਰਸ ਪਾਰਟੀ ਵੱਲੋਂ ਅੱਜੇ ਕਿਸੇ ਵੀ ਉਮੀਦਵਾਰ ਦਾ ਐਲਾਨ ਨਹੀਂ ਕੀਤਾ ਗਿਆ ਪ੍ਰੰਤੂ ਇਸ ਵੇਲੇ ਹਲਕਾ ਖੰਨਾ ਵਿੱਖੇ ਰਾਣੀ ਰਮਨੀਕ ਕੌਰ ਗਰੇਵਾਲ ਨੇ ਆਪਣੀਆ ਚੋਣ ਸਰਗਰਮੀਆਂ ਪੂਰੀ ਤਰ੍ਹਾਂ ਤੇਜ ਕੀਤੀਆਂ ਹੋਇਆਂ ਹਨ ਉਹ ਹਲਕਾ ਖੰਨਾ ਦੇ ਹਰ ਘਰ ਦੇ ਵੋਟਰਾਂ ਨਾਲ ਦੁੱਖ ਸੁੱਖ ਵਿੱਚ ਸਰੀਕ ਹੋਕੇ ਮਸਲੇ ਹੱਲ ਕਰਵਾ ਰਹੇ ਹਨ ਅਤੇ ਨਾਲ ਭਰੋਸਾ ਦੇ ਰਹੇ ਹਨ ਰਾਣੀ ਰਮਨੀਕ ਕੌਰ ਗਰੇਵਾਲ ਦੀ ਸੇਵਾ ਭਾਵਨਾ ਨੂੰ ਵੇਖਦਿਆਂ ਹੋਇਆਂ ਹਲਕੇ ਦੇ ਬਹੁ ਗਿਣਤੀ ਲੋਕ



ਵੀ ਇਹ ਕਹਿਣ ਲੱਗੇ ਹਨ ਕਿ ਅਸੀਂ ਤਾਂ ਰਾਣੀ ਜੀ ਦੇ ਨਾਲ ਖੜ੍ਹੇ ਹਾਂ ਕਿਓਕਿ ਇੱਕ ਪਾਸੇ ਜਿੱਥੇ ਆਮ ਆਦਮੀ ਪਾਰਟੀ ਅਤੇ ਸ੍ਰੋਮਣੀ ਅਕਾਲੀ ਦਲ ਅਤੇ ਹੋਰ ਦੂਸਰਿਆਂ ਪਾਰਟੀਆਂ ਅਪਣੇ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਰਹੀਆਂ ਹਨ ਉੱਥੇ ਹੀ ਪੰਜਾਬ ਲੋਕ ਕਾਂਗਰਸ ਪਾਰਟੀ ਵੱਲੋਂ ਅੱਜੇ ਕਿਸੇ ਵੀ ਉਮੀਦਵਾਰ ਦਾ ਐਲਾਨ ਨਹੀਂ ਕੀਤਾ ਗਿਆ ਪ੍ਰੰਤੂ ਇਸ ਵੇਲੇ ਹਲਕਾ ਖੰਨਾ ਵਿੱਖੇ ਰਾਣੀ ਰਮਨੀਕ ਕੌਰ ਗਰੇਵਾਲ ਨੇ ਆਪਣੀਆ ਚੋਣ ਸਰਗਰਮੀਆਂ ਪੂਰੀ ਤਰ੍ਹਾਂ ਤੇਜ ਕੀਤੀਆਂ ਹੋਇਆਂ ਹਨ ਉਹ ਹਲਕਾ ਖੰਨਾ ਦੇ ਹਰ ਘਰ ਦੇ ਦੁੱਖ ਸੁੱਖ ਵਿੱਚ ਸਰੀਕ ਹੋਕੇ ਮਸਲੇ ਹੱਲ ਕਰਵਾ ਰਹੇ ਹਨ ਅਤੇ ਨਾਲ ਭਰੋਸਾ ਦੇ ਰਹੇ ਹਨ ਰਾਣੀ ਰਮਨੀਕ ਕੌਰ ਗਰੇਵਾਲ ਦੀ ਸੇਵਾ ਭਾਵਨਾ ਨੂੰ ਵੇਖਦਿਆਂ ਹੋਇਆਂ ਹਲਕੇ ਦੇ ਬਹੁ ਗਿਣਤੀ ਲੋਕ ਵੀ ਇਹ ਕਹਿਣ ਲੱਗੇ ਹਨ ਕਿ ਅਸੀਂ ਤਾਂ ਰਾਣੀ ਜੀ ਦੇ ਨਾਲ ਖੜ੍ਹੇ ਹਾਂ ਕਿਓਕਿ ਅਗਰ ਪਾਰਟੀ ਵਲੋਂ ਰਾਣੀ ਜੀ ਨੂੰ ਖੰਨਾ ਹਲਕੇ ਤੋਂ ਮੈਦਾਨ ਵਿੱਚ ਉਤਾਰਿਆ ਜਾਂਦਾ ਹੈ ਤਾਂ ਉਹ ਪਾਰਟੀ ਵੱਲੋਂ ਮੋਰਚਾ ਫਤਿਹ ਕਰਨ ਦੀ ਸਮਰਥਾ ਰੱਖਣ ਵਾਲੇ ਇੱਕੋ ਇੱਕ ਆਗੂ ਹਨ ਜੋ ਲੋਕਾਂ ਦੀ ਪਹਿਲੀ ਪਸੰਦ ਬਣ ਕੇ ਉੱਭਰੇ ਹਨ।

# ਵਿਧਾਨ ਸਭਾ ਚੋਣਾਂ-2022 ਦੇ ਮੱਦੇਨਜ਼ਰ ਵੋਟਰਾਂ ਨੂੰ ਵੋਟ ਦੀ ਮਹੱਤਤਾ ਪ੍ਰਤੀ ਕੀਤਾ ਜਾਗਰੂਕ



**ਗੁਰਦਾਸਪੁਰ-ਨਵਨੀਤ ਕੁਮਾਰ**

■ ਐਕਸਪੋਰਟ ਪਰਮੋਸ਼ਨ ਕੌਂਸਲ ਆਫ ਹੈਂਡੀਕਰਾਫਟ ਦੇ ਸਹਿਯੋਗ ਨਾਲ ਵੋਟਰ ਜਾਗਰੂਕਤਾ ਸਮਾਗਮ

ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵਿਧਾਨ ਸਭਾ ਚੋਣਾਂ-2022 ਨੂੰ ਮੁੱਖ ਰੱਖਦਿਆਂ ਵੋਟਰਾਂ ਨੂੰ ਵੋਟ ਦੀ ਮਹੱਤਤਾ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਸਵੀਪ ਗਤੀਵਿਧੀਆਂ ਤਹਿਤ ਵੋਟਰਾਂ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ ਸ੍ਰੀ ਰੋਮੇਸ ਮਹਾਜਨ ਨੈਸ਼ਨਲ ਐਵਾਰਡੀ ਵਲੋਂ ਆਰ.ਕੇ.ਰੀਜੈਂਸੀ ਹੋਟਲ ਗੁਰਦਾਸਪੁਰ ਵਿਖੇ ਐਕਸਪੋਰਟ ਪਰਮੋਸ਼ਨ ਕੌਂਸਲ ਆਫ ਹੈਂਡੀਕਰਾਫਟ, ਮਨਿਸਟਰੀ ਆਫ ਟੈਕਸਟਾਈਲ ਭਾਰਤ ਸਰਕਾਰ ਦੇ ਸਹਿਯੋਗ ਨਾਲ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਹਾਜ਼ਰ ਔਰਤਾਂ ਨੂੰ ਵੋਟ ਦੀ ਮਹੱਤਤਾ ਤੋਂ ਜਾਗਰੂਕ ਕੀਤਾ ਗਿਆ। ਇਸ ਮੌਕੇ ਪੰਕਜ ਕੁਮਾਰ ਡਿਪਟੀ ਸੈਕਰਟਰੀ ਵੀ ਮੌਜੂਦ ਸਨ ਉਨਾਂ ਅੱਗੇ ਦੱਸਿਆ ਕਿ ਵੋਟਰਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨਾਂ ਕਿਹਾ ਕਿ ਜਿਥੇ ਵੋਟ ਬਣਾਉਣੀ ਬਹੁਤ ਜਰੂਰੀ ਹੈ, ਉਸਦੇ ਨਾਲ ਵੋਟ ਦੇ ਹੱਕ ਦਾ ਇਸਤੇਮਾਲ ਕਰਨਾ ਵੀ ਬਹੁਤ ਜਰੂਰੀ ਹੈ। ਉਨਾਂ ਕਿਹਾ ਕਿ ਵਿਧਾਨ ਸਭਾ ਚੋਣਾਂ-2022 ਦੇ ਮੱਦੇਨਜ਼ਰ ਜ਼ਿਲੇ ਭਰ ਅੰਦਰ ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ।

ਦੱਸਣਯੋਗ ਹੈ ਕਿ ਸਵੀਪ ਗਤੀਵਿਧੀਆਂ ਤਹਿਤ ਸਿੱਖਿਆ ਵਿਭਾਗ ਵਲੋਂ ਵੀ ਵੋਟਰਾਂ ਨੂੰ ਵੋਟਿੰਗ ਮਸ਼ੀਨ ਤੇ ਵੋਟ ਪਾਉਣਾ ਅਤੇ ਵੀ.ਵੀ.ਪੀ.ਟੀ 'ਤੇ ਆਪਣੀ ਅੱਖੀਂ ਆਪਣੀ ਵੋਟ ਦੀ ਤਸਦੀਕ ਸਬੰਧੀ ਜਾਣਕਾਰੀ ਦੇਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਵੋਟਰਾਂ ਨੂੰ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਹਸਤਾਖਰ ਮੁਹਿੰਮ ਵਿੱਢੀ ਗਈ ਹੈ।

# ਨਿਸ਼ਕਾਮ ਰੂਪ ਵਿੱਚ ਸੇਵਾ ਕਰਨ ਵਾਲੀਆਂ ਸ਼ਖਸੀਅਤਾਂ ਸਮਾਜ ਲਈ ਚਾਨਣ ਮੁਨਾਰਾ : ਭਾਈ ਨਿਮਾਣਾ



**ਲੁਧਿਆਣਾ/ਕਰਨੈਲ ਸਿੰਘ**

ਗੁਰਦੁਆਰਾ ਸਿੰਘ ਸਭਾ ਸਬਜੀ ਮੰਡੀ ਵਿਖੇ ਮਿਉਂਸੀਪਲ ਇੰਪਲਾਈ ਸੰਘਰਸ ਕਮੇਟੀ ਵੱਲੋਂ ਸਾਲਾਨਾ ਗੁਰਮਤਿ ਸਮਾਗਮ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੋਕੇ ਤੇ ਮੁੱਖ ਮਹਿਮਾਨ ਸ. ਬਲਕਾਰ ਸੰਧੂ ਮੇਅਰ ਲੁਧਿਆਣਾ ਅਤੇ ਸ੍ਰੀ ਅਦਿੱਤਿਆ ਦੇਚਲਵਾਲ ਆਈ.ਏ.ਐਸ. ਐਡੀਸਨਲ ਕਮਿਸਨਰ, ਨਗਰ ਨਿਗਮ ਲੁਧਿਆਣਾ ਵਿਸੇਸ ਤੌਰ ਤੇ ਪਹੁੰਚੇ। ਗੁਰੂ ਸਾਹਿਬ ਵੱਲੋਂ ਬਖਸ਼ੇ ਸੇਵਾ ਦੇ ਸਕੰਲਪ ਤੇ ਪਹਿਰਾ ਦੇਣਾ ਅਤੇ ਆਪਣੀ ਉਸਾਰੂ ਸੋਚ ਨੂੰ ਮੁਨੱਖੀ ਸੇਵਾ ਕਾਰਜਾਂ ਵਿੱਚ ਲਗਾਉਣ ਵਾਲੀਆਂ ਸੰਸਥਾਵਾਂ ਤੇ ਵਿਅਕਤੀ ਸਮਾਜ ਦੇ ਲਈ ਇੱਕ ਚਾਨਣ ਮੁਨਾਰਾ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਿਉਂਸੀਪਲ ਇੰਪਲਾਈ ਸੰਘਰਸ ਕਮੇਟੀ ਸੈਕਟਰੀ ਭਾਈ ਹਰਪਾਲ ਸਿੰਘ ਨਿਮਾਣਾ ਨੇ ਭਾਈ ਘਨ੍ਹਈਆ ਜੀ ਮਿਸਨ ਸੇਵਾ ਸੁਸਾਇਟੀ (ਰਜਿ) ਦੇ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਵੱਲੋਂ ਕੋਵਿਡ-19 ਕਾਰੋਨਾ ਮਹਾਂਮਾਰੀ ਦੌਰਾਨ ਮਨੁੱਖਤਾ ਪ੍ਰਤੀ ਖੂਨਦਾਨ ਕੈਂਪ, ਮਰੀਜਾਂ ਨੂੰ ਖੂਨ ਲੈਕੇ ਦੇਣ ਦੀਆਂ ਸੇਵਾਵਾਂ, ਗੁਰੂ ਘਰ ਨੂੰ ਸੈਨੇਟਾਇਜ਼ ਕਰਨ ਅਤੇ ਵਿਸਵ ਭਰ ਵਿਚ ਫੈਲੀ ਭਿਆਨਕ ਮਹਾਂਮਾਰੀ ਕਰੋਨਾ (ਕੋਵਿਡ-19) ਦੇ ਬਿਪਤਾ ਸਮੇਂ ਭੁਖਮਰੀ ਦਾ ਸਕਿਾਰ ਹੋ ਰਹੇ ਲੋੜਵੰਦ ਵਿਅਕਤੀਆਂ ਨੂੰ ਪਕਿਆ ਹੋਇਆ ਲੰਗਰ ਅਤੇ ਸੁਕਾ ਰਾਸਨ ਨਿਸਕਾਮ ਰੂਪ ਵਿਚ ਵੰਡਣ ਦੀ ਜੋ ਵੱਡੀ ਸੇਵਾਵਾਂ ਨਿਭਾਈਆਂ ਗਈਆਂ ਲਈ ਸ੍ਰੀ ਅਦਿੱਤਿਆ ਦੇਚਲਵਾਲ ਐਡੀਸਨਲ ਕਮਿਸਨਰ, ਚੈਅਰਮੈਨ ਅਸਵਨੀ ਸਹੋਤਾ ਪ੍ਰਧਾਨ ਜਸਦੇਵ ਸਿੰਘ ਸੇਖੋਂ ਅਤੇ ਭਾਈ ਹਰਪਾਲ ਸਿੰਘ ਨਿਮਾਣਾ ਨੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੂੰ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕਰਨ ਵਿਚ ਫਖਰ ਮਹਿਸੂਸ ਕੀਤਾ। ਅਤੇ ਉਨ੍ਹਾਂ ਨੇ ਕਿਹਾ ਕਿ ਆਪਣੇ ਆਪ ਵਿੱਚ ਇੱਕ ਮਿਸਾਲੀ ਕਾਰਜ ਹੈ।

# ਰਾਇਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਨੂੰ ਖੇਡ ਮੰਤਰੀ ਪਰਗਟ ਸਿੰਘ ਦੀ ਨਵੇਂ ਸਾਲ ਦੀ ਸੌਗਾਤ, 23 ਲੱਖ ਦੀ ਗ੍ਰਾਂਟ ਮਨਜ਼ੂਰ

■ ਸਟੇਡੀਅਮ 'ਚ ਬਣੇਗਾ 6ਵਾਂ ਸਿੰਥੈਟਿਕ ਕੋਰਟ, ਜਿਮਨੇਜ਼ੀਅਮ ਬਣੇਗਾ ਆਧੁਨਿਕ, ਹੋਸਟਲ ਦੇ ਕਮਰਿਆਂ ਦਾ ਵੀ ਹੋਵੇਗਾ ਨਵੀਨੀਕਰਣ

**ਜਲੰਧਰ/ਰਾਕੇਸ਼ ਵਰਮਾ**

ਖੇਡ ਮੰਤਰੀ ਪਰਗਟ ਸਿੰਘ ਨੇ ਜਲੰਧਰ ਦੇ ਰਾਇਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਨੂੰ ਨਵੇਂ ਸਾਲ ਦੀ ਸੌਗਾਤ ਦਿੰਦੇ ਹੋਏ 23 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕੀਤੀ ਹੈ। ਇਸ ਰਾਸ਼ੀ ਨਾਲ ਸਟੇਡੀਅਮ ਵਿੱਚ ਵਿਭਿੰਨ ਕਾਰਜਾਂ ਨੂੰ ਪੂਰਾ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਨਵਾਂ ਸਿੰਥੈਟਿਕ ਕੋਰਟ ਬਣਾਉਣਾ, ਹੋਸਟਲ ਦੇ ਕਮਰਿਆਂ ਦੀ ਹਾਲਤ ਸੁਧਾਰਦੇ ਹੋਏ ਉਨ੍ਹਾਂ ਨੂੰ ਏਅਰਕੰਡੀਸ਼ੰਡ ਕਰਨਾ ਅਤੇ ਜਿਮਨੇਜ਼ੀਅਮ ਨੂੰ ਵੱਡਾ ਕਰਦੇ ਹੋਏ ਨਵੀਨੀਕਰਣ ਦੇ ਤਹਿਤ ਉਸ ਵਿੱਚ ਆਧੁਨਿਕ ਮਸ਼ੀਨਰੀ ਲਗਾਉਣਾ ਆਦਿ ਸ਼ਾਮਿਲ ਹੈ।

ਖੇਡ ਮੰਤਰੀ ਪਰਗਟ ਸਿੰਘ ਦੇ ਨਿਰਦੇਸ਼ ਅਨੁਸਾਰ ਖੇਡ ਵਿਭਾਗ ਨੇ ਆਪਣੇ ਕੰਸਟ੍ਰੱਕਸ਼ਨ ਵਿੰਗ ਦੇ ਮਾਧਿਅਮ ਨਾਲ ਈ-ਟੈਂਡਰ ਵੀ ਲਗਵਾ ਦਿੱਤੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਕਾਰਜਾਂ ਨੂੰ ਅਮਲੀ ਜਾਮਾ ਪਹਿਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਸਟ੍ਰਿਕਟ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਅਤੇ ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਨੇ ਦੱਸਿਆ ਕਿ ਉਨ੍ਹਾਂ ਨੇ ਖੇਡ ਮੰਤਰੀ ਪਰਗਟ ਸਿੰਘ ਨੂੰ ਮੰਗ ਪੱਤਰ ਸੌਂਪ ਕੇ ਨਵੀਂ ਸਿੰਥੈਟਿਕ ਕੋਰਟ ਨੂੰ ਬਣਾਉਣ, ਜਿਮਨੇਜ਼ੀਅਮ ਦੇ ਅੱਪਗ੍ਰੇਡੇਸ਼ਨ ਅਤੇ ਹੋਸਟਲ ਦੇ ਨਵੀਨੀਕਰਣ ਦੇ ਲਈ 23 ਲੱਖ ਦੀ ਗ੍ਰਾਂਟ ਦੇਣ ਦੀ ਮੰਗ ਕੀਤੀ ਸੀ। ਇਸ ਮੰਗ ਨੂੰ ਸਵੀਕਾਰ ਕਰਦੇ ਹੋਏ ਪਰਗਟ ਸਿੰਘ ਵੱਲੋਂ ਗ੍ਰਾਂਟ ਨੂੰ ਮਨਜ਼ੂਰੀ ਦਿੱਤੀ ਗਈ ਹੈ। ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਨੇ ਦੱਸਿਆ ਕਿ ਵਰਤਮਾਨ 'ਚ ਰਾਇਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ 5 ਸਿੰਥੈਟਿਕ ਕੋਰਟ ਲੱਗੇ ਹਨ ਅਤੇ ਵੱਖ-ਵੱਖ ਸ਼ਿਫਟਾਂ ਵਿੱਚ ਸੈਂਕੜੇ ਖਿਡਾਰੀ ਇੱਥੇ ਪ੍ਰੈਕਟਿਸ ਕਰਦੇ ਸਨ। ਇਸ ਦੇ ਬਾਵਜੂਦ ਕੋਰਟ ਘੱਟ ਹੋਣ ਕਾਰਣ ਐਸੋਸੀਏਸ਼ਨ ਕਈ ਹੋਰ ਖਿਡਾਰੀਆਂ ਨੂੰ ਐਡਮੀਸ਼ਨ ਨਹੀਂ ਦੇ ਰਹੀ ਸੀ ਜੋ ਕਿ ਸਟੇਡੀਅਮ 'ਚ ਆ ਕੇ ਪ੍ਰੈਕਟਿਸ ਕਰਨਾ ਚਾਹੁੰਦੇ ਹਨ। ਇਸ ਲਈ ਇਕ ਹੋਰ ਨਵੇਂ ਸਿੰਥੈਟਿਕ ਕੋਰਟ ਦੇ ਬਣ ਜਾਣ ਨਾਲ ਜ਼ਿਆਦਾ ਖਿਡਾਰੀ ਸਟੇਡੀਅਮ ਵਿੱਚ ਪ੍ਰੈਕਟਿਸ ਕਰ ਸਕਣਗੇ। 6ਵੇਂ ਸਿੰਥੈਟਿਕ ਕੋਰਟ ਦੇ ਬਣ ਜਾਣ ਨਾਲ ਇੱਥੇ ਰਾਸ਼ਟਰੀ ਪੱਧਰ ਦੇ ਟੂਰਨਾਮੈਂਟ ਦਾ ਆਯੋਜਨ ਦਾ ਰਸਤਾ ਵੀ ਸਾਫ ਹੋ ਜਾਵੇਗਾ। ਰਿਤਿਨ ਖੰਨਾ ਨੇ ਦੱਸਿਆ ਕਿ ਹੁਣ ਜਿਮਨੇਜ਼ੀਅਮ ਨੂੰ ਵੀ ਅੱਪਗ੍ਰੇਡ ਕੀਤਾ ਜਾਵੇਗਾ। 5 ਲੱਖ ਰੁਪਏ ਦੀ ਲਾਗਤ ਨਾਲ ਜਿਮਨੇਜ਼ੀਅਮ ਦਾ ਸਾਈਜ਼ ਹੋਰ ਵਧਾਇਆ ਜਾਵੇਗਾ ਅਤੇ ਆਧੁਨਿਕ ਮਸ਼ੀਨਰੀ ਲਗਾਈ ਜਾਵੇਗੀ।



**ਦੂਸਰੇ ਸ਼ਹਿਰਾਂ ਤੋਂ ਆਉਣ ਵਾਲੇ ਖਿਡਾਰੀਆਂ ਨੂੰ ਮਿਲੇਗੀ ਵਧੀਆ ਠਹਿਰਣ ਦੀ ਸੁਵਿਧਾ**

ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਨੇ ਖੇਡ ਮੰਤਰੀ ਪਰਗਟ ਸਿੰਘ ਦਾ ਆਭਾਰ ਜਤਾਉਦਿਆਂ ਕਿਹਾ ਕਿ ਸਟੇਡੀਅਮ ਦੇ ਹੋਸਟਲ ਵਿੱਚ 15 ਕਮਰੇ ਹਨ, ਜਿਨ੍ਹਾਂ ਦੀ ਹਾਲਤ ਜ਼ਿਆਦਾ ਚੰਗੀ ਨਹੀਂ ਹੈ। ਇਸੇ ਕਾਰਣ ਦੂਸਰੇ ਸ਼ਹਿਰਾਂ ਤੋਂ ਆਉਣ ਵਾਲੇ ਖਿਡਾਰੀਆਂ ਨੂੰ ਇੱਥੇ ਰਹਿਣ 'ਚ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ, ਹੁਣ ਇਨ੍ਹਾਂ ਕਮਰਿਆਂ ਦੀ ਹਾਲਤ ਸੁਧਾਰਦੇ ਹੋਏ ਇਨ੍ਹਾਂ ਨੂੰ ਏਅਰਕੰਡੀਸ਼ੰਡ ਕੀਤਾ ਜਾਵੇਗਾ, ਜਿਸ ਨਾਲ ਦੂਸਰੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਇੱਥੇ ਰਹਿਣ ਵਿੱਚ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਦੇ ਨਾਲ ਹੀ ਖਿਡਾਰੀਆਂ ਦੇ ਖਾਣ-ਪੀਣ ਦੀ ਸਮੱਸਿਆ ਦਾ ਹੱਲ ਕਰਦੇ ਹੋਏ ਸਟੇਡੀਅਮ ਵਿੱਚ ਸਪੋਰਟਸ ਰੈਸਟੋਰੈਂਟ ਦਾ ਨਿਰਮਾਣ ਕੀਤਾ ਜਾ ਰਿਹਾ ਹੈ।

***ਪਰਗਟ ਸਿੰਘ ਨੇ ਇਕ ਸੱਚੇ ਖਿਡਾਰੀ ਦੇ ਰੂਪ ਵਿੱਚ ਵਾਅਦਾ ਨਿਭਾਇਆ : ਰਿਤਿਨ ਖੰਨਾ***

ਸਾਬਕਾ ਓਲੰਪੀਅਨ ਹਾਕੀ ਖਿਡਾਰੀ ਪਰਗਟ ਸਿੰਘ ਨੇ ਹਾਲ ਹੀ ਵਿੱਚ ਰਾਇਜਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ 'ਚ ਬਤੌਰ ਮੁੱਖ ਮਹਿਮਾਨ ਵਜੋਂ ਇਕ ਟੂਰਨਾਮੈਂਟ ਵਿੱਚ ਸ਼ਿਰਕਤ ਕੀਤੀ ਸੀ। ਇਸ ਦੌਰਾਨ ਉਨ੍ਹਾਂ ਨੇ ਵਧੀਆ ਕੰਮ ਲਈ ਡੀ. ਬੀ. ਏ. ਸਕੱਤਰ ਅਤੇ ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਅਤੇ ਉਨ੍ਹਾਂ ਦੀ ਟੀਮ ਦੀ ਪਿੱਠ ਥਪਥਪਾਉਂਦੇ ਹੋਏ ਵਾਅਦਾ ਕੀਤਾ ਸੀ ਕਿ ਪੰਜਾਬ ਸਰਕਾਰ ਖੇਡਾਂ ਦੇ ਵਿਕਾਸ ਲਈ ਵਚਨਬੱਧ ਹੈ, ਇਸ ਲਈ ਹੰਸਰਾਜ ਬੈਡਮਿੰਟਨ ਸਟੇਡੀਅਮ ਦੇ ਵਿਕਾਸ ਲਈ ਜਦ ਵੀ ਉਨ੍ਹਾਂ ਕੋਲੋਂ ਮਦਦ ਮੰਗੀ ਜਾਵੇਗੀ, ਉਹ ਹਰ ਸੰਭਵ ਮਦਦ ਕਰਨਗੇ। 23 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕਰਕੇ ਉਨ੍ਹਾਂ ਨੇ ਸੱਚੇ ਖਿਡਾਰੀ ਦੇ ਰੂਪ ਵਿੱਚ ਕੀਤਾ ਵਾਅਦਾ ਨਿਭਾ ਦਿੱਤਾ।

# ਸੰਖੇਪ ਖਬਰਾਂ

## ਬਹਿਰਾਮ ਟੋਲ ਪਲਾਜ਼ਾ ਪੁਰਾਣੇ ਰੇਟਾਂ ਨਾਲ 14 ਮਹੀਨੇ 28 ਦਿਨਾਂ ਬਾਅਦ ਹੋਇਆ ਚਾਲੂ

**ਬਹਿਰਾਮ/ਲੋਕ ਬਾਣੀ**

ਕੇਂਦਰ ਸਰਕਾਰ ਵਲੋਂ ਤਿੰਨ ਖੇਤੀਬਾੜੀ ਬਿੱਲ ਰੱਦ ਕਰਨ ਤੇ ਸੰਯੁਕਤ ਕਿਸਾਨ ਮੋਰਚਾ ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਕਿਸਾਨਾਂ ਦਾ ਧਰਨਾ ਟੋਲ ਪਲਾਜ਼ਾ ਬਹਿਰਾਮ ਵਿਖੇ ਸਮਾਪਤ ਹੋ ਗਿਆ। ਕਿਸਾਨਾਂ ਦੀ ਮੰਗ ਸੀ ਕਿ ਉਕਤ ਟੋਲ ਪਲਾਜ਼ੇ ਤੇ ਜੋ ਧਰਨੇ ਤੋਂ ਪਹਿਲਾਂ ਰੇਟ ਸਨ ਉਸੇ ਰੇਟ ਤੇ ਪਲਾਜ਼ਾ ਚਾਲੂ ਕੀਤਾ ਜਾਵੇ। ਕਿਸਾਨਾਂ ਦੀ ਮੰਗ ਤੇ ਵੀਰਵਾਰ ਸ਼ਾਮੀ 6.30 ਵਜੇ ਉਕਤ ਪਲਾਜ਼ਾ ਪੁਰਾਣੇ ਰੇਟਾਂ ਨਾਲ ਚਾਲੂ ਕੀਤਾ ਗਿਆ।

## ਅਣਪਛਾਤੇ ਵਾਹਨ ਦੀ ਲਪੇਟ 'ਚ ਆਉਣ ਨਾਲ ਇਕ ਵਿਅਕਤੀ ਦੀ ਮੌਤ

**ਡਮਤਾਲ/ਲੋਕ ਬਾਣੀ**

ਥਾਣਾ ਡਮਤਾਲ ਪਠਾਨਕੋਟ ਜਲੰਧਰ ਨੈਸ਼ਨਲ ਹਾਈਵੇਅ ਅਧੀਨ ਪੈਂਦੇ ਪਿੰਡ ਡਮਤਾਲ ਵਿਖੇ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਜਿਸ ਦੀ ਕਿਸੇ ਵਾਹਨ ਦੀ ਲਪੇਟ 'ਚ ਆਉਣ ਨਾਲ ਮੌਤ ਹੋ ਗਈ, ਉਸ ਦੀ ਲਾਸ਼ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ, ਥਾਣਾ ਡਮਤਾਲ ਦੇ ਸਬ-ਇੰਸਪੈਕਟਰ ਰਮੇਸ਼ ਬੈਂਸ ਨੇ ਦੱਸਿਆ ਕਿ ਪੁਲਿਸ ਨੂੰ ਸੜਕ ਦੇ ਕਿਨਾਰੇ ਇਕ ਲਾਸ਼ ਪਈ ਹੋਣ ਦੀ ਸੂਚਨਾ ਮਿਲੀ, ਜਿਸ 'ਤੇ ਪੁਲਿਸ ਨੇ ਮੌਕੇ 'ਤੇ ਦੇਖਿਆ ਕਿ ਖ਼ੂਬਸੂਰਤ ਹੋਟਲ ਦੇ ਸਾਹਮਣੇ ਸੜਕ ਕਿਨਾਰੇ ਇਕ ਲਾਸ਼ ਪਈ ਹੈ, ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਸਬੂਤ ਇਕੱਠੇ ਕੀਤੇ। ਪੁਲਿਸ ਵੱਲੋਂ ਦੱਸਿਆ ਜਾ ਰਿਹਾ ਹੈ ਕਿ ਕਿਸੇ ਅਣਪਛਾਤੇ ਵਾਹਨ ਦੀ ਫੇਟ ਵੱਜਣ ਕਾਰਨ ਇਸ ਦੀ ਮੌਤ ਹੋ ਗਈ ਹੈ।

## ਸੀ.ਐੱਮ.ਸਿਟੀ ਹਰਿਆਣਾ ਕਰਨਾਲ ਵਿਖੇ ਵੀ ਲੱਗਾ ਲਾਕਡਾਊਨ

**ਕਰਨਾਲ/ਲੋਕ ਬਾਣੀ**

ਦੇਸ਼ ਅਤੇ ਹਰਿਆਣਾ ਸਮੇਤ ਸੀ.ਐੱਮ.ਸਿਟੀ ਹਰਿਆਣਾ 'ਚ ਵੱਧ ਰਹੇ ਕੋਰੋਨਾ ਮਾਮਲਿਆਂ ਨੂੰ ਮੁੱਖ ਰੱਖਦੇ ਹੋਏ ਸੀ.ਐੱਮ.ਸਿਟੀ ਹਰਿਆਣਾ ਕਰਨਾਲ ਵਿਖੇ ਵੀ ਅੱਜ ਸ਼ਾਮ ਤੋਂ ਲਾਕਡਾਊਨ ਲਗਾ ਦਿੱਤਾ ਗਿਆ। ਜਿਸ ਕਾਰਨ ਸਰਕਾਰ ਅਤੇ ਪ੍ਰਸ਼ਾਸਨ ਦੇ ਆਦੇਸ਼ਾਂ ਨੂੰ ਮੁੱਖ ਰੱਖਦੇ ਹੋਏ ਸ਼ਾਮ 6 ਵਜੇ ਬਾਜ਼ਾਰਾਂ 'ਚ ਹਫੜਾ-ਦਫੜੀ ਵਾਲਾ ਮਾਹੌਲ ਦਿਖਾਈ ਦਿੱਤਾ ਅਤੇ ਪੁਲਿਸ ਨੂੰ ਦੁਕਾਨਾਂ ਅਤੇ ਬਾਜ਼ਾਰ ਬੰਦ ਕਰਵਾਉਣ ਲਈ ਸੜਕਾਂ ਤੇ ਉੱਤਰਨਾ ਪਿਆ।

## ਪਿੰਡ ਕੈਰੋਂ ਵਿਖੇ ਮੈਡੀਕਲ ਸਟੋਰ ਦੇ ਮਾਲਕ ਦਾ ਅਣਪਛਾਤਿਆਂ ਵਲੋਂ ਗੋਲੀਆਂ ਮਾਰ ਕੇ ਹੱਤਿਆ

**ਪੱਟੀ/ਲੋਕ ਬਾਣੀ**

ਪੱਟੀ ਤੋਂ ਕੁੱਝ ਦੂਰੀ ਤੇ ਸਥਿਤ ਪਿੰਡ ਕੈਰੋਂ ਵਿਖੇ ਗੁਰੂ ਰਾਮਦਾਸ ਮੈਡੀਕਲ ਸਟੋਰ ਦੇ ਮਾਲਕ ਦਾ ਕੁੱਝ ਅਣਪਛਾਤੇ ਵਿਅਕਤੀ ਨੇ ਗੋਲੀਆਂ ਮਾਰ ਕੇ ਉਸ ਦੇ ਮੈਡੀਕਲ ਸਟੋਰ ਦੇ ਅੰਦਰ ਹੀ ਹੱਤਿਆ ਕਰ ਦਿੱਤੀ । ਪੁਲਿਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਜਾਣ ਲਈ ਸ਼ਰਧਾਲੂ ਹੁਣ 20 ਜਨਵਰੀ ਤੱਕ ਜਮ੍ਹਾ ਕਰਵਾ ਸਕਦੇ ਹਨ ਪਾਸਪੋਰਟ

**ਅੰਮ੍ਰਿਤਸਰ/ਲੋਕ ਬਾਣੀ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਮੌਕੇ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਦੀ ਯਾਤਰਾ ਲਈ ਭੇਜੇ ਜਾਣ ਵਾਲੇ ਜਥੇ ਲਈ ਸੰਗਤਾਂ ਦੇ ਪਾਸਪੋਰਟ ਜਮ੍ਹਾ ਕਰਵਾਉਣ ਦੀ ਤਾਰੀਕ ਵਿਚ ਵਾਧਾ ਕੀਤਾ ਗਿਆ ਹੈ। ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਮਹਿੰਦਰ ਸਿੰਘ ਆਹਲੀ ਨੇ ਦੱਸਿਆ ਕਿ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਮੌਕੇ ਹਰ ਸਾਲ ਦੀ ਤਰ੍ਹਾਂ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ ਸ਼੍ਰੋਮਣੀ ਕਮੇਟੀ ਵਲੋਂ ਅਪ੍ਰੈਲ ਮਹੀਨੇ ਵਿਚ ਜਥਾ ਭੇਜਿਆ ਜਾਣਾ ਹੈ। ਇਸ ਲਈ ਸ਼ਰਧਾਲੂ ਆਪਣੇ ਪਾਸਪੋਰਟ 20 ਜਨਵਰੀ 2022 ਤਾਰੀਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਮੁੱਖ ਦਫ਼ਤਰ ਵਿਖੇ ਯਾਤਰਾ ਵਿਭਾਗ 'ਚ ਭੇਜ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ 31 ਦਸੰਬਰ 2021 ਤੱਕ ਪਾਸਪੋਰਟ ਮੰਗੇ ਗਏ ਸਨ ਅਤੇ ਹੁਣ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਤਾਰੀਕ ਵਿਚ ਵਾਧਾ ਕੀਤਾ ਗਿਆ ਹੈ।

## ਮਨੀਲਾ ਵਿਖੇ 24 ਸਾਲਾ ਪੰਜਾਬੀ ਦੀ ਅਣਪਛਾਤੇ ਵਿਅਕਤੀਆਂ ਵਲੋਂ ਗੋਲੀਆਂ ਮਾਰ ਕੇ ਹੱਤਿਆ

**ਨੱਥੂਵਾਲਾ ਗਰਬੀ/ਮੋਗਾ/ਲੋਕ ਬਾਣੀ**

ਪਿੰਡ ਪੰਜਗਰਾਈਂ ਖ਼ੁਰਦ ਦੇ ਵਾਸੀ 24 ਸਾਲਾ ਨੌਜਵਾਨ ਜਗਮੀਤ ਸਿੰਘ ਪੁੱਤਰ ਬਲਬੀਰ ਸਿੰਘ ਜੱਟ ਸਿੱਖ ਦਾ ਬੀਤੇ ਕੱਲ੍ਹ ਮਨੀਲਾ ਵਿਖੇ ਅਣਪਛਾਤੇ ਵਿਅਕਤੀਆਂ ਵਲੋਂ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਦਾ ਬਹੁਤ ਹੀ ਦੁਖਦਾਇਕ ਸਮਾਚਾਰ ਮਿਲਿਆ ਹੈ। ਇਸ ਸੰਬੰਧੀ ਮ੍ਰਿਤਕ ਨੌਜਵਾਨ ਦੇ ਮਾਮਾ ਹਰਜਿੰਦਰ ਸਿੰਘ ਵਾਸੀ ਲੰਗੇਆਣਾ ਪੁਰਾਣਾ ਜ਼ਿਲ੍ਹਾ ਮੋਗਾ ਨੇ ਦੱਸਿਆ ਕਿ ਜਗਮੀਤ ਸਿੰਘ ਨੇ 18-19 ਸਾਲ ਤੱਕ ਦਾ ਬਚਪਨ ਦਾ ਸਫ਼ਰ ਆਪਣੇ ਨਾਨਕੇ ਪਿੰਡ ਲੰਗੇਆਣਾ ਪੁਰਾਣਾ ਵਿਚ ਹੀ ਗੁਜ਼ਾਰਿਆ ਸੀ ਅਤੇ 5 ਸਾਲ ਪਹਿਲਾਂ ਹੀ ਕਮਾਈ ਕਰਨ ਵਾਸਤੇ ਵਿਦੇਸ਼ਾਂ ਦੀ ਧਰਤੀ ਮਨੀਲਾ ਵਿਖੇ ਚਲਾ ਗਿਆ ਸੀ ਜੋ ਬੀਤੇ ਕੱਲ੍ਹ ਸ਼ਾਮ ਨੂੰ ਆਪਣੇ ਧੰਦੇ ਨੂੰ ਲੈ ਕੇ ਦੁਕਾਨਾਂ ਤੋਂ ਉਗਰਾਹੀ ਕਰ ਰਿਹਾ ਸੀ ਕਿ ਕੁੱਝ ਅਣਪਛਾਤੇ ਵਿਅਕਤੀਆਂ ਵਲੋਂ ਗੋਲੀਆਂ ਮਾਰ ਕੇ ਉਸ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ ਗਿਆ ਜਿਸ ਦੀ ਬਾਅਦ ਵਿਚ ਹਸਪਤਾਲ ਜਾ ਕੇ ਮੌਤ ਹੋ ਗਈ ਹੈ। ਇਸ ਘਟਨਾ ਬਾਰੇ ਉਨ੍ਹਾਂ ਨੂੰ ਮ੍ਰਿਤਕ ਦੇ ਕਿਸੇ ਨਜ਼ਦੀਕੀ ਸਾਥੀ ਵਲੋਂ ਜਾਣਕਾਰੀ ਦਿੱਤੀ ਗਈ ਹੈ। ਮ੍ਰਿਤਕ ਦੋ ਭਰਾ ਸਨ ਅਤੇ ਅਜੇ ਕੁਆਰਾ ਹੀ ਸੀ।

# 8 ਜਨਵਰੀ ਦੇ ਚੱਕਾ ਜਾਮ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ, ਪੈਨਸ਼ਨਰਾਂ ਨੇ ਪੰਜਾਬ ਸਰਕਾਰ 'ਤੇ ਧੋਖਾਬਾਜੀ ਕਰਨ ਦਾ ਲਾਇਆ ਦੋਸ਼

### ਤਨਖਾਹ ਕਮਿਸ਼ਨ ਦੀ ਰਿਪੋਰਟ ਸੋਧ ਕੇ ਲਾਗੂ ਕਰਨ ਦੀ ਮੰਗ



**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਸੋਮ ਲਾਲ ਜੀ ਦੀ ਪ੍ਰਧਾਨਗੀ ਹੇਠ ਵਿਸ਼ਵਕਰਮਾ ਮੰਦਰ ਰਾਹੋਂ ਰੋਡ ਨਵਾਂ ਸ਼ਹਿਰ ਵਿਖੇ ਹੋਈ। ਜਿਸ ਵਿੱਚ ਜੀਤ ਲਾਲ ਜੀ ਗੋਹਲੜੋਂ, ਸੁੱਚਾ ਰਾਮ ਰਿਟਾਇਰਡ ਬੀਪੀਈਓ, ਕਰਨੈਲ ਸਿੰਘ ਰਾਹੋਂ ਰਿਟਾਇਰਡ ਬੀਪੀਈਓ, ਹਰਮੇਸ਼ ਸਿੰਘ ਰਾਣੇਵਾਲ, ਰਾਮ ਪਾਲ ਕਨੌਣ, ਅਸ਼ੋਕ ਕੁਮਾਰ ਵਿੱਤ ਸਕੱਤਰ ਨੇ ਆਪਣੇ ਵਿਚਾਰ ਰੱਖੇ। ਬੁਲਾਰਿਆਂ ਨੇ ਸਰਕਾਰ ਵੱਲੋਂ ਪੇ ਕਮਿਸ਼ਨ ਦੀ ਰਿਪੋਰਟ ਸੋਧ ਕੇ ਲਾਗੂ ਨਾ ਕਰਨ ਨੂੰ ਸਰਕਾਰ ਵਲੋਂ ਮੁਲਾਜਮਾਂ ਅਤੇ ਪੈਨਸ਼ਨਰਾਂ ਨਾਲ ਧੋਖਾ ਕਰਾਰ ਦਿੱਤਾ। ਸਰਕਾਰ ਵੱਲੋਂ ਜਨਵਰੀ 2016 ਨੂੰ 125% ਬਣਦੇ ਮਹਿੰਗਾਈ ਭੱਤੇ ਦੀ ਥਾਂ 113% ਮਹਿੰਗਾਈ ਭੱਤਾ ਜੋੜ ਕੇ ਅਤੇ ਅੰਤ੍ਰਿਮ ਰਾਹਤ ਦੇ ਦਿੱਤੀ ਇੱਕੋ ਇੱਕ ਕਿਸ਼ਤ ਤੋਂ ਬਿਨਾਂ ਤਨਖਾਹ ਅਤੇ ਪੈਨਸ਼ਨ ਦੁਹਰਾਈ ਕਰਕੇ ਡੰਗ ਟਪਾਇਆ ਜਾ ਰਿਹਾ ਹੈ। ਕੇਂਦਰੀ ਪੈਟਰਨ ਤੇ ਨਾ ਡੀਏ ਦਿੱਤਾ ਜਾ ਰਿਹਾ ਹੈ, ਨਾ ਹੀ ਡੀਏ ਦੇ ਬਕਾਏ ਦਿੱਤੇ ਜਾ ਰਹੇ ਹਨ। 20 ਸਾਲ ਦੀ ਸੇਵਾ ਕਰਨ ਵਾਲੇ ਮੁਲਾਜਮਾਂ ਨੂੰ ਪੂਰੀ ਪੈਨਸ਼ਨ ਦਾ ਲਾਭ ਵੀ ਨਹੀਂ ਦਿੱਤਾ ਜਾ ਰਿਹਾ।ਪੈਨਸ਼ਨਰਜ਼ ਨੂੰ ਤਨਖਾਹ ਕਮਿਸ਼ਨ ਤੋਂ ਬਹੁਤ ਆਸ ਹੁੰਦੀ ਹੈ ਕਿ ਲਗਾਤਾਰ ਵਧ ਰਹੀ ਮਹਿੰਗਾਈ ਦੇ ਦੌਰ ਵਿਚ ਉਨ੍ਹਾਂ ਦੀਆਂ ਪੈਨਸ਼ਨਾਂ ਵਿੱਚ ਬਣਦਾ ਵਾਧਾ ਹੋਵੇਗਾ। ਪਰ ਸਰਕਾਰ ਨੇ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦੇ ਉਲਟ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੁਝ ਦੇਣ ਦੀ ਬਜਾਏ ਉਨ੍ਹਾਂ ਨੂੰ ਮਿਲਦੀਆਂ ਸਹੂਲਤਾਂ ਖੋਹਣ ਦਾ ਉਪਰਾਲਾ ਹੀ ਜਾਰੀ ਰੱਖਿਆ ਹੋਇਆ ਹੈ। ਜਿਸ ਨਾਲ ਪੈਨਸ਼ਨਰਾਂ ਨੂੰ ਆਪਣੇ ਬੁਢਾਪੇ ਵਿਚ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਰਕਾਰ ਨਾਲ ਵਾਰ ਵਾਰ ਕੀਤੀਆਂ ਮੀਟਿੰਗਾਂ ਵਿੱਚ ਬਣੀ ਸਹਿਮਤੀ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ ਅਤੇ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਅਨੇਕਾਂ ਮੰਗਾਂ ਮੰਨਣ ਤੋਂ ਆਨਾਕਾਨੀ ਕੀਤੀ ਜਾ ਰਹੀ ਹੈ। ਜਿਸ ਨਾਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਬੇਹੱਦ ਗੁੱਸਾ ਪਾਇਆ ਜਾ ਰਿਹਾ ਹੈ।ਆਗੂਆਂ ਆਖਿਆ ਕਿ ਸਰਕਾਰ ਦੀ ਇਸ ਬੇਰੁਖ਼ੀ ਦੇ ਖ਼ਿਲਾਫ਼ ਪੰਜਾਬ-ਯੂ. ਟੀ. ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ 8 ਜਨਵਰੀ ਨੂੰ ਲੁਧਿਆਣਾ ਜਲੰਧਰ ਨੈਸ਼ਨਲ ਹਾਈਵੇ ਤੇ ਲਾਢੋਵਾਲ ਟੋਲ ਪਲਾਜ਼ੇ ਤੇ ਕੀਤੇ ਜਾ ਰਹੇ ਚੱਕਾ ਜਾਮ ਵਿਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿਚ ਅਵਤਾਰ ਸਿੰਘ ਛੋਕਰਾਂ, ਰਾਮ ਮਿੱਤਰ ਕੋਹਲੀ, ਰਾਮ ਸਿੰਘ, ਅਵਤਾਰ ਸਿੰਘ, ਰੂਪ ਲਾਲ, ਜਰਨੈਲ ਸਿੰਘ, ਭਾਗ ਸਿੰਘ, ਕੇਵਲ ਕ੍ਰਿਸ਼ਨ, ਰਣਜੀਤ ਸਿੰਘ, ਸੰਤੋਖ ਸਿੰਘ, ਰੇਸ਼ਮ ਲਾਲ, ਗੁਰਦਿਆਲ ਸਿੰਘ, ਮਲਕੀਤ ਸਿੰਘ, ਕੇਵਲ ਰਾਮ ਆਦਿ ਹਾਜ਼ਰ ਸਨ।

# ਕਿਸਾਨੀ ਸੰਘਰਸ ਵਿਚ ਵਡਮੁੱਲਾ ਯੋਗਦਾਨ ਪਾਉਣ ਤੇ ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਨਵਾਂਸ਼ਹਿਰ ਨੂੰ ਕੀਤਾ ਗਿਆ ਸਨਮਾਨਿਤ



**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਪਿੰਡ ਬੱਲੋਵਾਲ ਸ਼੍ਰੀ ਨਾਭ ਕੰਵਲ ਰਾਜਾ ਸਾਹਿਬ ਗੁਰਦੁਆਰਾ ਵਿਖੇ ਕਿਸਾਨੀ ਸੰਘਰਸ਼ ਦੀ ਜਿੱਤ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਸੰਸਥਾਵਾਂ, ਕਮੇਟੀਆਂ ਨੂੰ ਸਨਮਾਨਿਤ ਕਰਨ ਲਈ ਵਿਸ਼ੇਸ਼ ਉਪਰਾਲਾ ਸ ਸੁਖਦੀਪ ਸਿੰਘ ਵੱਲੋਂ ਕੀਤਾ ਗਿਆ ਜਿਸ ਤਹਿਤ ਅਕਾਲ ਪੁਰਖ ਦਾ ਸ਼ੁਕਰਾਨਾ ਕਰਦਿਆਂ ਸ਼੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਅਤੇ ਢਾਡੀ ਜੱਥਿਆਂ ਨੇ ਸਿੱਖ ਕੌਮ ਦਾ ਗੌਰਵਮਈ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ । ਇਸ ਮੌਕੇ ਕਿਸਾਨੀ ਸੰਘਰਸ ਵਿਚ ਵਡਮੁੱਲਾ ਯੋਗਦਾਨ ਪਾਉਣ ਤੇ ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਨਵਾਂਸ਼ਹਿਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਹਨਾਂ ਦੱਸਿਆ ਕਿ ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਨਵਾਂਸ਼ਹਿਰ ਦੇ ਮੁੱਖ ਮੈਂਬਰ ਸ ਸੁਖਵਿੰਦਰ ਸਿੰਘ ਥਾਂਦੀ, ਅਮਰਜੀਤ ਸਿੰਘ ਖਾਲਸਾ, ਸੁਰਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਆਦਿ ਵੱਲੋਂ ਸੰਘਰਸ ਦੇ ਪਹਿਲੇ ਦਿਨ ਤੋਂ ਹੀ ਦਵਾਈਆਂ ਦੇ ਲੰਗਰਾਂ ਦੀ ਨਿਸ਼ਕਾਮ ਸੇਵਾ ਲਗਾਤਾਰ ਕੀਤੀ ਜਾਂਦੀ ਰਹੀ ਜੋ ਕਿ ਸੰਘਰਸ਼ ਦੇ ਅਖੀਰ ਤੱਕ ਬਿਨਾਂ ਰੁਕਾਵਟ ਜਾਰੀ ਰਹੀ। ਇਸ ਮੌਕੇ ਸੁਸਾਇਟੀ ਪ੍ਰਧਾਨ ਸ ਸੁਖਵਿੰਦਰ ਸਿੰਘ ਥਾਂਦੀ ਨੇ ਕਿਹਾ ਕਿ ਕਿਸਾਨੀ ਸੰਘਰਸ਼ ਦੀ ਜਿੱਤ ਦਾ ਸਿਹਰਾ ਕਿਸਾਨ ਭਰਾਵਾਂ ਦੇ ਮਿਹਨਤ, ਸਬਰ ਅਤੇ ਦਰਿੜ ਨਿਸ਼ਚੇ ਨੂੰ ਜਾਂਦਾ ਹੈ। ਸੁਸਾਇਟੀ ਪ੍ਰਧਾਨ ਸ ਸੁਖਵਿੰਦਰ ਸਿੰਘ ਥਾਂਦੀ ਅਤੇ ਅਮਰਜੀਤ ਸਿੰਘ ਖਾਲਸਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਸਿੰਘੂ ਬਾਰਡਰ ਦਿੱਲੀ ਵਿਖੇ ਕਿਸਾਨ ਭਰਾਵਾਂ ਲਈ ਦਵਾਈਆਂ ਦੀ ਸੇਵਾ ਕਿਸਾਨ ਮੋਰਚੇ ਦੇ ਪਹਿਲੇ ਦਿਨ ਤੋਂ ਕੀਤੀ ਜਾ ਰਹੀ ਹੈ। ਜੋ ਪਹਿਲਾਂ ਖੁੱਲ੍ਹੇ ਪੰਡਾਲ ਲਗਾ ਕੇ ਕੀਤੀ ਜਾਂਦੀ ਰਹੀ, ਉਸ ਤੋਂ ਬਾਅਦ ਟਰਾਲੀ - ਟਰਾਲੀ ਜਾ ਕੇ ਵੀ ਕੀਤੀ ਜਾਂਦੀ ਰਹੀ ਜੋ ਬਾਅਦ ਵਿੱਚ ਲਾਈਫ ਕੇਅਰ ਫਾਊਂਡੇਸ਼ਨ ਡੇਰਾ-ਬੱਸੀ ਵੱਲੋਂ ਅਵਤਾਰ ਸਿੰਘ ਬੈਨੀਪਾਲ ਦੀ ਮਿਹਨਤ ਸਦਕਾ ਬਣਾਏ ਗਏ ਕਿਸਾਨ ਮਜਦੂਰ ਏਕਤਾ ਹਸਪਤਾਲ ਵਿਖੇ ਦਵਾਈਆਂ ਦੀ ਸੇਵਾ ਲਗਾਤਾਰ ਜਾਂਦੀ ਰਹੀ ਜੋ ਕਿ ਮੋਰਚੇ ਦੀ ਪੂਰੀ ਤਰ੍ਹਾਂ ਸਮਾਪਤੀ ਤੱਕ ਲਗਾਤਾਰ ਜਾਰੀ ਰਹੀ । ਉਹਨਾਂ ਦੱਸਿਆ ਕਿਸਾਨ ਮਜਦੂਰ ਏਕਤਾ ਹਸਪਤਾਲ ਵਿਖੇ ਮਰੀਜ਼ਾਂ ਲਈ ਬੈੱਡਾ ਦਾ ਪ੍ਰਬੰਧ, 24 ਘੰਟੇ ਐਮਰਜੰਸੀ ਸੇਵਾਵਾਂ, ਫੀਜੀਓ-ਥੈਰੇਪੀ, ਖ਼ੂਨ ਜਾਂਚ -ਟੈਸਟ, ਦਵਾਈਆਂ ਆਦਿ ਸੇਵਾਵਾਂ ਮੁਫ਼ਤ ਦਿੱਤੀਆਂ ਜਾਂਦੀਆਂ ਰਹੀਆਂ ਜਿਨ੍ਹਾਂ ਲਈ ਡਾਕਟਰਾਂ ਅਤੇ ਨਰਸਾਂ ਦੀ ਬਹੁਤ ਵੱਡੀ ਟੀਮ ਸੇਵਾ ਵਿੱਚ ਲੱਗੀ ਰਹੀ ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪੰਚਾਇਤ ਮੈਂਬਰਾਂ ਵੱਲੋਂ ਸੁਸਾਇਟੀ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸੁਸਾਇਟੀ ਦਾ ਧੰਨਵਾਦ ਕੀਤਾ ।ਇਸ ਮੌਕੇ ਸੁਖਵਿੰਦਰ ਸਿੰਘ ਥਾਂਦੀ, ਅਮਰਜੀਤ ਸਿੰਘ ਖਾਲਸਾ, ਚਰਨਜੀਤ ਸਿੰਘ ਮੁਬਾਰਕਪੁਰ, ਗੁਰਪ੍ਰੀਤ ਸਿੰਘ ਸਾਹਲੋਂ, ਹਰਮੀਤ ਸਿੰਘ ਕਾਦੀਆਂ, ਸੁਰਜੀਤ ਸਿੰਘ, ਜਸਵਿੰਦਰ ਸਿੰਘ, ਮੱਖਣ ਸਿੰਘ, ਗਾਇਕ ਗੁਰਵਿੰਦਰ ਬੱਲੋਵਾਲ, ਮੁਖਤਿਆਰ ਸਿੰਘ, ਮਨਜਿੰਦਰ ਸਿੰਘ, ਰਾਜਵਿੰਦਰ ਕੌਰ, ਹਰਲੀਨ ਕੌਰ, ਜਸਮੀਨ ਕੌਰ ਆਦਿ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦਫਤਰ ਗੁਰਦਾਸਪੁਰ ਵਿਖੇ ਅੱਜ 7 ਜਨਵਰੀ ਨੂੰ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਕੈਂਪ ਲੱਗੇਗਾ




**ਗੁਰਦਾਸਪੁਰ-ਨਵਨੀਤ ਕੁਮਾਰ**

ਪੰਜਾਬ ਸਰਕਾਰ ਵੱਲੋ ਕੋਵਿਡ-19 ਮਹਾਂਮਾਰੀ ਨੂੰ ਰੋਕਣ ਲਈ ਦਿੱਤੀਆ ਗਈਆਂ ਹਦਾਇਤਾ ਤਹਿਤ ਮਿਸ਼ਨ ਘਰ ਘਰ ਰੋਜਗਾਰ ਸਕੀਮ ਤਹਿਤ ਕੱਲ੍ਹ 7 ਜਨਵਰੀ 2022 ਨੂੰ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਕਮਰਾ ਨੂੰ 217 ਬੀ ਬਲਾਕ ਡੀ ਏ. ਸੀ ਕੰਪਲੈਕਸ ਗੁਰਦਾਸਪੁਰ ਵਿਖੇ ਰੋਜਗਾਰ /ਸਵੈ-ਰੋਜਗਾਰ ਕੈਪ ਲਗਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਪੇਅਟੀਐਮ ਜਸਟ ਡਾਇਲ ਜੀਓ ਕੰਪਨੀਆਂ ਵੱਲੋ ਸਮੂਲੀਅਤ ਕੀਤੀ ਜਾਵੇਗੀ ਅਤੇ ਕੰਪਨੀਆਂ ਵੱਲੋ ਸੋਸ਼ਲ ਮੀਡੀਆ ਮਾਰਕੀਟਿੰਗ , ਈ ਓ ਟੈਲਕਾਲਰ ਆਫਿਕ ਕੁਅਰਡੀਨੇਟਰ , ਬਿਜਨਸ ਡਿਵਲਪਮੈਟ ਮੈਨੇਜਰ , ਸੇਲਜ ਐਗਜੈਕਟਿਵ ਮਾਰਕੀਟਿੰਗ ਐਗਜੈਕਟਿਵ ,ਸੀ ਐਨ ਸੀ /ਵੀ ਐਮ ਸੀ ਅਪਰੇਟਰ ਅਤੇ ਕੰਪਿਊਟਰ ਅਪਰੇਟਰ ਦੀ ਅਸਾਮੀ ਲਈ ਮੌਕੇ ਤੇ ਇੰਟਰਵਿਊ ਲਈ ਜਾਵੇਗੀ ਅਤੇ ਸਵੈ ਰੋਜਗਾਰ ਕਰਨ ਦੇ ਚਾਹਵਾਨ ਪ੍ਰਾਰਥੀ ਜਿਹੜੇ ਲੋਨ ਲੈ ਕੇ ਆਪਣਾ ਕੰਮ ਸੁਰੂ ਕਰਨ ਦੇ ਚਾਹਵਾਨ ਹਨ ਮੇਲੇ ਵਿੱਚ ਸਾਮਲ ਹੋ ਸਕਦੇ । ਸ੍ਰੀ ਪਰਸੋਤਮ ਸਿੰਘ , ਜਿਲ੍ਹਾ ਰੋਜਗਾਰ ਅਫਸਰ ਨੇ ਜਾਣਕਾਰੀ ਦਿੰਦਿਆ ਹੈ ਕਿ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋ ਲਗਾਏ ਜਾਣ ਵਾਲੇ ਪਲੇਸਮੈਂਟ ਕੈਪ ਵਿੱਚ 10 ਵੀ ਅਤੇ 12 ਵੀ ਅਤੇ ਗਰੈਜੂਏਸ਼ਨ ਪਾਸ ਪ੍ਰਾਰਥੀ ਮਿਤੀ 7 ਜਨਵਰੀ 2022 ਨੂੰ ਸਵੇਰੇ 9-00 ਵਜੇ ਮੇਲੇ ਲੇ ਸਥਾਨ ਤੇ ਸਮੇ ਸਿਰ ਸਾਮਲ ਹੋਣ ।ਕੰਪਨੀਆਂ ਦੇ ਨੁਮਾਇੰਦਿਆ ਵੱਲੋ ਦੱਸਿਆ ਗਿਆ ਹੈ ਕਿ ਰੋਜਗਾਰ ਮੇਲੇ ਮੇਲੇ ਵਿੱਚ ਸਾਮਲ ਹੋਣ ਵਾਲੇ ਪ੍ਰਾਰਥੀਆਂ ਨੂੰ 10000 -12000 ਰੁਪਏ ਤੱਕ ਤਨਖਾਹ ਮੁਹੱਈਆਂ ਕਰਵਾਈ ਜਾਵੇਗੀ ।ਪਲੇਸਮੈਂਟ ਕੈਪ ਦੌਰਾਨ ਮੌਕੇ ਤੇ ਚੁਣੇ ਗਏ ਪ੍ਰਾਰਥੀਆਂ ਨੂੰ ਆਫਰ ਲੈਟਰ ਵੀ ਵੰਡੇ ਜਾਣਗੇ ਉਨ੍ਹਾਂ ਦੱਸਿਆ ਕਿ ਜਿਹੜੇ ਨੌਜਵਾਨ ਪ੍ਰਾਰਥੀ ਆਪਣਾ ਸਵੈ-ਰੋਜਗਾਰ ਦਾ ਕੰਮ ਸੁਰੂ ਕਰਨਾ ਚਾਹੁੰਦੇ ਹਨ , ਉਹ ਪ੍ਰਾਰਥੀ ਪ੍ਰਧਾਨ ਮੰਤਰੀ ਮੁਦਰਾ ਸਕੀਮ , ਪਧਾਨ ਮੰਤਰੀ ਰੋਜਗਾਰ ਜਨਰੇਸ਼ਨ ਪ੍ਰੋਗਰਾਮ ਅਤੇ ਸਟੈਡ ਅਪ ਇੰਡੀਆ , ਪਸ਼ੂ ਪਾਲਣ , ਮੱਛੀ ਪਾਲਣ ਅਤੇ ਪਿੰਡਾਂ ਦੇ ਵਿੱਚ ਸੈਲਫ ਹੇਲਪ ਗਰੁੱਪਾਂ ਦੇ ਤਹਿਤ ਆਪਣਾ ਸਵੈ ਰੋਜਗਾਰ ਕਰਨ ਦੇ ਲਈ ਲੋਨ ਫਾਰਮ ਭਰ ਸਕਦੇ ਹਨ । ਜਿਹੜੇ ਪ੍ਰਾਰਥੀ ਲੋਨ ਲੈ ਕੇ ਸਵੈ ਰੋਜਗਾਰ ਕਰਨ ਦੇ ਚਾਹਵਾਨ ਹਨ ।ਇਹ ਸਾਰੇ ਪ੍ਰਾਰਥੀ ਜਿੰਨ੍ਹਾ ਦੀ ਉਮਰ 18 ਸਾਲ 65 ਸਾਲ ਤੱਕ ਹੈ ਸਵੈ ਰੋਜਗਾਰ ਕੈਪ ਦੇ ਵਿੱਚ ਸਾਮਲ ਹੋ ਕੇ ਲਾਭ ਉਠਾ ਸਕਦੇ ਹਨ ਅਤੇ ਆਪਣਾ ਸਵੈ ਰੋਜਗਾਰ ਦਾ ਕੰਮ ਸੁਰੂ ਕਰ ਸਕਦੇ ਹਨ ।

# ਸਹੀਦ ਭਗਤ ਸਿੰਘ ਨਗਰ ਜਿਲ੍ਹੇ ਵਿੱਚ ਹੁਣ 4.95 ਲੱਖ ਵੋਟਰ, 7722 ਨਵੇਂ ਵੋਟਰ ਸ਼ਾਮਲ



- ਏ ਡੀ ਸੀ ਨੇ ਅੰਤਿਮ ਵੋਟਰ ਸੂਚੀ ਸਿਆਸੀ ਪਾਰਟੀਆਂ ਨੂੰ ਸੌਂਪੀ
- ਵੋਟਰ ਸੂਚੀ ਭਾਰਤੀ ਚੋਣ ਕਮਿਸਨ ਅਤੇ ਮੁੱਖ ਚੋਣ ਅਫਸਰ ਪੰਜਾਬ ਦੀ ਵੈੱਬਸਾਈਟ 'ਤੇ ਉਪਲਬਧ

**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਜਿਲਾ ਪ੍ਰਸਾਸਨ ਵੱਲੋਂ ਜਾਰੀ ਅੰਤਿਮ ਵੋਟਰ ਸੂਚੀ ਅਨੁਸਾਰ ਸਹੀਦ ਭਗਤ ਸਿੰਘ ਨਗਰ ਜਲ਼ਿ੍ਹੇ ਵਿੱਚ ਹੁਣ ਕੁੱਲ 4,95,257 ਵੋਟਰ ਹੋਣਗੇ। ਇਸ ਵਿੱਚ ਪਹਿਲੀ ਨਵੰਬਰ, 2021 ਤੋਂ ਸੁਰੂ ਹੋਈ ਵੋਟਰ ਸੂਚੀਆਂ ਦੀ ਸੁਧਾਈ ਦੌਰਾਨ ਕੁੱਲ 7722 ਨਵੇਂ ਵੋਟਰ ਸਾਮਲ ਕੀਤੇ ਗਏ ਹਨ। ਅਗਾਮੀ ਵਿਧਾਨ ਸਭਾ ਚੋਣਾਂ ਲਈ ਵੱਖ-ਵੱਖ ਸਿਆਸੀ ਆਗੂਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਸੌਂਪਦੇ ਹੋਏ ਵਧੀਕ ਜਲ਼ਿ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸਨਰ (ਜ) ਜਸਬੀਰ ਸਿੰਘ ਨੇ ਦੱਸਿਆ 1 ਨਵੰਬਰ, 2021 ਨੂੰ ਪ੍ਰਕਾਸਤਿ ਨਵੀਂ ਵੋਟਰ ਸੂਚੀ 'ਚ ਪਿਛਲੀ ਵੋਟਰ ਸੂਚੀ ਦੇ ਮੁਕਾਬਲੇ ਕੁੱਲ 7722 ਵੋਟਰਾਂ ਦਾ ਵਾਧਾ ਹੋਇਆ ਹੈ, ਜਿਨ੍ਹਾਂ ਵਿੱਚ 3786 ਮਰਦ, 3934 ਮਹਿਲਾ ਅਤੇ ਦੋ ਤੀਸਰੇ ਲਿੰਗ ਨਾਲ ਸਬੰਧਤ ਵੋਟਰ ਸਾਮਲ ਹਨ।ਉਨ੍ਹਾਂ ਦੱਸਿਆ ਕਿ 1 ਨਵੰਬਰ, 2021 ਦੀ ਵਿਸੇਸ ਸਰਸਰੀ ਸੁਧਾਈ ਤੋਂ ਪਹਿਲਾਂ ਜਲ਼ਿ੍ਹੇ ਵਿੱਚ ਕੁੱਲ 4,87,535 ਵੋਟਰ ਸਨ ਜਿਨ੍ਹਾਂ ਵਿੱਚ 2,51,907 ਮਰਦ, 2,35,608 ਔਰਤਾਂ ਅਤੇ 20 ਤੀਜੇ ਲਿੰਗ ਦੇ ਵੋਟਰ ਸਨ ਅਤੇ ਹੁਣ ਇਸ ਵਿੱਚ 2,55,693 ਮਰਦ, 2,39,542 ਔਰਤਾਂ ਅਤੇ 22 ਤੀਸਰੇ ਲਿੰਗ ਨਾਲ ਸਬੰਧਤ ਵੋਟਰ ਹਨ। ਵਧੀਕ ਡਿਪਟੀ ਕਮਿਸਨਰ ਨੇ ਦੱਸਿਆ ਕਿ ਵੋਟਰ ਸੂਚੀ ਦੀ ਵਿਸੇਸ ਸੰਖੇਪ ਸੁਧਾਈ ਦੌਰਾਨ ਸੰਭਾਵੀ ਵੋਟਰਾਂ ਨੂੰ ਜਾਗਰੂਕ ਕਰਨ ਲਈ ਵੈਨਾਂ, ਰੈਲੀਆਂ, ਸੈਮੀਨਾਰਾਂ ਸਮੇਤ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ ਅਤੇ ਮੁਕਾਬਲੇ ਕਰਵਾਏ ਗਏ।ਉਨ੍ਹਾਂ ਕਿਹਾ ਕਿ ਇਹ ਵਾਧਾ ਲੋਕਤੰਤਰੀ ਪ੍ਰਕਿਰਿਆ ਨੂੰ ਮਜਬੂਤ ਕਰਨ ਲਈ ਇੱਕ ਕਦਮ ਹੈ ਤਾਂ ਜੋ ਕੋਈ ਵੀ ਯੋਗ ਵੋਟਰ ਪਿੱਛੇ ਨਾ ਰਹਿ ਜਾਵੇ। ਉਨ੍ਹਾਂ ਦੱਸਿਆ ਕਿ ਵਿਸੇਸ ਸਰਸਰੀ ਸੁਧਾਈ 2022 ਦਾ ਮੁੱਖ ਉਦੇਸ 1 ਜਨਵਰੀ 2022 ਦੀ ਯੋਗਤਾ ਮਿਤੀ ਤੋਂ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਲੋਕਾਂ ਦੀ ਮਤਦਾਤਾ ਵਜੋਂ ਰਜਿਸਟ੍ਰੇਸਨ ਨੂੰ ਯਕੀਨੀ ਬਣਾਉਣਾ ਅਤੇ ਵੋਟਰ ਸੂਚੀਆਂ 'ਚ ਦਰੁਸਤੀ ਦੇ ਮੌਕੇ ਪ੍ਰਦਾਨ ਕਰਨਾ ਸੀ। ਉਨ੍ਹਾਂ ਅੱਗੇ ਕਿਹਾ ਕਿ ਕੋਈ ਵੀ ਵਿਅਕਤੀ ਭਾਰਤੀ ਚੋਣ ਕਮਿਸਨ ਅਤੇ ਮੁੱਖ ਚੋਣ ਅਫਸਰ ਪੰਜਾਬ ਦੀਆਂ ਸਾਈਟਾਂ ... ਅਤੇ ... 'ਤੇ ਵੀ ਵੋਟਰ ਸੂਚੀ ਦੀ ਜਾਂਚ ਕਰ ਸਕਦਾ ਹੈ।ਉਨ੍ਹਾਂ ਹੋਰ ਕਿਹਾ ਕਿ ਇਹ ਅੰਤਿਮ ਵੋਟਰ ਸੂਚੀ ਹੈ ਪਰ ਚੋਣਾਂ ਦੌਰਾਨ ਉਮੀਦਵਾਰ ਵੱਲੋਂ ਨਾਮਜਦਗੀ ਭਰਨ ਤੋਂ ਇੱਕ ਹਫਤਾ ਪਹਿਲਾਂ ਤੱਕ ਅਪਡੇਟ ਕਰਨ ਦੀ ਪ੍ਰਕਿਰਿਆ ਜਾਰੀ ਰਹੇਗੀ ਅਤੇ ਕੋਈ ਵੀ ਵਿਅਕਤੀ ਉਸ ਸਮੇਂ ਤੱਕ ਆਨਲਾਈਨ ਜਾਂ ਆਫਲਾਈਨ ਤਰੀਕਿਆਂ ਰਾਹੀਂ ਆਪਣੀ ਵੋਟ ਬਣਾ ਸਕਦਾ ਹੈ।ਇਸ ਮੌਕੇ ਸੀ.ਪੀ.ਆਈ ਤੋਂ ਮੁਕੰਦ ਲਾਲ, ਅਕਾਲੀ ਦਲ ਤੋਂ ਨਰਿੰਦਰ ਸਿੰਘ, ਆਪ ਤੋਂ ਤੇਜਿੰਦਰ ਪਾਲ ਸਿੰਘ, ਇੰਡੀਅਨ ਨੈਸਨਲ ਕਾਂਗਰਸ ਤੋਂ ਅਭਿਸੇਕ ਜੈਨ ਅਤੇ ਬਸਪਾ ਤੋਂ ਸਰਬਜੀਤ ਜਾਫਰਪੁਰ ਹਾਜਰ ਸਨ।

# ਸੂਬੇ ਦੀਆਂ ਵਿੱਦਿਅਕ ਸੰਸਥਾਵਾਂ ਵਿੱਚ ਭਾਸ਼ਾ ਮੰਚ ਸਥਾਪਿਤ ਕਰਨਾ ਇਕ ਸ਼ਾਨਦਾਰ ਪਹਿਲਕਦਮੀ : ਜ਼ਿਲ੍ਹਾ ਭਾਸ਼ਾ ਅਫ਼ਸਰ ਡਾ ਸੰਦੀਪ ਸ਼ਰਮਾ

**ਲੁਧਿਆਣਾ/ਲੋਕ ਬਾਣੀ**



ਸ੍ਰ. ਪ੍ਰਗਟ ਸਿੰਘ, ਕੈਬਨਿਟ ਮੰਤਰੀ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਦੀ ਅਗਵਾਈ ਵਿੱਚ ਮਾਣਯੋਗ ਸਕੱਤਰ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਸ੍ਰੀ ਕ੍ਰਿਸ਼ਨ ਕੁਮਾਰ ਵੱਲੋਂ ਸੂਬੇ ਦੀਆਂ ਵਿੱਦਿਅਕ ਸੰਸਥਾਵਾਂ ਵਿੱਚ ਭਾਸ਼ਾ ਮੰਚ ਸਥਾਪਤ ਕਰਨ ਸਬੰਧੀ ਆਦੇਸ਼ ਜਾਰੀ ਕੀਤੇ ਗਏ ਹਨ ਕਿ ਪਿਛਲੇ ਕੁਝ ਸਮੇਂ ਤੋਂ ਸਾਹਿਤਕਾਰਾਂ, ਵਿਦਵਾਨਾਂ ਅਤੇ ਅਦਾਰਿਆਂ ਦੇ ਮੁਖੀਆਂ ਵੱਲੋਂ ਇਸ ਗੱਲ ਦੀ ਮੰਗ ਕੀਤੀ ਜਾ ਰਹੀ ਸੀ ਕਿ ਸਕੂਲਾਂ ਅਤੇ ਕਾਲਜਾਂ ਅੰਦਰ ਵਿਦਿਆਰਥੀਆਂ ਨੂੰ ਪੰਜਾਬੀ ਮਾਂ-ਬੋਲੀ, ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨ ਦੀ ਬਹੁਤ ਲੋੜ ਹੈ। ਇਸ ਲੋੜ ਨੂੰ ਮਹਿਸੂਸ ਕਰਦਿਆਂ ਹੀ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵੱਲੋਂ ਸੂਬੇ ਭਰ ਦੀਆਂ ਵਿੱਦਿਅਕ ਸੰਸਥਾਵਾਂ ਅੰਦਰ ਭਾਸ਼ਾ ਦੀ ਪ੍ਰਫੁੱਲਤਾ ਲਈ ਭਾਸ਼ਾ ਮੰਚ ਸਥਾਪਤ ਕਰਨ ਦੇ ਆਦੇਸ਼ ਜਾਰੀ ਗਏ ਹਨ। ਇਹ ਭਾਸ਼ਾ ਮੰਚ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਆਪਣੀ ਪੱਧਰ ਤੇ ਭਾਸ਼ਾ ਵਿਭਾਗ ਪੰਜਾਬ ਨਾਲ ਮਿਲ ਕੇ ਕੰਮ ਕਰਨਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ ਡਾ। ਸੰਦੀਪ ਸ਼ਰਮਾ ਨੇ ਦੱਸਿਆ ਕਿ ਸੂਬੇ ਦੀਆਂ ਵਿੱਦਿਅਕ ਸੰਸਥਾਵਾਂ ਵਿੱਚ ਇਸ ਤਰ੍ਹਾਂ ਦੇ ਭਾਸ਼ਾ ਮੰਚ ਸਥਾਪਿਤ ਕਰਨਾ ਇਕ ਸ਼ਾਨਦਾਰ ਪਹਿਲਕਦਮੀ ਹੈ। ਜੇਕਰ ਅਸੀਂ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਸਫ਼ਲ ਹੋ ਗਏ ਤਾਂ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦਾ ਭਵਿੱਖ ਸ਼ਨਾਦਾਰ ਹੋਵੇਗਾ। ਉਹਨਾ ਕਿਹਾ ਕਿ ਇਹ ਭਾਸ਼ਾ ਮੰਚ ਜਲਦ ਹੀ ਹੋਂਦ ਵਿੱਚ ਆ ਕੇ ਆਪਣਾ ਕੰਮ ਸ਼ੁਰੂ ਕਰ ਦੇਣਗੇ।

ਜ਼ਿਲ੍ਹਾ ਖੋਜ ਅਫ਼ਸਰ, ਭਾਸ਼ਾ ਵਿਭਾਗ ਲੁਧਿਆਣਾ ਸ੍ਰੀ ਸੰਦੀਪ ਸਿੰਘ ਨੇ ਕਿਹਾ ਕਿ ਸਕੱਤਰ ਵੱਲੋਂ ਲਏ ਗਏ ਇਸ ਸ਼ਾਨਦਾਰ ਫ਼ੈਸਲੇ ਦਾ ਸਵਾਗਤ ਕਰਨਾ ਬਣਦਾ ਹੈ। ਵਿਦਿਆਰਥੀ ਹੀ ਸਾਡੇ ਸੱਭਿਆਚਾਰ, ਭਾਸ਼ਾ, ਸਾਹਿਤ ਅਤੇ ਕੌਮ ਦੀ ਨੀਂਹ ਹਨ। ਜੇਕਰ ਅਸੀ ਨੀਂਹਾਂ ਮਜ਼ਬੂਤ ਕਰ ਲਈਆਂ ਤਾਂ ਅਸੀਂ ਕਾਮਯਾਬ ਹੋ ਜਾਵਾਂਗੇ। ਅਸੀਂ ਆਸ ਕਰਦੇ ਹਾਂ ਕਿ ਸਾਰੀਆਂ ਵਿੱਦਿਅਕ ਸੰਸਥਾਵਾਂ ਜਲਦ ਤੋਂ ਜਲਦ ਇਨ੍ਹਾਂ ਭਾਸ਼ਾ ਮੰਚਾਂ ਦੀ ਸਥਾਪਨਾ ਕਰਕੇ ਆਪਣਾ ਕੰਮ ਸ਼ੁਰੂ ਕਰ ਦੇਣਗੀਆਂ।

ਵੱਖ-ਵੱਖ ਲੇਖਕ ਜਥੇਬੰਦੀਆਂ, ਬੁੱਧੀਜੀਵੀਆਂ, ਲੇਖਕਾਂ, ਚਿੰਤਕਾਂ ਅਤੇ ਸਕੂਲੋਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਮਾਤ-ਭਾਸ਼ਾ ਪੰਜਾਬੀ ਦੀ ਪ੍ਰਫੁੱਲਤਾ ਲਈ ਲਏ ਗਏ ਇਸ ਫੈਸਲੇ ਦਾ ਸਵਾਗਤ ਕੀਤਾ ਜਾ ਰਿਹਾ ਹੈ।

# ਮਨਰੇਗਾ ਮਜਦੂਰਾਂ ਨਾਲ ਧੱਕਾ ਬਰਦਾਸਤ ਨਹੀਂ ਕੀਤਾ ਜਾਵੇਗਾ : ਸੰਗੋਜਲਾ



**ਕਪੂਰਥਲਾ/ਪਰਮਜੀਤ ਸੰਨੀ**

ਮਾਨਯੋਗ ਸ੍ਰੀ ਮਨਜੀਤ ਮਾਨ ਜੀ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ (ਰਜਿ )ਪੰਜਾਬ ਦੀ ਪ੍ਰੈਰਣਾ ਸਦਕਾ ਪ੍ਰੀਤ ਸੰਗੋਜਲਾ ਜਲ਼ਿ੍ਹਾ ਪ੍ਰਧਾਨ ਕਪੂਰਥਲਾ ਜਰਨਲਿਸਟ ਪ੍ਰੈਸ ਕਲੱਬ (ਰਜਿ )ਪੰਜਾਬ ਤੇ ਐਡਵੋਕੇਟ ਕੁਲਵਿੰਦਰ ਕੌਰ ਪੰਨੂ ਸੂਬਾ ਸੀਨੀਅਰ ਮੀਤ ਪ੍ਰਧਾਨ ਮਹਿਲਾ ਵਿੰਗ ਪੰਜਾਬ ਦੇ ਨਿਜੀ ਦਫਤਰ ਵਿਚ ਮਨਰੇਗਾ ਮਜਦੂਰਾਂ ਦੀ ਇੱਕ ਵਿਸੇਸ ਮੀਟਿੰਗ ਹੋਈ ਜਿਸ ਉਪਰੰਤ ਨੀਰਜ ਕੁਮਾਰ ਡੀ ਡੀ ਪੀ ਓ ਕਪੂਰਥਲਾ ਨੂੰ ਮਨਰੇਗਾ ਮਜਦੂਰ ਔਰਤਾਂ ਤੇ ਮਰਦ ਦੇ ਨਾਲ ਜਾ ਕੇ ਇੱਕ ਮੰਗ ਪੱਤਰ ਦਿੱਤਾ ਗਿਆ ਜੋ ਕਿ ਮਨਰੇਗਾ ਵਰਕਰਾਂ ਨੂੰ ਉਹਨਾਂ ਵਾਲੋ ਕਿਤੇ ਕੰਮ ਦੇ ਪੈਸੇ ਨਾ ਮਿਲਣ ਦੇ ਸੰਬੰਧ ਵਿਚ ਸੀ, ਜੋ ਡੀ ਡੀ ਪੀ ਓ ਕਪੂਰਥਲਾ ਵੱਲੋਂ ਇਹ ਮੰਗ ਪੱਤਰ ਉਸੇ ਟਾਇਮ ਬੀ ਡੀ ਪੀ ਓ ਢਿੱਲਵਾਂ ਨੂੰ ਮਾਰਕ ਕਰ ਦਿੱਤਾ ਜਿਸ ਤੇ ਡੀ ਡੀ ਪੀ ਓ ਕਪੂਰਥਲਾ ਨੇ ਵਿਸਵਾਸ ਦਿਵਾਇਆ ਕਿ ਤੁਸੀਂ ਸਿਰਫ ਮੈਨੂੰ 2 ,3 ਦਿਨ ਦਾ ਟਾਇਮ ਦਿਓ ਮੇ ਜਲਦੀ ਤੋਂ ਜਲਦੀ ਇਹ ਮਸਲਾ ਹੱਲ ਕਰਵਾ ਦਵਾਂਗਾ । ਐਡਵੋਕੇਟ ਕੁਲਵਿੰਦਰ ਕੌਰ ਪੰਨੂੰ ਜੀ ਸੂਬਾ ਸੀਨੀਅਰ ਮੀਤ ਪ੍ਰਧਾਨ ਪੰਜਾਬ ਤੇ ਪ੍ਰੀਤ ਸੰਗੋਜਲਾ ਜਲ਼ਿ੍ਹਾ ਪ੍ਰਧਾਨ ਕਪੂਰਥਲਾ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਤੇ ਸੰਜੀਵ ਸਰਮਾਂ ਜਲ਼ਿ੍ਹਾ ਉਪ ਚੇਅਰਮੈਨ ਕਪੂਰਥਲਾ ਨੇ ਮਨਰੇਗਾ ਮਜਦੂਰਾਂ ਨੂੰ ਵਿਸਵਾਸ ਦਿਵਾਇਆ ਕਿ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਤੇ ਮਹਿਲਾ ਵਿੰਗ ਪੰਜਾਬ ਤੁਹਾਡੇ ਨਾਲ ਖੜ੍ਹੇ ਹਾ ।ਜੇ ਮਨਰੇਗਾ ਮਜਦੂਰਾਂ ਨੂੰ ਇਨਸਾਫ ਨਾ ਮਿਲਿਆ ਤਾਂ ਅਸੀਂ ਪ੍ਰਸਾਸਨ ਨੂੰ ਦੱਸ ਦਿੱਤਾ ਹੈ ।ਇਹ ਮਨਰੇਗਾ ਮਜਦੂਰ ਇਕੱਲੇ ਨਹੀਂ ਹੈ ।ਹੁਣ ਇਨ੍ਹਾਂ ਦੇ ਨਾਲ ਜਰਨਲਿਸਟ ਪ੍ਰੈਸ ਕਲੱਬ (ਰਜਿ) ਪੰਜਾਬ ਮੋਢੇ ਨਾਲ ਮੋਢਾ ਲਾਕੇ ਖੜੀ ਹੈ। ਹੋਰਨਾਂ ਤੋਂ ਇਲਾਵਾ ਮੰਗਲ ਸਿੰਘ ਸੈਫਲਾ ਬਾਦ ਤੇ ਤਮਨਦੀਪ ਕੌਰ, ਕਮਲਜੀਤ ਕੌਰ, ਸੰਦੀਪ ਕੌਰ, ਸੁਖਵਿੰਦਰ ਕੌਰ, ਬਲਜੀਤ ਕੌਰ,ਗੁਰਦੀਪ ਕੌਰ, ਜੋਗਿੰਦਰ ਕੌਰ,ਰੂਬੀ,ਪ੍ਰਵੀਨ ਕੌਰ, ਦਲਵੀਰ ਕੌਰ, ਕੋਮਲਜੀਤ ਕੌਰ ਤੇ ਪਿੰਡ ਸੈਫਲਾ ਬਾਦ ਮਨਰੇਗਾ ਮਜਦੂਰ ਆਦਿ ਹਾਜਰ ਸਨ।

# ਨੈਸਨਲ ਲੋਕ ਅਦਾਲਤ 12 ਮਾਰਚ ਨੂੰ

**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਸਹੀਦ ਭਗਤ ਸਿੰਘ ਨਗਰ ਜਲ਼ਿ੍ਹੇ ਵਿੱਚ 12 ਮਾਰਚ, 2022 ਨੂੰ ਨੈਸਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਬੈਂਕ ਰਿਕਵਰੀ, ਕਿਰਤ ਵਿਵਾਦ, ਬਿਜਲੀ ਅਤੇ ਪਾਣੀ ਦੇ ਬਿੱਲਾਂ (ਚੋਰੀ ਦੇ ਕੇਸਾਂ ਨੂੰ ਛੱਡ ਕੇ) ਅਪਰਾਧਿਕ ਰਾਜੀਨਾਮਾ ਹੋਣਯੋਗ ਕੇਸ, ਮੋਟਰ ਐਕਸੀਡੈਂਟ ਕਲੇਮ (ਐਮ.ਏ.ਸੀ.ਟੀ.), ਵਿਆਹੁਤਾ ਝਗੜੇ, ਜਮੀਨ ਐਕਵਾਇਰ, ਸੇਵਾ ਮਾਮਲਿਆਂ ਨਾਲ ਸਬੰਧਤ ਤਨਖਾਹ ਭੱਤੇ ਅਤੇ ਸੇਵਾਮੁਕਤੀ ਦੇ ਲਾਭਾਂ, ਮਾਲ ਕੇਸਾਂ, ਕਿਰਾਇਆ, ਜਮੀਨੀ ਰਸਤੇ ਦੇ ਝਗੜੇ, ਮਨਾਹੀ ਅਤੇ ਹੋਰ ਸਬੰਧਤ ਮਾਮਲੇ ਨਿਪਟਾਰੇ ਲਈ ਲਏ ਜਾਣਗੇ। ਜਲ਼ਿ੍ਹਾ ਤੇ ਸੈਸਨ ਜੱਜ-ਕਮ- ਚੇਅਰਮੈਨ ਜਲ਼ਿ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐਲ.ਐਸ.ਏ.) ਸ. ਕੰਵਲਜੀਤ ਸਿੰਘ ਬਾਜਵਾ ਨੇ ਕਿਹਾ ਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਲਿਆ ਗਿਆ ਫੈਸਲਾ ਅੰਤਿਮ ਹੁੰਦਾ ਹੈ, ਜਿਸ ਨੂੰ ਕਿਸੇ ਹੋਰ ਅਦਾਲਤ ਵਿੱਚ ਚੁਣੌਤੀ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਲੋਕ ਅਦਾਲਤ ਝਗੜਿਆਂ ਦੇ ਸਸਤੇ ਅਤੇ ਜਲਦੀ ਨਿਪਟਾਰਾ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ ਅਤੇ ਲੋਕ ਅਦਾਲਤ ਰਾਹੀਂ ਵਿਵਾਦਾਂ ਦਾ ਨਿਪਟਾਰਾ ਆਪਸੀ ਪ੍ਰਵਾਨਿਤ ਸਰਤਾਂ ਦੇ ਆਧਾਰ 'ਤੇ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬੱਚਤ ਕਰਦੀਆਂ ਹਨ ਅਤੇ ਸਮਾਜ ਵਿੱਚ ਸਾਂਤੀ ਬਣਾਈ ਰੱਖਣ ਵਿੱਚ ਸਹਾਈ ਹੁੰਦੀਆਂ ਹਨ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਨਿਪਟਾਰਾ ਕਰਵਾ ਕੇ ਨੈਸਨਲ ਲੋਕ ਅਦਾਲਤ ਦਾ ਲਾਭ ਉਠਾਉਣ।

# ਸਾਡੇ ਰਾਸਟਰਵਾਦੀ ਪ੍ਰਮਾਣ ਪੱਤਰਾਂ 'ਤੇ ਸਵਾਲ ਉਠਾਉਣਾ ਅਤੇ ਪੰਜਾਬ ਨੂੰ ਬਦਨਾਮ ਕਰਨਾ ਬੰਦ ਕਰੋ : ਮੁੱਖ ਮੰਤਰੀ ਮੋਦੀ

## ਰਾਸਟਰੀ ਖੁਫੀਆ ਤੰਤਰ ਨੂੰ ਕਿਸੇ ਖਤਰੇ ਦਾ ਅਹਿਸਾਸ ਹੋਇਆ, ਉਹ ਉੱਥੇ ਕੀ ਕਰ ਰਹੀ ਸੀ, ਸਵਾਲ ਚੰਨੀ





**ਮਾਛੀਵਾੜਾ/ਸੁਖਚੈਨ ਮਹਿਰਾ**

ਪੰਜਾਬ ਦੀ ਰਾਸਟਰਵਾਦੀ ਸਾਖ 'ਤੇ ਸਵਾਲ ਉਠਾਉਣ ਵਾਲਿਆਂ ਨੂੰ ਕਰਾਰਾ ਜਵਾਬ ਦਿੰਦਿਆਂ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਵੀਰਵਾਰ ਨੂੰ ਸਪੱਸਟ ਕੀਤਾ ਕਿ ਪੰਜਾਬੀਆਂ ਨੇ ਕਦੇ ਵੀ ਦੇਸ ਲਈ ਕੁਰਬਾਨੀਆਂ ਕਰਨ ਤੋਂ ਪਿੱਛੇ ਨਹੀਂ ਹਟਿਆ ਅਤੇ ਉਹ ਦੇਸ ਦੀ ਕਿਸੇ ਵੀ ਜਾਤ ਵਾਂਗ ਦੇਸ ਭਗਤ ਹਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਫਿਰੋਜਪੁਰ ਵਿਖੇ ਭੀੜ ਨੂੰ ਸੰਬੋਧਨ ਕੀਤੇ ਬਿਨਾਂ ਵਾਪਸ ਚਲੇ ਜਾਣ ਦੀ ਕੱਲ੍ਹ ਦੀ ਘਟਨਾ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਨੇ ਇੱਥੇ ਦਾਣਾ ਮੰਡੀ ਵਿਖੇ ਕਿਹਾ ਕਿ ਅਸਲੀਅਤ ਇਹ ਹੈ ਕਿ ਰੈਲੀ ਵਾਲੀ ਥਾਂ 'ਤੇ ਸਿਰਫ 700 ਲੋਕ ਹੀ ਪੁੱਜੇ ਸਨ, ਜਿਸ ਕਾਰਨ ਪ੍ਰਧਾਨ ਮੰਤਰੀ ਸ. ਆਪਣੇ ਕਦਮ ਪਿੱਛੇ ਹਟਣ ਲਈ ਅਤੇ ਬਾਅਦ ਵਿਚ ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਖਤਰੇ ਦਾ ਹਵਾਲਾ ਦਿੰਦੇ ਹੋਏ ਪੰਜਾਬ ਸਰਕਾਰ 'ਤੇ ਦੋਸ ਮੜ ਦਿੱਤਾ ਗਿਆ। ਚੰਨੀ ਨੇ ਕਿਹਾ, "ਸੱਚਾਈ ਇਹ ਹੈ ਕਿ ਪ੍ਰਧਾਨ ਮੰਤਰੀ ਦੀ ਨਿਰਧਾਰਤ ਰੈਲੀ ਤੋਂ ਪੰਜ ਦਿਨ ਪਹਿਲਾਂ, ਸਪੈਸਲ ਪ੍ਰੋਟੈਕਸਨ ਗਰੁੱਪ (ਐਸਪੀਜੀ) ਨੇ ਲੈਂਡਿੰਗ ਸਪਾਟ, ਰੈਲੀ ਵਾਲੀ ਥਾਂ ਅਤੇ ਹਰੇਕ ਸੁਰੱਖਿਆ ਵੇਰਵੇ ਆਪਣੇ ਕਬਜੇ ਵਿੱਚ ਲੈ ਲਏ ਸਨ ਪਰ ਬਾਅਦ ਵਿੱਚ ਪ੍ਰਧਾਨ ਮੰਤਰੀ ਦੇ ਕਾਫਲੇ ਨੇ ਅਚਾਨਕ ਜਮੀਨੀ ਰਸਤਾ ਫੜ ਲਿਆ।" ਐਸਪੀਜੀ ਦੁਆਰਾ ਰੂਟ ਨੂੰ ਜੋੜਿਆ ਗਿਆ ਸੀ। ਮੁੱਖ ਮੰਤਰੀ ਨੇ ਮੁੜ ਦੁਹਰਾਇਆ ਕਿ ਜੇਕਰ ਪ੍ਰਧਾਨ ਮੰਤਰੀ ਨੂੰ ਕੋਈ ਖਤਰਾ ਹੈ ਤਾਂ ਹਰ ਪੰਜਾਬੀ ਰਾਸਟਰਵਾਦੀ ਹੈ ਕਿ ਉਹ ਆਪਣਾ ਖੂਨ ਵਹਾਉਣ ਅਤੇ ਗੋਲੀਆਂ ਦਾ ਸਾਹਮਣਾ ਕਰੇ, ਜਿਵੇਂ ਕਿ ਉਹ ਪਹਿਲਾਂ ਵੀ ਦੇਸ ਦੀ ਸੇਵਾ ਵਿੱਚ ਕਰਦੇ ਆਏ ਹਨ।

ਮੁੱਖ ਮੰਤਰੀ ਚੰਨੀ ਨੇ ਪੰਜਾਬ ਵਿਰੋਧੀ ਤਾਕਤਾਂ ਨੂੰ ਸੂਬੇ ਨੂੰ ਬਦਨਾਮ ਕਰਨਾ ਬੰਦ ਕਰਨ ਲਈ ਕਿਹਾ ਹੈ। ਉਸਨੇ ਅੱਗੇ ਸਵਾਲ ਕੀਤਾ ਕਿ ਪ੍ਰਧਾਨ ਮੰਤਰੀ ਦੇ ਆਲੇ ਦੁਆਲੇ ਖੁਫੀਆ ਤੰਤਰ ਕੀ ਕਰ ਰਿਹਾ ਹੈ, ਕੀ ਉਹਨਾਂ ਨੇ ਪ੍ਰਧਾਨ ਮੰਤਰੀ ਦੀ ਸੁਰੱਖਿਆ ਲਈ ਕਿਸੇ ਖਤਰੇ ਦੀ ਧਾਰਨਾ ਮਹਿਸੂਸ ਕੀਤੀ ਸੀ।

ਇਸੇ ਤਰ੍ਹਾਂ ਮੁੱਖ ਮੰਤਰੀ ਚੰਨੀ ਨੇ ਪੰਜਾਬ ਵਿਰੋਧੀ ਤਾਕਤਾਂ ਨੂੰ ਬਦਲਾਖੋਰੀ ਦੀ ਰਾਜਨੀਤੀ ਤੋਂ ਦੂਰ ਰਹਿਣ ਲਈ ਕਿਹਾ ਅਤੇ ਉਨ੍ਹਾਂ ਨੂੰ ਇਸ ਗੱਲ 'ਤੇ ਵਿਚਾਰ ਕਰਨ ਦੀ ਸਲਾਹ ਦਿੱਤੀ ਕਿ ਲੋਕ ਖਾਸ ਕਰਕੇ ਕਿਸਾਨ ਉਨ੍ਹਾਂ ਨੂੰ ਕਿਉਂ ਪਸੰਦ ਨਹੀਂ ਕਰਦੇ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਚੰਨੀ ਨੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਉਥੇ ਰੁਮਾਲਾ ਸਾਹਿਬ ਭੇਟ ਕੀਤਾ। ਉਨ੍ਹਾਂ ਨੂੰ ਹੈੱਡ ਗ੍ਰੰਥੀ ਹਰਪਾਲ ਸਿੰਘ ਅਤੇ ਮੈਨੇਜਰ ਸਰਬਦਿਆਲ ਸਿੰਘ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਇੱਕ ਪੇਂਟਿੰਗ ਵੀ ਦਿੱਤੀ ਗਈ ਜਿਸ ਵਿੱਚ ਗੁਰੂ ਸਾਹਿਬ ਨੂੰ ਇਤਿਹਾਸਕ ਜੰਡ ਸਾਹਿਬ ਦੇ ਹੇਠਾਂ 'ਮਾਛੀਵਾੜਾ ਦਾ ਜੰਗਲ' ਵਿਖੇ ਆਰਾਮ ਕਰਦੇ ਦਰਸਾਇਆ ਗਿਆ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਨੈਸਨਲ ਕਾਲਜ ਫਾਰ ਵੂਮੈਨ (ਮਾਛੀਵਾੜਾ) ਨੂੰ ਸਰਕਾਰੀ ਕਾਲਜ ਫਾਰ ਵੂਮੈਨ ਵਜੋਂ ਸੰਭਾਲਣ ਦੀ ਰਸਮੀ ਸੁਰੂਆਤ ਵੀ ਕੀਤੀ।

ਉਨ੍ਹਾਂ ਦੀ ਸਰਕਾਰ ਵੱਲੋਂ ਚੁੱਕੇ ਗਏ ਲੋਕ ਪੱਖੀ ਕਦਮਾਂ ਦੀ ਗੱਲ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਕਰੋੜਾਂ ਰੁਪਏ। 2000 ਜਲਦੀ ਹੀ ਰਾਜ ਦੇ ਹਰੇਕ ਨੌਜਵਾਨ ਦੇ ਬੈਂਕ ਖਾਤੇ ਵਿੱਚ ਜਮ੍ਹਾ ਕੀਤੇ ਜਾਣਗੇ। ਇਸ ਤੋਂ ਇਲਾਵਾ, ਉਨ੍ਹਾਂ ਨੇ ਪੈਟਰੋਲ ਅਤੇ ਡੀਜਲ ਦੀਆਂ ਕੀਮਤਾਂ ਵਿੱਚ 2 ਰੁਪਏ ਦੀ ਕਟੌਤੀ ਦੀ ਸੂਚੀ ਦਿੱਤੀ। 10 ਅਤੇ ਰੁ. ਕ੍ਰਮਵਾਰ 5, ਘਰੇਲੂ ਖਪਤਕਾਰਾਂ ਲਈ ਬਿਜਲੀ ਦਰਾਂ ਨੂੰ ਘਟਾ ਕੇ ਰੁਪਏ। 3, ਪਾਣੀ ਦੇ ਖਰਚਿਆਂ ਨੂੰ ਫਲੈਟ ਰੁਪਏ ਤੱਕ ਲਿਆਉਣਾ। 50, ਰੁਪਏ ਦੇ ਬਿਜਲੀ ਬਿੱਲਾਂ ਨੂੰ ਮੁਆਫ ਕਰਨਾ। ਗਊਸਾਲਾਵਾਂ ਦੇ 19 ਕਰੋੜ ਰੁਪਏ, 52000 ਆਂਗਣਵਾੜੀ ਵਰਕਰਾਂ ਤੋਂ ਇਲਾਵਾ 67000 ਆਸਾ ਵਰਕਰਾਂ ਅਤੇ ਮਿਡ ਡੇ ਮੀਲ ਵਰਕਰਾਂ ਦੇ ਮਾਸਿਕ ਮਾਣ ਭੱਤੇ ਵਿੱਚ ਵਾਧਾ ਕਰਨਾ ਉਨ੍ਹਾਂ ਦੀ ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਹਨ।

ਕੇਜਰੀਵਾਲ 'ਤੇ ਨਿਸਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਉਸ ਨੂੰ ਬ੍ਰਿਟਿਸ ਬਸਤੀਵਾਦੀਆਂ ਨਾਲ ਜੋੜਿਆ ਜੋ ਕਿ ਭਗਵੰਤ ਮਾਨ ਵਰਗੇ ਸਾਥੀਆਂ ਦੀ ਮਦਦ ਨਾਲ ਪੰਜਾਬ 'ਤੇ ਕਬਜਾ ਕਰਨ ਲਈ ਤਿਆਰ ਹਨ। ਇਸ ਤੋਂ ਇਲਾਵਾ ਮੁੱਖ ਮੰਤਰੀ ਨੇ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਇੱਕ ਭਗੌੜਾ ਹੈ ਜੋ ਆਪਣੇ ਮਾੜੇ ਕੰਮਾਂ ਕਾਰਨ ਕਾਨੂੰਨ ਤੋਂ ਭਗੌੜਾ ਹੈ।

# ਸਵੱਛ ਭਾਰਤ ਮਿਸ਼ਨ ਤਹਿਤ ਫਾਜ਼ਿਲਕਾ ਸ਼ਹਿਰ ਨੂੰ ਬਣਾਇਆ ਜਾਵੇਗਾ ਸੁੰਦਰ



**ਫਾਜ਼ਿਲਕਾ/ਗੌਰਵ ਸਰਮਾ**

ਸਵੱਛ ਭਾਰਤ ਮਿਸ਼ਨ ਤਹਿਤ ਡਿਪਟੀ ਕਮਿਸ਼ਨਰ ਸ੍ਰੀਮਤੀ ਬਬੀਤਾ ਕਲੇਰ ਵੱਲੋਂ ਫਿਰੋਜ਼ਪੁਰ-ਫਾਜ਼ਿਲਕਾ ਰੋਡ ਫਾਜ਼ਿਲਕਾ ਦੇ ਐਂਟਰੀ ਪੁਆਇੰਟ ਤੋਂ ਸ਼ੁਰੂ ਹੋ ਕੇ ਚਕਸੂ ਠਕਰਾਲ ਚੌਂਕ ਤੱਕ ਰੋਡ ਦੇ ਦੋਨਾਂ ਪਾਸੇ ਸ਼ਹਿਰ ਦੀ ਸੁੰਦਰਤਾ ਲਈ ਇਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਹ ਕਮੇਟੀ 15 ਜਨਵਰੀ ਤੱਕ ਰੋਡ ਦੀ ਸੁੰਦਰਤਾ ਲਈ ਕੰਮ ਕਰੇਗੀ। ਇਹ ਜਾਣਕਾਰੀ ਕਮੇਟੀ ਦੇ ਨੋਡਲ ਅਫਸਰ ਸੁਖਵਿੰਦਰ ਸਿੰਘ ਐਸ.ਡੀ.ਓ. ਪੰਜਾਬ ਮੰਡੀ ਬੋਰਡ ਨੇ ਦਿੱਤੀ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸ.ਡੀ.ਓ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਆਪਣੇ ਸ਼ਹਿਰ ਨੂੰ ਸਾਫ ਰੱਖਣ ਦੀ ਜਿੰਮੇਵਾਰੀ ਹਰੇਕ ਨਾਗਰਿਕ ਦੀ ਬਣਦੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹੀ ਸ਼ਹਿਰ ਨੂੰ ਸੁੰਦਰ ਅਤੇ ਹਰਿਆ-ਭਰਿਆ ਰੱਖਿਆ ਜਾ ਸਕਦਾ ਹੈ ਉਨ੍ਹਾਂ ਕਿਹਾ ਕਿ ਅੱਜ ਰੋਡ ਦੇ ਦੋਨੋਂ ਪਾਸਿਆਂ ਦੇ ਸਫਾਈ ਕੀਤੀ ਗਈ। ਉਨ੍ਹਾਂ ਨੇ ਇਸ ਮੌਕੇ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਸਵੱਛ ਭਾਰਤ ਮੁਹਿੰਮ ਤਹਿਤ ਸ਼ਹਿਰ ਵਾਸੀਆਂ ਪਲਾਸਟਿਕ ਦੀ ਵਰਤੋਂ ਨਾ ਕਰਨ ਬਾਰੇ, ਆਪਣੀਆਂ ਦੁਕਾਨਾਂ ਅਤੇ ਘਰਾਂ ਵਿਚ ਕੂੜਾ ਦਾਨ ਲਗਾਉਣ, ਕੂੜਾ ਬਾਹਰ ਨਾ ਸੁੱਟ ਕੇ ਕੂੜੇ ਵਾਲੇ ਨੂੰ ਹੀ ਕੂੜਾ ਦੇਣ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ।

# ਤਰਨ ਤਾਰਨ ਦੇ ਜਿਲ੍ਹਾ ਚੋਣ ਅਫਸਰ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆ ਨੂੰ ਸੋਪੀਆ ਵੋਟਰ ਸੂਚੀਆ

**ਅਮਰਕੋਟ/ਹਰਜੀਤ ਸਿੰਘ ਵਲਟੋਹਾ**



ਪੰਜਾਬ ਵਿਧਾਨ ਸਭਾ ਚੋਣਾਂ-2022 ਦੇ ਮੱਦੇਨਜ਼ਰ ਜ਼ਿਲ੍ਹਾ ਤਰਨ ਤਾਰਨ ਦੇ ਵੋਟਰਾਂ ਦੀ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਮੁਕੰਮਲ ਹੋ ਗਈ ਹੈ, ਜਿਸ ਤਹਿਤ ਜਿਲ੍ਹੇ ਭਰ ਵਿੱਚ ਵੋਟਰਾਂ ਦੀ ਕੁੱਲ ਗਿਣਤੀ 806427 ਹੈ, ਜਿੰਨ੍ਹਾਂ ਵਿੱਚ 421457 ਮਰਦ ਵੋਟਰ ਅਤੇ 384936 ਔਰਤ ਵੋਟਰਾਂ ਤੋਂ ਇਲਾਵਾ 34 ਹੋਰ ਵੋਟਰ ਹਨ।

ਜਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਵੱਲੋ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਦੱਸਿਆ ਗਿਆ ਕਿ ਜ਼ਿਲ੍ਹਾ ਤਰਨ ਤਾਰਨ ਦੇ ਚਾਰ ਵਿਧਾਨ ਸਭਾ ਹਲਕਿਆਂ ਅੰਦਰ ਕੁੱਲ ਵੋਟਰ 806427 ਹਨ। ਵਿਧਾਨ ਸਭਾ ਹਲਕਾ ਤਰਨ ਤਾਰਨ ਵਿੱਚ ਕੁੱਲ 193802, ਵਿਧਾਨ ਸਭਾ ਹਲਕਾ ਖੇਮਕਰਨ ਵਿੱਚ ਕੁੱਲ 211817 , ਵਿਧਾਨ ਸਭਾ ਹਲਕਾ ਪੱਟੀ ਵਿੱਚ ਕੁੱਲ 200542 ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਵਿੱਚ 200266 ਵੋਟਰ ਹਨ।

ਉਹਨਾਂ ਦੱਸਿਆ ਕਿ ਜਿਲ੍ਹੇ ਵਿਚ ਕੁੱਲ 904 ਪੋਲਿੰਗ ਬੂਥ ਬਣਾਏ ਗਏ ਹਨ, ਜਿਸ ਵਿਚ ਹਲਕਾ ਤਰਨ ਤਾਰਨ ਦੇ 215, ਹਲਕਾ ਖੇਮਕਰਨ ਦੇ 235, ਹਲਕਾ ਪੱਟੀ ਦੇ 225 ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ 229 ਪੋਲਿੰਗ ਬੂਥ ਹਨ। ਉਹਨਾਂ ਦੱਸਿਆ ਕਿ ਜ਼ਿਲ੍ਹੇ ਦੇ ਇਹਨਾਂ ਪੋਲਿੰਗ ਬੂਥਾਂ 'ਤੇ 904 ਬੀ. ਐੱਲ. ਓਜ਼ ਤੋਂ ਇਲਾਵਾ 75 ਸੁਪਰਵਾਈਜ਼ਰ ਲਗਾਏ ਗਏ ਹਨ ਉਹਨਾਂ ਦੱਸਿਆ ਕਿ ਜਿਲ੍ਹੇ ਵਿਚ ਕੁੱਲ 324 ਐਨ. ਆਰ. ਆਈ ਵੋਟਰ ਵੀ ਹਨ, ਜਦਕਿ 18 ਤੋਂ 19 ਸਾਲ ਉਮਰ ਵਰਗ ਦੇ 8204 ਵੋਟਰ ਹਨ।ਇਸ ਤੋਂ ਇਲਾਵਾ ਦਿਵਿਆਂਗ ਵੋਟਰਾਂ ਦੀ ਗਿਣਤੀ 5940 ਹੈ, ਜਦਕਿ 8116 ਸਰਵਿਸ ਵੋਟਰ ਹਨ। ਇਸ ਮੌਕੇ ਜਿਲ੍ਹਾ ਚੋਣ ਅਫਸਰ ਵਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਦੀਆਂ ਕਾਪੀਆਂ ਵੀ ਸੌਂਪੀਆਂ ਗਈਆਂ ਅਤੇ ਸ਼ਾਂਤੀਪੂਰਨ ਚੋਣ ਅਮਲ ਲਈ ਕੀਤੇ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਦਿੱਤੀ। ਜਿਲ੍ਹਾ ਚੋਣ ਅਫਸਰ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਨਿਰਵਿਘਨ ਚੋਣਾਂ ਲਈ ਆਪਣੀ ਸਰਗਰਮ ਭੂਮਿਕਾ ਨਿਭਾਉਣ।

# ਪਾਰਲੀਮੈਂਟ ਮੈਂਬਰ ਡਾ.ਅਮਰ ਵੱਲੋਂ ਬਰਮੀ 'ਚ ਨਵੇਂ ਬਿਜਲੀ ਗਰਿੱਡ ਦੇ ਕੰਮ ਦੀ ਨੀਂਹ ਪੱਥਰ ਰੱਖਕੇ ਕਰਵਾਈ ਗਈ ਸ਼ੁਰੂਆਤ



**ਰਾਏਕੋਟ/ਨਾਮਪ੍ਰੀਤ ਸਿੰਘ ਗੋਗੀ**

: ਨੇੜਲੇ ਪਿੰਡ ਬਰਮੀਂ ਵਿਖੇ ਬਣਾਏ ਜਾ ਰਹੇ ਨਵੇਂ ਬਿਜਲੀ ਗਰਿੱਡ ਦੇ ਕੰਮ ਦੀ ਸ਼ੁਰੂਆਤ ਲੋਕ ਸਭਾ ਹਲਕਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਪਾਰਲੀਮੈਂਟ ਮੈਂਬਰ ਡਾ.ਅਮਰ ਸਿੰਘ ਵੱਲੋਂ ਨੀਂਹ ਪੱਥਰ ਰੱਖ ਕੇ ਕਰਵਾਈ ਗਈ।ਇਸ ਮੌਕੇ ਡਿਪਟੀ ਕਮਿਸ਼ਨਰ ਵਰਿੰਦਰ ਕੁਮਾਰ ਸ਼ਰਮਾਂ, ਮੁੱਖ ਇੰਜ. ਲੁਧਿਆਣਾ ਜਸਵੀਰ ਸਿੰਘ ਭੁੱਲਰ, ਹਲਕਾ ਇੰਚਾਰਜ ਕਾਮਿਲ ਬੋਪਾਰਾਏ, ਸੁਪਰਡੈਂਟ ਇੰਜੀਨੀਅਰ ਅਨਿਲ ਸ਼ਰਮਾਂ ਦੀ ਹਾਜਰੀ ਵਿੱਚ ਕੀਤਾ ਗਿਆ। ਇਸ ਮੌਕੇ ਡਾ.ਅਮਰ ਸਿੰਘ ਨੇ ਕਿਹਾ ਕਿ ਰਾਏਕੋਟ ਵਿਚ ਬਿਜਲੀ ਸਪਲਾਈ ਦਾ ਬੁਰਾ ਹਾਲ ਹੋਣ ਕਰਕੇ ਉਨ੍ਹਾਂ ਨੂੰ ਲੋਕਾਂ ਵੱਲੋਂ ਬਿਜਲੀ ਸਪਲਾਈ ਦੇ ਮਾੜੇ ਹਾਲਾਤਾਂ ਬਾਰੇ ਜਾਣੂੰ ਕਰਵਾਇਆ ਜਾਂਦਾ ਸੀ। ਡਾ.ਅਮਰ ਸਿੰਘ ਨੇ ਕਿਹਾ ਕਿ ਹਲਕੇ ਦੇ ਲੋਕਾਂ ਦੀ ਇਸ ਮੰਗ ਨੂੰ ਦੇਖਦੇ ਹੋਏ ਉਨ੍ਹਾਂ ਵੱਲੋਂ ਬਰਮੀਂ ਅਤੇ ਜਲਾਲਦੀਵਾਲ ਵਿਖੇ 66 ਕੇਵੀਂ ਅਤੇ ਝੋਰੜਾਂ ਵਿਖੇ 220ਕੇਵੀਂ ਗਰਿੱਡ ਬਣਵਾਏ ਜਾ ਰਹੇ ਹਨ, ਉਨ੍ਹਾਂ ਦੱਸਿਆ ਕਿ ਜਲਾਲਦੀਵਾਲ ਬਿਜਲੀ ਗਰਿੱਡ ਜਿੱਥੇ ਬਣ ਕੇ ਤਿਆਰ ਹੋ ਗਿਆ ਹੈ, ਉੱਥੇ ਬਰਮੀਂ ਵਿਖੇ ਬਣ ਰਹੇ 66ਕੇਵੀ ਅਤੇ ਝੋਰੜਾਂ ਵਿਖੇ 220ਕੇਵੀ ਦਾ ਗਰਿੱਡ ਜਲਦੀ ਬਣ ਕੇ ਤਿਆਰ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਇੰਨ੍ਹਾਂ ਗਰਿੱਡਾਂ ਦੇ ਚੱਲਣ ਨਾਲ ਜਿੱਥੇ ਹਲਕੇ ਦੇ ਪਿੰਡਾਂ ਨੂੰ ਵੱਡਾ ਫਾਇਦਾ ਮਿਲੇਗਾ, ਬਿਜਲੀ ਸਪਲਾਈ ਨਿਰਵਿਘਨ ਮਿਲੇਗੀ ਅਤੇ ਕੱਟ ਘਟ ਜਾਣਗੇ।ਐਮਪੀ ਡਾ.ਅਮਰ ਸਿੰਘ ਵੱਲੋਂ ਪਿੰਡ ਬਰਮੀਂ ਗਰਿੱਡ ਲਈ ਜਮੀਨ ਦੇਣ ਲਈ ਗ੍ਰਾਂਮ ਪੰਚਾਇਤ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਮੁੱਖ ਇੰਜ.ਜਸਵੀਰ ਸਿੰਘ ਭੁੱਲਰ ਨੇ ਦੱਸਿਆ ਕਿ ਰਾਏਕੋਟ ਹਲਕੇ ਵਿੱਚ ਜੋ ਗਰਿੱਡ ਬਣ ਰਹੇ ਹਨ, ਉਹ ਐਮਪੀ ਡਾ.ਅਮਰ ਸਿੰਘ ਵੱਲੋਂ ਕੀਤੇ ਯਤਨਾਂ ਸਦਕਾ ਹੀ ਬਣ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿੰਡ ਬਰਮੀਂ ਵਿਖੇ ਬਣ ਰਹੇ 66ਕੇਵੀ ਗਰਿੱਡ ਤੇ ਤਕਰੀਬਨ 7 ਕਰੋੜ ਰੁਪਏ ਦੀ ਲਾਗਤ ਆਵੇਗੀ, ਜੋ ਆਉਂਦੇ ਚਾਰ ਮਹੀਨੇ ਤੱਕ ਪੂਰਾ ਕਰ ਲਿਆ ਜਾਵੇਗਾ।ਇਸ ਮੌਕੇ ਗ੍ਰਾਂਮ ਪੰਚਾਇਤ ਵੱਲੋਂ ਡਾ. ਅਮਰ ਸਿੰਘ, ਹਲਕਾ ਇੰਚਾਰਜ ਕਾਮਿਲ ਬੋਪਾਰਾਏ, ਇੰਜ.ਜਸਵੀਰ ਸਿੰਘ ਭੁੱਲਰ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਐਕਸੀਅਨ ਗੁਰਪ੍ਰੀਤ ਮਹਿੰਦਰ ਸਿੰਘ, ਐਸਡੀਓ ਕੁਲਦੀਪ ਕੁਮਾਰ, ਚੇਅਰਮੈਨ ਸੁਖਪਾਲ ਸਿੰਘ ਗੋਂਦਵਾਲ, ਸਰਪੰਚ ਕੇਵਲ ਸਿੰਘ, ਸੰਮਤੀ ਮੈਂਬਰ ਰੁਪਿੰਦਰਜੀਤ ਸਿੰਘ, ਬੂਟਾ ਸਿੰਘ, ਗੁਲਜਾਰ ਸਿੰਘ, ਗੁਰਪ੍ਰੀਤ ਸਿੰਘ, ਚਰਨਜੀਤ ਸਿੰਘ, ਨਰੈਣ ਦੱਤ ਕੌਸ਼ਿਕ, ਜਸਵਿੰਦਰ ਸਿੰਘ, ਅਵਤਾਰ ਸਿੰਘ, ਕਰਮਜੀਤ ਸਿੰਘ, ਨਿਰਮਲ ਸਿੰਘ, ਬਲਜਿੰਦਰ ਸਿੰਘ, ਪ੍ਰੀਤਮ ਸਿੰਘ, ਬਿੰਦਰ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਜ਼ਿਲ੍ਹਾ ਚੋਣ ਅਫਸਰ ਵੱਲੋਂ ਚੋਣਾਂ ਦੌਰਾਨ ਪ੍ਰਚਾਰ ਸਮੱਗਰੀ ਦੀ ਪ੍ਰਕਾਸ਼ਨਾ ਸਬੰਧੀ ਦਿਸ਼ਾ ਨਿਰਦੇਸ਼ ਜਾਰੀ

## ■ ਪ੍ਰਚਾਰ ਸਮੱਗਰੀ ਦੀ ਪ੍ਰਕਾਸ਼ਨਾ ਮੌਕੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਪ੍ਰਿੰਟਿੰਗ ਪ੍ਰੈਸਾਂ ਵਾਲਿਆਂ ਨੂੰ ਕੀਤੀ ਹਦਾਇਤ



**ਤਰਨ ਤਾਰਨ/ਰਵੀ ਕਰਨ**

ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਕੁਲਵੰਤ ਸਿੰਘ ਨੇ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਟਿੰਗ ਪ੍ਰੈਸਾਂ ਵਾਲਿਆਂ ਨੂੰ ਹਦਾਇਤ ਜਾਰੀ ਕੀਤੀ ਹੈ ਕਿ ਉਹ ਅਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਕਿਸੇ ਵੀ ਉਮੀਦਵਾਰ ਜਾਂ ਪਾਰਟੀ ਦੇ ਲਈ ਪ੍ਰਚਾਰ ਸਮੱਗਰੀ ਦੀ ਪ੍ਰਕਾਸ਼ਨਾ ਮੌਕੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਉਣ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਲੋਕ ਨੁਮਾਇੰਦੀ ਐਕਟ 1951 ਦੀ ਧਾਰਾ 127 ਏ ਤਹਿਤ ਕੋਈ ਵੀ ਵਿਅਕਤੀ ਚੋਣਾਂ ਨਾਲ ਸਬੰਧਤ ਪੈਫਲਟ ਜਾਂ ਪੋਸਟਰ ਤਦ ਤੱਕ ਪ੍ਰਕਾਸ਼ਿਤ ਨਹੀਂ ਕਰੇਗਾ, ਜਦ ਤੱਕ ਉਸ ਤੇ ਪ੍ਰਿੰਟਰ ਅਤੇ ਪਬਲਿਸ਼ਰ ਦਾ ਨਾਮ ਅਤੇ ਪਤਾ ਦਰਜ ਨਾ ਹੋਵੇ।ਇਸੇ ਤਰ੍ਹਾਂ ਪ੍ਰਕਾਸ਼ਕ ਵਲੋਂ ਇਕ ਨਿਰਧਾਰਤ ਫਾਰਮ ਵਿੱਚ ਘੋਸ਼ਣਾ ਪੱਤਰ ਲਿਆ ਜਾਵੇਗਾ, ਜੋ ਕਿ ਦੋ ਪਰਤਾਂ ਵਿੱਚ ਪ੍ਰਿੰਟਰ ਨੂੰ ਹਸਤਾਖਰ ਕਰਕੇ ਦੇਵੇਗਾ, ਜਿਸ ਤੇ ਦੋ ਗਵਾਹਾਂ ਦੇ ਹਸਤਾਖਰ ਵੀ ਹੋਣ। ਪ੍ਰਕਾਸ਼ਨਾ ਤੋਂ ਤੁਰੰਤ ਬਾਅਦ ਪ੍ਰਿੰਟਰ ਛਾਪੀ ਗਈ ਸਮੱਗਰੀ ਅਤੇ ਪ੍ਰਕਾਸ਼ਕ ਦੇ ਘੋਸ਼ਣਾ ਪੱਤਰ ਨੂੰ ਜ਼ਿਲ੍ਹਾ ਮੈਜਿਸਟਰੇਟ ਦੇ ਦਫਤਰ ਵਿੱਚ ਜਮ੍ਹਾਂ ਕਰਵਾਏਗਾ। ਇਨ੍ਹਾਂ ਹਦਾਇਤਾਂ ਦੀ ਉਲਘੰਣਾ ਕਰਨ ਤੇ ਛੇ ਮਹੀਨੇ ਦੀ ਕੈਦ ਜਾਂ ਦੋ ਹਜ਼ਾਰ ਰੁਪਏ ਤੱਕ ਜੁਰਮਾਨਾ ਜਾਂ ਦੋਨੋਂ ਹੋ ਸਕਦੇ ਹਨ। ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਚੋਣਾਂ ਦੌਰਾਨ ਅਣਜਾਣ ਲੋਕਾਂ ਦੇ ਨਾਮ ਤੇ ਉਮੀਦਵਾਰ ਜਾਂ ਪਾਰਟੀਆਂ ਲਈ ਇਸ਼ਤਿਹਾਰਬਾਜ਼ੀ ਕੀਤੀ ਜਾਂਦੀ ਹੈ, ਜੋ ਕਿ ਕਾਨੂੰਨ ਦੇ ਉਲਟ ਹੈ ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਜਾਂ ਉਮੀਦਵਾਰ ਵੱਲੋਂ ਪ੍ਰਿੰਟ ਮੀਡੀਆ ਜਾਂ ਹੋਰ ਕਿਸੇ ਤਰੀਕੇ ਨਾਲ ਕੀਤੀ ਗਈ ਇਸ਼ਤਿਹਾਰਬਾਜ਼ੀ ਦਾ ਖਰਚਾ ਲੋਕ ਨੁਮਾਇੰਦੀ ਐਕਟ 1951 ਦੀ ਧਾਰਾ 77(1) ਤਹਿਤ ਸਬੰਧਤ ਉਮੀਦਵਾਰ ਦੇ ਚੋਣ ਖਰਚ ਵਿੱਚ ਬੁੱਕ ਕਰ ਦਿੱਤਾ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਜੇਕਰ ਉਮੀਦਵਾਰ ਦੀ ਪ੍ਰਵਾਨਗੀ ਨਾਲ ਇਸ਼ਤਿਹਾਰ ਛੱਪੇਗਾ ਤਾਂ ਉਸ ਦਾ ਖਰਚਾ ਉਮੀਦਵਾਰ ਦੇ ਚੋਣ ਖਰਚੇ ਵਿੱਚ ਜੋੜ ਦਿੱਤਾ ਜਾਵੇਗਾ ਪਰ ਜੇਕਰ ਉਮੀਦਵਾਰ ਦੀ ਪ੍ਰਵਾਨਗੀ ਤੋਂ ਬਿਨਾਂ ਕੋਈ ਇਸ਼ਤਿਹਾਰਬਾਜ਼ੀ ਕਰੇਗਾ ਤਾਂ ਧਾਰਾ 171 ਐੱਚ ਤਹਿਤ ਪ੍ਰਕਾਸ਼ਕ ਖਿਲਾਫ ਕਾਰਵਾਈ ਕੀਤੀ ਜਾਵੇਗੀ। ਜੇਕਰ ਪ੍ਰਕਾਸ਼ਕ ਦੀ ਪਹਿਚਾਣ ਪ੍ਰਗਟ ਨਾ ਹੋ ਰਹੀ ਹੋਵੇ ਤਾਂ ਸਬੰਧਤ ਅਖਬਾਰ ਤੋਂ ਜਾਣਕਾਰੀ ਲੈਣ ਲਈ ਢੁੱਕਵੀਂ ਕਾਰਵਾਈ ਕੀਤੀ ਜਾ ਸਕੇਗੀ। ਉਨ੍ਹਾਂ ਨੇ ਜ਼ਿਲ੍ਹੇ ਦੇ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਚੋਣਾਂ ਦੌਰਾਨ ਕਿਸੇ ਵੀ ਸਿਆਸੀ ਇਸ਼ਤਿਹਾਰਬਾਜ਼ੀ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਸਬੰਧਤ ਉਮੀਦਵਾਰ ਦੀ ਲਿਖਤੀ ਪ੍ਰਵਾਨਗੀ ਲੈਣੀ ਯਕੀਨੀ ਬਣਾ ਲੈਣ।

# ਤਰਨ ਤਾਰਨ ਦੇ ਜਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸਨਰ ਸ੍ਰ ਕਲਵੰਤ ਸਿੰਘ ਵੱਲੋ ਚੋਣ ਪ੍ਰਚਾਰ ਸਮੱਗਰੀ ਦੀ ਪ੍ਰਕਾਸਨਾ ਸਬੰਧੀ ਪ੍ਰੀਟਿੰਗ ਪ੍ਰੈਸਾਂ ਵਾਲਿਆ ਨੂੰ ਹਦਾਇਤਾ ਜਾਰੀ



**ਅਮਰਕੋਟ/ਹਰਜੀਤ ਸਿੰਘ ਵਲਟੋਹਾ**

ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਕੁਲਵੰਤ ਸਿੰਘ ਨੇ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਟਿੰਗ ਪ੍ਰੈਸਾਂ ਵਾਲਿਆਂ ਨੂੰ ਹਦਾਇਤ ਜਾਰੀ ਕੀਤੀ ਹੈ ਕਿ ਉਹ ਅਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਕਿਸੇ ਵੀ ਉਮੀਦਵਾਰ ਜਾਂ ਪਾਰਟੀ ਦੇ ਲਈ ਪ੍ਰਚਾਰ ਸਮੱਗਰੀ ਦੀ ਪ੍ਰਕਾਸ਼ਨਾ ਮੌਕੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਉਣ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਲੋਕ ਨੁਮਾਇੰਦੀ ਐਕਟ 1951 ਦੀ ਧਾਰਾ 127 ਏ ਤਹਿਤ ਕੋਈ ਵੀ ਵਿਅਕਤੀ ਚੋਣਾਂ ਨਾਲ ਸਬੰਧਤ ਪੈਫਲਟ ਜਾਂ ਪੋਸਟਰ ਤਦ ਤੱਕ ਪ੍ਰਕਾਸ਼ਿਤ ਨਹੀਂ ਕਰੇਗਾ, ਜਦ ਤੱਕ ਉਸ ਤੇ ਪ੍ਰਿੰਟਰ ਅਤੇ ਪਬਲਿਸ਼ਰ ਦਾ ਨਾਮ ਅਤੇ ਪਤਾ ਦਰਜ ਨਾ ਹੋਵੇ।ਇਸੇ ਤਰ੍ਹਾਂ ਪ੍ਰਕਾਸ਼ਕ ਵਲੋਂ ਇਕ ਨਿਰਧਾਰਤ ਫਾਰਮ ਵਿੱਚ ਘੋਸਣਾ ਪੱਤਰ ਲਿਆ ਜਾਵੇਗਾ, ਜੋ ਕਿ ਦੋ ਪਰਤਾਂ ਵਿੱਚ ਪ੍ਰਿੰਟਰ ਨੂੰ ਹਸਤਾਖਰ ਕਰਕੇ ਦੇਵੇਗਾ, ਜਿਸ ਤੇ ਦੋ ਗਵਾਹਾਂ ਦੇ ਹਸਤਾਖਰ ਵੀ ਹੋਣ। ਪ੍ਰਕਾਸ਼ਨਾ ਤੋਂ ਤੁਰੰਤ ਬਾਅਦ ਪ੍ਰਿੰਟਰ ਛਾਪੀ ਗਈ ਸਮੱਗਰੀ ਅਤੇ ਪ੍ਰਕਾਸ਼ਕ ਦੇ ਘੋਸ਼ਣਾ ਪੱਤਰ ਨੂੰ ਜ਼ਿਲ੍ਹਾ ਮੈਜਿਸਟਰੇਟ ਦੇ ਦਫਤਰ ਵਿੱਚ ਜਮ੍ਹਾਂ ਕਰਵਾਏਗਾ। ਇਨ੍ਹਾਂ ਹਦਾਇਤਾਂ ਦੀ ਉਲਘੰਣਾ ਕਰਨ ਤੇ ਛੇ ਮਹੀਨੇ ਦੀ ਕੈਦ ਜਾਂ ਦੋ ਹਜ਼ਾਰ ਰੁਪਏ ਤੱਕ ਜੁਰਮਾਨਾ ਜਾਂ ਦੋਨੋਂ ਹੋ ਸਕਦੇ ਹਨ।

ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਚੋਣਾਂ ਦੌਰਾਨ ਅਣਜਾਣ ਲੋਕਾਂ ਦੇ ਨਾਮ ਤੇ ਉਮੀਦਵਾਰ ਜਾਂ ਪਾਰਟੀਆਂ ਲਈ ਇਸ਼ਤਿਹਾਰਬਾਜ਼ੀ ਕੀਤੀ ਜਾਂਦੀ ਹੈ, ਜੋ ਕਿ ਕਾਨੂੰਨ ਦੇ ਉਲਟ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਜਾਂ ਉਮੀਦਵਾਰ ਵੱਲੋਂ ਪ੍ਰਿੰਟ ਮੀਡੀਆ ਜਾਂ ਹੋਰ ਕਿਸੇ ਤਰੀਕੇ ਨਾਲ ਕੀਤੀ ਗਈ ਇਸ਼ਤਿਹਾਰਬਾਜ਼ੀ ਦਾ ਖਰਚਾ ਲੋਕ ਨੁਮਾਇੰਦੀ ਐਕਟ 1951 ਦੀ ਧਾਰਾ 77(1) ਤਹਿਤ ਸਬੰਧਤ ਉਮੀਦਵਾਰ ਦੇ ਚੋਣ ਖਰਚ ਵਿੱਚ ਬੁੱਕ ਕਰ ਦਿੱਤਾ ਜਾਵੇਗਾ।

ਉਨ੍ਹਾਂ ਨੇ ਕਿਹਾ ਕਿ ਜੇਕਰ ਉਮੀਦਵਾਰ ਦੀ ਪ੍ਰਵਾਨਗੀ ਨਾਲ ਇਸ਼ਤਿਹਾਰ ਛੱਪੇਗਾ ਤਾਂ ਉਸ ਦਾ ਖਰਚਾ ਉਮੀਦਵਾਰ ਦੇ ਚੋਣ ਖਰਚੇ ਵਿੱਚ ਜੋੜ ਦਿੱਤਾ ਜਾਵੇਗਾ ਪਰ ਜੇਕਰ ਉਮੀਦਵਾਰ ਦੀ ਪ੍ਰਵਾਨਗੀ ਤੋਂ ਬਿਨਾਂ ਕੋਈ ਇਸ਼ਤਿਹਾਰਬਾਜ਼ੀ ਕਰੇਗਾ ਤਾਂ ਧਾਰਾ 171 ਐੱਚ ਤਹਿਤ ਪ੍ਰਕਾਸ਼ਕ ਖਿਲਾਫ ਕਾਰਵਾਈ ਕੀਤੀ ਜਾਵੇਗੀ। ਜੇਕਰ ਪ੍ਰਕਾਸ਼ਕ ਦੀ ਪਹਿਚਾਣ ਪ੍ਰਗਟ ਨਾ ਹੋ ਰਹੀ ਹੋਵੇ ਤਾਂ ਸਬੰਧਤ ਅਖਬਾਰ ਤੋਂ ਜਾਣਕਾਰੀ ਲੈਣ ਲਈ ਢੁੱਕਵੀਂ ਕਾਰਵਾਈ ਕੀਤੀ ਜਾ ਸਕੇਗੀ। ਉਨ੍ਹਾਂ ਨੇ ਜ਼ਿਲ੍ਹੇ ਦੇ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਚੋਣਾਂ ਦੌਰਾਨ ਕਿਸੇ ਵੀ ਸਿਆਸੀ ਇਸ਼ਤਿਹਾਰਬਾਜ਼ੀ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਸਬੰਧਤ ਉਮੀਦਵਾਰ ਦੀ ਲਿਖਤੀ ਪ੍ਰਵਾਨਗੀ ਲੈਣੀ ਯਕੀਨੀ ਬਣਾ ਲੈਣ।

# ਚੋਣਾਂ ਦੌਰਾਨ ਸਿਆਸੀ ਪੈਂਫਲੈਂਟਾਂ ਅਤੇ ਪੋਸਟਰਾਂ ਦੀ ਪ੍ਰਕਾਸ਼ਨਾ ਸਬੰਧੀ ਜ਼ਿਲ੍ਹਾ ਚੋਣ ਅਫਸਰ ਵੱਲੋਂ ਦਿਸ਼ਾ ਨਿਰਦੇਸ਼ ਜਾਰੀ



**ਫਾਜ਼ਿਲਕਾ/ਗੌਰਵ ਸਰਮਾ**

ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਸ੍ਰੀਮਤੀ ਬਬੀਤਾ ਕਲੇਰ ਨੇ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਟਿੰਗ ਪ੍ਰੈਸਾਂ ਵਾਲਿਆਂ ਨੂੰ ਹਦਾਇਤ ਜਾਰੀ ਕੀਤੀ ਹੈ ਕਿ ਉਹ ਅਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਕਿਸੇ ਵੀ ਉਮੀਦਵਾਰ ਜਾਂ ਪਾਰਟੀ ਦੇ ਲਈ ਪ੍ਰਚਾਰ ਸਮੱਗਰੀ ਦੀ ਪ੍ਰਕਾਸ਼ਨਾ ਮੌਕੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ ਬਿਨ ਪਾਲਣਾ ਕਰਨੀ ਯਕੀਨੀ ਬਣਾਉਣ।

ਸ੍ਰੀਮਤੀ ਬਬੀਤਾ ਕਲੇਰ ਨੇ ਦੱਸਿਆ ਕਿ ਲੋਕ ਨੁਮਾਇੰਦੀ ਐਕਟ 1951 ਦੀ ਧਾਰਾ 127 ਏ ਤਹਿਤ ਕੋਈ ਵੀ ਵਿਅਕਤੀ ਚੋਣਾਂ ਨਾਲ ਸਬੰਧਤ ਪੈਫਲਟ ਜਾਂ ਪੋਸਟਰ ਤਦ ਤੱਕ ਪ੍ਰਕਾਸ਼ਿਤ ਨਹੀਂ ਕਰੇਗਾ ਜਦ ਤੱਕ ਉਸ ਤੇ ਪ੍ਰਿੰਟਰ ਅਤੇ ਪਬਲਿਸ਼ਰ ਦਾ ਨਾਮ ਅਤੇ ਪਤਾ ਦਰਜ ਨਾ ਹੋਵੇ।ਇਸੇ ਤਰ੍ਹਾਂ ਪ੍ਰਕਾਸ਼ਕ ਵਲੋਂ ਇਕ ਨਿਰਧਾਰਤ ਫਾਰਮ ਵਿੱਚ ਘੋਸਣਾ ਪੱਤਰ ਲਿਆ ਜਾਵੇਗਾ ਜੋ ਕਿ ਦੋ ਪਰਤਾਂ ਵਿੱਚ ਪ੍ਰਿੰਟਰ ਨੂੰ ਹਸਤਾਖਰ ਕਰਕੇ ਦੇਵੇਗਾ ਜਿਸ ਤੇ ਦੋ ਗਵਾਹਾਂ ਦੇ ਹਸਤਾਖਰ ਵੀ ਹੋਣ। ਪ੍ਰਕਾਸ਼ਨਾ ਤੋਂ ਤੁਰੰਤ ਬਾਅਦ ਪ੍ਰਿੰਟਰ ਛਾਪੀ ਗਈ ਸਮੱਗਰੀ ਅਤੇ ਪ੍ਰਕਾਸ਼ਕ ਦੇ ਘੋਸ਼ਣਾ ਪੱਤਰ ਨੂੰ ਜ਼ਿਲ੍ਹਾ ਮੈਜਿਸਟਰੇਟ ਦੇ ਦਫਤਰ ਵਿੱਚ ਜਮ੍ਹਾਂ ਕਰਵਾਏਗਾ। ਇਨ੍ਹਾਂ ਹਦਾਇਤਾਂ ਦੀ ਉਲਘੰਣਾ ਕਰਨ ਤੇ ਛੇ ਮਹੀਨੇ ਦੀ ਕੈਦ ਜਾਂ ਦੋ ਹਜ਼ਾਰ ਰੁਪਏ ਤੱਕ ਜੁਰਮਾਨਾ ਜਾਂ ਦੋਨੋਂ ਹੋ ਸਕਦੇ ਹਨ।ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਚੋਣਾਂ ਦੌਰਾਨ ਅਨਜਾਣ ਲੋਕਾਂ ਦੇ ਨਾਮ ਤੇ ਉਮੀਦਵਾਰ ਜਾਂ ਪਾਰਟੀਆਂ ਲਈ ਇਸ਼ਤਿਹਾਰਬਾਜ਼ੀ ਕੀਤੀ ਜਾਂਦੀ ਹੈ ਜੋ ਕਿ ਕਾਨੂੰਨ ਦੇ ਉਲਟ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਜਾਂ ਉਮੀਦਵਾਰ ਵੱਲੋਂ ਪ੍ਰਿੰਟ ਮੀਡੀਆ ਜਾਂ ਹੋਰ ਕਿਸੇ ਤਰੀਕੇ ਨਾਲ ਕੀਤੀ ਗਈ ਇਸ਼ਤਿਹਾਰਬਾਜ਼ੀ ਦਾ ਖਰਚਾ ਲੋਕ ਨੁਮਾਇੰਦੀ ਐਕਟ 1951 ਦੀ ਧਾਰਾ 77(1) ਤਹਿਤ ਸਬੰਧਤ ਉਮੀਦਵਾਰ ਦੇ ਚੋਣ ਖਰਚ ਵਿੱਚ ਬੁੱਕ ਕਰ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਜੇਕਰ ਉਮੀਦਵਾਰ ਦੀ ਪ੍ਰਵਾਨਗੀ ਨਾਲ ਇਸ਼ਤਿਹਾਰ ਛੱਪੇਗਾ ਤਾਂ ਉਸ ਦਾ ਖਰਚਾ ਉਮੀਦਵਾਰ ਦੇ ਚੋਣ ਖਰਚੇ ਵਿੱਚ ਜੋੜ ਦਿੱਤਾ ਜਾਵੇਗਾ ਪਰ ਜੇਕਰ ਉਮੀਦਵਾਰ ਦੀ ਪ੍ਰਵਾਨਗੀ ਤੋਂ ਬਿਨਾਂ ਕੋਈ ਇਸ਼ਤਿਹਾਰਬਾਜ਼ੀ ਕਰੇਗਾ ਤਾਂ ਧਾਰਾ 171 ਐੱਚ ਤਹਿਤ ਪ੍ਰਕਾਸ਼ਕ ਖਿਲਾਫ ਕਾਰਵਾਈ ਕੀਤੀ ਜਾਵੇਗੀ। ਜੇਕਰ ਪ੍ਰਕਾਸ਼ਕ ਦੀ ਪਹਿਚਾਣ ਪ੍ਰਗਟ ਨਾ ਹੋ ਰਹੀ ਹੋਵੇ ਤਾਂ ਸਬੰਧਤ ਅਖਬਾਰ ਤੋਂ ਜਾਣਕਾਰੀ ਲੈਣ ਲਈ ਢੁੱਕਵੀਂ ਕਾਰਵਾਈ ਕੀਤੀ ਜਾ ਸਕੇਗੀ। ਉਨ੍ਹਾਂ ਨੇ ਜ਼ਿਲ੍ਹੇ ਦੇ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਚੋਣਾਂ ਦੌਰਾਨ ਕਿਸੇ ਵੀ ਸਿਆਸੀ ਇਸ਼ਤਿਹਾਰਬਾਜ਼ੀ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਸਬੰਧਤ ਉਮੀਦਵਾਰ ਦੀ ਲਿਖਤੀ ਪ੍ਰਵਾਨਗੀ ਲੈਣੀ ਯਕੀਨੀ ਬਣਾ ਲੈਣ।

# ਆਤਮਾ ਰਾਮ ਕੁਮਾਰ ਸਭਾ ਸਕੂਲ ਵਿਖੇ ਸ਼ੁਰੂ ਕੀਤੀ ਗਈ ਆਨਲਾਈਨ ਪੜ੍ਹਾਈ

**ਪਟਿਆਲਾ/ਜਗਦੀਸ ਰਾਈਕਾ**

ਸ਼ਹਿਰ ਵਿੱਚ ਵਿਦਿਆ ਦੇ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਆਤਮਾ ਰਾਮ ਕੁਮਾਰ ਸਭਾ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵੱਲੋਂ ਸਕੂਲ ਦੇ ਪ੍ਰਿੰਸੀਪਲ ਸ੍ਰੀ ਵਿਵੇਕ ਸਿਆਲ ਵਲੋਂ ਅਧਿਆਪਕਾਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਕਿਹਾਕਿ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਹਦਾਹਿਤਾਂ ਅਨੁਸਾਰ ਸਕੂਲ ਦੇ ਵਿਦਿਆਰਥੀਆਂ ਦੀ ਪੜ੍ਹਾਈ ਆਨ ਲਾਈਨ ਸ਼ੁਰੂ ਕੀਤੀ ਗਈ ਹੈ। ਸਕੂਲ ਦੇ ਅਧਿਆਪਕਾਂ ਵੱਲੋਂ ਵਿਦਿਆਰਥੀਆ ਨੂੰ ਸਿੱਖਿਆ ਦੇ ਨਾਲ ਨਾਲ ਕਰੋਨਾ ਮਹਾਂਮਾਰੀ ਦੀ ਤੀਜੀ ਲਹਿਰ ਤੋਂ ਬਚਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਜਿਹਨਾਂ ਵਿਦਿਆਰਥੀਆਂ



ਦੀ ਉਮਰ ਵੈਕਸੀਨੇਸ਼ਨ ਵਾਲੀ ਹੋ ਗਈ ਹੈ ਉਹਨਾ ਨੂੰ ਵੈਕਸੀਨੇਸ਼ਨ ਲਗਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਵਿਦਿਆਰਥੀਆਂ ਨੂੰ ਮਾਸਕ ਪਾਉਣ ਅਤੇ ਸ਼ੋਸ਼ਲ ਡਿਸਟੈਂਸ ਦੀ ਪਾਲਣਾ ਕਰਨ ਯਕੀਨੀ ਬਣਾਉਣ ਲਈ ਕਿਹਾ ਜਾ ਰਿਹਾ ਹੈ। ਪੜ੍ਹਾਈ ਦੇ ਨਾਲ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਅਤੇ ਰੁਚੀ ਪੈਦਾ ਕਰਨ ਲਈ ਆਨਲਾਇਨ ਮਿਊਜਿਕ ਕਲਾਸਾ, ਅੰਗਰੇਜੀ ਸਪੀਕਿੰਗ ਕੋਰਸ, ਡਰਾਇੰਗ ਅਤੇ ਆਰਟ ਐਂਡ ਕਰਾਫਟ ਮੁਕਾਬਲੇ ਅਤੇ ਸਪੋਰਟ ਐਕਟੀਵੀਟੀਜ ਵੀ ਸ਼ੁਰੂ ਕੀਤੀਆਂ ਗਈਆਂ ਹਨ।



# ਸਾਲ 2022 ਨੂੰ ਸਮਰਪਿਤ ਅਤੇ ਇਲਾਕੇ ਦੀ ਖੁਸ਼ਹਾਲੀ ਸਬੰਧੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਤੇ ਵਰਤਾਏ ਅਤੁੱਟ ਲੰਗਰ

**ਪਟਿਆਲਾ/ਜਗਦੀਸ ਰਾਈਕਾ**

ਬਡੂੰਗਰ ਦੇ ਸਮੂੰਹ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਅਤੇ ਨੌਜਵਾਨ ਵੈਲਫੇਅਰ ਸੋਸਾਇਟੀ ਵਲੋਂ ਇਲਾਕੇ ਦੀ ਖੁਸ਼ਹਾਲੀ ਸਬੰਧੀ ਅਤੇ ਨਵੇਂ ਸਾਲ ਦੀ ਖੁਸ਼ੀ ਧਰਮਸ਼ਾਲਾ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਸਵੇਰੇ ਸਮੇਂ ਪਾਏ ਗਏ। ਇਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿੱਚ ਦਿਵਾਨ ਸਜਾਇਆ ਗਿਆ। ਜਿਸ ਮੌਕੇ ਤੇ ਭਾਈ ਭਗਵੰਤ ਸਿੰਘ ਖਾਲਸਾ ਢੀਂਢਸੇ ਵਾਲਿਆਂ ਦੇ ਕੀਰਤਨੀ ਜਥੇ ਵਲੋਂ ਰੱਸਭਿੰਨੇ ਕੀਰਤਨ ਰਾਹੀਂ ਸਮੂੰਹ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਐਡਵੋਕੇਟ, ਭੁਪਿੰਦਰ ਸਿੰਘ ਧੀਮਾਨ, ਅਵਤਾਰ ਸਿੰਘ, ਕੁਲਵਿੰਦਰ ਸਿੰਘ ਗੋਲਡੀ ਆਦਿ ਸੋਸਾਇਟੀ ਦੇ ਅਹੁਦੇਦਾਰਾਂ ਨੇ ਸਾਂਝੇ ਤੌਰ ਤੇ ਕਿਹਾ ਕਿ ਸਰਬਤ ਦੇ ਭਲੇ ਅਤੇ ਇਲਾਕੇ ਦੀ ਅਮਨ ਸ਼ਾਤੀ ਲਈ ਹਰ ਸਾਲ ਧਾਰਮਿਕ ਸਮਾਗਮ ਬਡੂੰਗਰ ਵਿਖੇ ਕਰਵਾਇਆ ਜਾਂਦਾ ਹੈ, ਜਿਸ ਵਿੱਚ ਹਰ ਵਰਗ ਨਾਲ ਸਬੰਧਤ ਸੰਗਤਾਂ ਵੱਲੋਂ ਵੱਧ ਚੜ੍ਹ ਕੇ ਹਾਜਰੀ ਲਗਵਾਈ ਜਾਂਦੀ ਹੈ। ਉਨ੍ਹਾਂ ਸਮੂੰਹ ਭਾਈਚਾਰੇ ਵਿੱਚ ਭਾਈਚਾਰਕ ਸਾਂਝ ਦੀ ਮਜਬੂਤੀ ਦੀ ਕਾਮਨਾ ਕਰਦਿਆਂ ਕਿਹਾ ਕਿ ਸਾਨੂੰ ਇਕਜੁੱਟ ਹੋਕੇ ਸਰਬਤ ਦੇ ਭਲੇ ਲਈ ਧਾਰਮਿਕ ਸਮਾਰੋਹ ਰਲਮਿਲਕੇ ਮਨਾਉਣੇ ਚਾਹੀਦੇ ਹਨ ਤਾਂ ਜੋ ਸਮਾਜਿਕ ਏਕਤਾ ਨੂੰ ਵੀ ਬਲ ਮਿਲ ਸਕੇ। ਇਸ ਮੌਕੇ ਤੇ ਬੀਰ ਭਾਨ, ਰਣਜੀਤ ਸਿੰਘ, ਮਹਿੰਦਰ ਸਿੰਘ, ਕਾਕਾ, ਲਾਲੀ, ਅਜੇ, ਸੈਂਟੀ, ਮਨਜੀਤ ਸਿੰਘ, ਅਮਰੀਕ ਸਿੰਘ, ਵਿੱਕੀ, ਅਸ਼ੋਕ ਵਲੋਂ ਲੰਗਰ ਕਾਰਜ ਵਿੱਚ ਸੇਵਾ ਨਿਭਾਈ ਗਈ।




# ਕਮਿਸ਼ਨਰੇਟ ਪੁਲਿਸ ਨੇ ਗਊ ਹੱਤਿਆ 'ਚ ਸ਼ਾਮਲ ਅੰਤਰਰਾਜੀ ਗਿਰੋਹ ਦਾ ਕੀਤਾ ਪਰਦਾਫਾਸ, ਦੋ ਗ੍ਰਿਫਤਾਰ

**ਲੁਧਿਆਣਾ/ਸੁਖਚੈਨ ਮਹਿਰਾ**



ਲੁਧਿਆਣਾ ਕਮਿਸਨਰੇਟ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਦੋ ਦੋਸੀਆਂ ਨੂੰ ਗ੍ਰਿਫਤਾਰ ਕਰਕੇ ਗਊ ਹੱਤਿਆ ਕਰਨ ਵਾਲੇ ਇੱਕ ਅੰਤਰਰਾਜੀ ਗਿਰੋਹ ਦਾ ਪਰਦਾਫਾਸ ਕੀਤਾ ਹੈ। ਪੁਲਿਸ ਕਮਿਸਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਗਰੋਹ ਬੀਤੀ 24 ਨਵੰਬਰ ਨੂੰ ਵਾਪਰੀ ਇੱਕ ਘਟਨਾ ਵਿੱਚ ਵੀ ਸਾਮਲ ਸੀ, ਜਿਸ ਵਿੱਚ ਫੋਕਲ ਪੁਆਇੰਟ ਇਲਾਕੇ ਵਿੱਚ ਅਵਾਰਾ ਪਸੂਆਂ ਦੇ ਅੰਗ ਖਿੱਲਰੇ ਪਾਏ ਗਏ ਸਨ। ਇਸ ਤੋਂ ਬਾਅਦ ਮਾਮਲੇ ਦੀ ਡੂੰਘਾਈ ਨਾਲ ਜਾਂਚ ਸੂਰੂ ਕਰਨ ਤੋਂ ਇਲਾਵਾ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਸਮੇਤ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਵੀ ਮਾਮਲਾ ਦਰਜ ਕੀਤਾ ਗਿਆ ਸੀ। ਸੀਪੀ ਨੇ ਅੱਗੇ ਕਿਹਾ ਕਿ ਮਨੁੱਖੀ ਅਤੇ ਤਕਨੀਕੀ ਖੁਫੀਆ ਜਾਣਕਾਰੀ ਦੁਆਰਾ ਮਾਮਲੇ ਦੀ ਜਾਂਚ ਕਰਦੇ ਹੋਏ, ਪੁਲਿਸ ਨੂੰ ਇਸ ਮਾਮਲੇ ਵਿੱਚ ਅਹਿਮ ਸੁਰਾਗ ਮਿਲੇ ਹਨ ਜਿਸ ਨਾਲ ਮੁਲਜਮ ਨਾਮਕ ਕਲੀਮ ਅਹਿਮਦ ਅਤੇ ਮੁਹੰਮਦ ਰਿਹਾਨ, ਦੋਵੇਂ ਵਾਸੀ ਉੱਤਰ ਪ੍ਰਦੇਸ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫੜੇ ਗਏ ਮੁਲਜਮਾਂ ਨੇ ਖੁਲਾਸਾ ਕੀਤਾ ਕਿ ਉਹ ਆਵਾਰਾ ਪਸੂਆਂ ਨੂੰ ਸੁੰਨਸਾਨ ਜਗ੍ਹਾ 'ਤੇ ਲੈ ਜਾਂਦੇ ਸਨ ਅਤੇ ਉਨ੍ਹਾਂ ਦਾ ਕਤਲ ਕਰਦੇ ਸਨ ਤਾਂ ਜੋ ਉਨ੍ਹਾਂ ਦੀ ਖੱਲ ਉਤਾਰ ਕੇ ਅੱਗੇ ਦਿੱਲੀ ਨੂੰ ਵੇਚੀ ਜਾ ਸਕੇ। ਅਪਰਾਧ ਕਰਨ ਤੋਂ ਬਾਅਦ ਇਹ ਗਿਰੋਹ ਮਰੇ ਹੋਏ ਜਾਨਵਰਾਂ ਦੇ ਅੰਗਾਂ ਨੂੰ ਨੇੜਲੇ ਕੂੜਾ ਡੰਪ ਵਿੱਚ ਸੁੱਟ ਦਿੰਦਾ ਸੀ।

- ਜੁਰਮ ਵਿੱਚ ਵਰਤੇ ਗਏ ਵਾਹਨ ਅਤੇ ਹਥਿਆਰ ਵੀ ਬਰਾਮਦ, ਬਾਕੀ ਮੁਲਜਮਾਂ 'ਤੇ ਨੈਬ ਦੀ ਛਾਪੇਮਾਰੀ : ਸੀ.ਪੀ.

ਸ੍ਰੀ ਭੁੱਲਰ ਨੇ ਇਹ ਵੀ ਦੱਸਿਆ ਕਿ ਚਾਰ ਹੋਰ ਮੁਲਜਮਾਂ ਦੀ ਪਛਾਣ ਅਮਨ ਉਰਫ ਅਰਮਾਨ ਵਾਸੀ ਆਲਮ ਯੂ.ਪੀ., ਇਕਬਾਲ ਵਾਸੀ ਨਵੀਂ ਦਿੱਲੀ ਅਤੇ ਰਵੀ ਵਾਸੀ ਲੁਧਿਆਣਾ ਵਜੋਂ ਹੋਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਜਮਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਕਿਉਂਕਿ ਪੁਲੀਸ ਨੂੰ ਇਨ੍ਹਾਂ ਦੇ ਲੁਕੇ ਹੋਣ ਬਾਰੇ ਅਹਿਮ ਸੂਚਨਾਵਾਂ ਮਿਲੀਆਂ ਹਨ। ਮੁਲਜਮਾਂ ਕੋਲੋਂ ਵਾਰਦਾਤ ਵਿੱਚ ਵਰਤੀ ਗਈ ਇੱਕ ਬੋਲੈਰੋ ਕਾਰ, ਪੰਜ ਤੇਜਧਾਰ ਚਾਕੂ, ਇੱਕ ਕੁਹਾੜੀ, ਚਾਰ ਹਥੌੜੇ, ਪੰਜ ਨਮਕੀਨ ਦੇ ਥੈਲੇ, ਬੀਫ ਨੂੰ ਢੱਕਣ ਲਈ ਤਰਪਾਲ, ਕਟਰ ਅਤੇ ਹੋਰ ਤੇਜਧਾਰ ਹਥਿਆਰ ਵੀ ਬਰਾਮਦ ਕੀਤੇ ਗਏ ਹਨ, ਜਿਨ੍ਹਾਂ ਨੂੰ ਉਹ ਫੜਨ ਲਈ ਵਰਤਣਗੇ। ਆਵਾਰਾ ਪਸੂਆਂ ਨੂੰ ਮਾਰੋ, ਸੀਪੀ ਨੇ ਕਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਪੁਲਿਸ ਇਸ ਗਿਰੋਹ ਦੇ ਹੋਰ ਰਾਜਾਂ ਨਾਲ ਸਬੰਧਾਂ ਦੀ ਵੀ ਜਾਂਚ ਕਰ ਰਹੀ ਹੈ।

# ਡਿਪਟੀ ਕਮਿਸ਼ਨਰ ਨੇ ਕੋਵਿਡ ਪਾਬੰਦੀਆਂ ਬਾਰੇ ਅਫਵਾਹਾਂ ਫੈਲਾਉਣ ਵਾਲਿਆਂ ਤੋਂ ਸੁਚੇਤ ਰਹਿਣ ਦੀ ਕੀਤੀ ਅਪੀਲ

**ਜਲੰਧਰ/ਰਾਕੇਸ਼ ਵਰਮਾ**

- ਸੋਸ਼ਲ ਮੀਡੀਆ 'ਤੇ ਕੋਵਿਡ ਪਾਬੰਦੀਆਂ ਨੂੰ ਲੈ ਕੇ ਗੁੰਮਰਾਹਕੁੰਨ ਜਾਣਕਾਰੀ ਦਾ ਪ੍ਰਚਾਰ ਕਰਨ ਵਾਲਿਆਂ ਨੂੰ ਸਖਤ ਚੈਤਾਵਨੀ
- ਲੋਕ ਸੋਸ਼ਲ ਮੀਡੀਆ ਦੇ ਸੁਨੇਹਿਆਂ ਦੇ ਤੱਥ ਅਤੇ ਸੱਚ ਨੂੰ ਜਰੂਰ ਚੈਕ ਕਰਨ

ਸੋਸ਼ਲ ਮੀਡੀਆ ਦੇ ਇੱਕ ਪਲੇਟਫਾਰਮ 'ਤੇ ਦੇਰ ਸ਼ਾਮ ਕੋਵਿਡ ਪਾਬੰਦੀਆਂ ਨੂੰ ਲੈ ਕੇ ਜਲੰਧਰ ਵਿਚ ਸੋਮਵਾਰ ਤੋਂ ਵੱਖਰੀਆਂ ਹਦਾਇਤਾਂ ਦੀ ਖਬਰ ਨੂੰ ਵਾਇਰਲ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ ਨੇ ਦੇਰ ਸ਼ਾਮ ਇਹ ਸਪੱਸ਼ਟ ਕੀਤਾ ਕਿ ਜਿਲਾ ਪ੍ਰਸ਼ਾਸਨ ਵਲੋਂ ਅਜਿਹੀਆਂ ਕੋਈ ਹਦਾਇਤਾਂ ਜਾਰੀ ਨਹੀਂ ਹੋਈਆਂ ਅਤੇ ਲੋਕ ਅਫਵਾਹਾਂ ਫੈਲਾਉਣ ਵਾਲਿਆਂ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣ। ਸੋਸ਼ਲ ਮੀਡੀਆ 'ਤੇ ਅਜਿਹੀਆਂ ਅਫਵਾਹਾਂ ਫੈਲਾਉਣ ਵਾਲਿਆਂ ਨੂੰ ਸਖਤ ਚੈਤਾਵਨੀ ਦਿੰਦਿਆਂ ਘਨਸ਼ਿਆਮ ਥੋਰੀ ਨੇ ਕਿਹਾ ਕਿ ਜਿਹੜੇ ਵੀ ਲੋਕ ਇਸ ਕਾਰਵਾਈ ਵਿਚ ਸ਼ਾਮਿਲ ਪਾਏ ਗਏ, ਉਨ੍ਹਾਂ ਖਿਲਾਫ ਪੂਰੀ ਸਖਤੀ ਵਰਤੀ ਜਾਵੇਗੀ। ਵੀਰਵਾਰ ਸ਼ਾਮ ਨੂੰ ਸੋਸ਼ਲ ਮੀਡੀਆ ਦੇ ਇੱਕ ਪਲੇਟਫਾਰਮ 'ਤੇ ਵਾਇਰਲ ਹੋਏ ਮੈਸੇਜ ਅਨੁਸਾਰ ਜਲੰਧਰ ਵਿਚ ਸੋਮਵਾਰ ਤੋਂ ਗੈਰ ਜਰੂਰੀ ਦੁਕਾਨਾਂ ਦੇ ਖੁੱਲਣ ਦੇ ਸਮੇਂ ਸਬੰਧੀ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪੂਰੀ ਤਰ੍ਹਾਂ ਬੇਬੁਨਿਆਦ ਮੈਸੇਜ ਹੈ ਅਤੇ ਲੋਕਾਂ ਨੂੰ ਸੋਸ਼ਲ ਮੀਡੀਆ 'ਤੇ ਕੋਵਿਡ ਪਾਬੰਦੀਆਂ ਬਾਰੇ ਆਉਂਦੇ ਮੈਸੇਜਾਂ ਦੇ ਤੱਥ ਅਤੇ ਸੱਚ ਨੂੰ ਚੰਗੀ ਤਰ੍ਹਾਂ ਚੈੱਕ ਕਰ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਲਾ ਪ੍ਰਸ਼ਾਸਨ ਨੇ ਪੰਜਾਬ ਸਰਕਾਰ ਵਲੋਂ ਜਾਰੀ ਹੋਈਆਂ ਕੋਵਿਡ ਹਦਾਇਤਾਂ ਬਾਰੇ ਬੀਤੇ ਦਿਨੀਂ ਲੋਕਾਂ ਨੂੰ ਹਰ ਪੱਧਰ 'ਤੇ ਸੂਚਿਤ ਕਰ ਦਿੱਤਾ ਸੀ ਅਤੇ ਇਸ ਤੋਂ ਬਾਅਦ ਕੋਈ ਹੋਰ ਹਦਾਇਤਾਂ ਜਾਰੀ ਨਹੀਂ ਹੋਈਆਂ। ਉਨ੍ਹਾਂ ਨੇ ਲੋਕਾਂ ਨੂੰ ਤਾਕੀਦ ਕੀਤੀ ਕਿ ਉਹ ਅਜਿਹੀਆਂ ਅਫਵਾਹਾਂ ਤੋਂ ਪੂਰੀ ਤਰ੍ਹਾਂ ਚੌਕਸ ਰਹਿਣ।




# ਦੋਆਬੇ ਦੀ ਆਦਮਪੁਰ ਸੀਟ ਤੋਂ ਨੌਜਵਾਨ ਸਰਪੰਚ ਸਾਬੀ ਮੋਗਾ ਨੂੰ ਕਾਂਗਰਸ ਦੀ ਟਿਕਟ ਮਿਲਣ ਦੇ ਚਰਚੇ

**ਭੋਗਪੁਰ/ਹਰਨਾਮ ਸਿੰਘ ਮਿਨਹਾਸ**

ਪੰਜਾਬ ਦੇ ਦੋਆਬਾ ਖੇਤਰ ਦੀ ਸਭ ਤੋਂ ਹਾਟ ਸੀਟ ਮੰਨੀ ਜਾਂਦੀ ਹਲਕਾ ਆਦਮਪੁਰ ਸੀਟ ਤੋਂ ਸ਼੍ਰੋਮਣੀ ਅਕਾਲੀ ਦਲ ਦੇ ?ਮੀਦਵਾਰ ਲਗਾਤਾਰ ਤਿੰਨ ਵਾਰ ਜਿੱਤੇ ਹਨ ਅਤੇ ਹਰ ਵਾਰ ਕਾਂਗਰਸ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਹੈ ਇਥੋਂ 2007 ਦੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਦੇ ਕੰਵਲਜੀਤ ਸਿੰਘ ਲਾਲੀ ਨੂੰ ਟਿਕਟ ਮਿਲੀ ਸੀ, ਜੋ ਅਕਾਲੀ ?ਮੀਦਵਾਰ ਸਰਬਜੀਤ ਸਿੰਘ ਮੱਕੜ ਤੋਂ ਹਾਰ ਗਏ ਸਨ ਇਸ ਤੋਂ ਬਾਅਦ ਇਹ ਸੀਟ ਅਨੁਸੂਚਿਤ ਜਾਤੀਆਂ ਲਈ ਰਾਖਵੀ ਬਣ ਗਈ। ਜਦੋਂ ਸ਼੍ਰੋਮਣੀ ਅਕਾਲੀ ਦਲ ਨੂੰ ਇਥੋਂ ਕੋਈ ਸਥਾਨਕ ?ਮੀਦਵਾਰ ਨਹੀਂ ਮਿਲਿਆ ਤਾਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ 2012 ਦੀਆਂ ਵਿਧਾਨ ਸਭਾ ਚੋਣਾਂ ਵਿਚ ਜਲੰਧਰ ਸ਼ਹਿਰ ਦੇ ਬਸਪਾ ਆਗੂ ਪਵਨ ਕੁਮਾਰ ਟੀਨੂੰ ਨੂੰ ਅਕਾਲੀ ਦਲ ਵਿਚ ਸ਼ਾਮਿਲ ਕਰਕੇ ?ਮੀਦਵਾਰ ਬਣਾਇਆ ਦੂਜੇ ਪਾਸੇ ਕਾਂਗਰਸ ਨੇ ਬਸਪਾ ਤੋਂ ਕਾਂਗਰਸ ਵਿਚ ਆਏ ਸਤਨਾਮ ਸਿੰਘ ਕੈਂਥ ਨੂੰ ਚੋਣ ਮੈਦਾਨ ਵਿਚ ?ਤਾਰਿਆ, ਪਰ ਇਹ ਚੋਣ ਅਕਾਲੀ ਦਲ ਦੇ ?ਮੀਦਵਾਰ ਪਵਨ ਕੁਮਾਰ ਟੀਨੂੰ ਨੇ ਜਿੱਤ ਲਈ ?ਸ ਤੋਂ ਬਾਅਦ 2017 ਦੀਆਂ ਚੋਣਾਂ ਵਿਚ ਪਵਨ ਟੀਨੂੰ ਅਕਾਲੀ ਦਲ ਵਲੋਂ ਚੋਣ ਲੜੇ ਅਤੇ ਦੂਜੇ ਪਾਸੇ ਕਾਂਗਰਸ ਵਲੋਂ ਚੋਣਾਂ ਤੋਂ ਕੁਝ ਦਿਨ ਪਹਿਲਾਂ ਸਾਬਕਾ ਸਾਂਸਦ ਮਹਿੰਦਰ ਸਿੰਘ ਕੇ.ਪੀ. ਨੂੰ ਮੈਦਾਨ ਵਿਚ ?ਤਾਰਿਆ ਪਰ ਦੂਜੀ ਵਾਰ ਫਿਰ ਪਵਨ ਟੀਨੂੰ ਵਿਧਾਇਕ ਬਣੇ ਅਤੇ ਕਾਂਗਰਸ ਨੂੰ ਹਾਰ ਦਾ ਮੂੰਹ ਦੇਖਣਾ ਪਿਆ। ਸਾਬਕਾ ਸਾਂਸਦ ਮਹਿੰਦਰ ਸਿੰਘ ਕੇਪੀ ਬਾਰੇ ਇਹ ਚਰਚਾ ਰਹੀ ਕਿ 2009 ਵਿਚ ਜਲੰਧਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਹੋਣ 'ਤੇ ਨਾ ਤਾਂ ਆਦਮਪੁਰ ਹਲਕੇ 'ਚ ਆਏ ਅਤੇ ਨਾ ਹੀ ਇਲਾਕੇ ਦੇ ਪਿੰਡਾਂ ਅਤੇ ਕਸਬਿਆਂ ਨੂੰ ਫੰਡ ਦਿੱਤੇ, ਜਿਸ ਕਾਰਨ ਫੰਡ ਕੇਂਦਰ ਸਰਕਾਰ ਕੋਲ ਵਾਪਸ ਚਲੇ ਗਏ। ਹੁਣ ਵੀ 2017 ਤੋਂ 2022 ਤਕ ਹਲਕਾ ਇੰਚਾਰਜ ਹੁੰਦਿਆਂ ਤਕਨੀਕੀ ਸਿੱਖਿਆ ਬੋਰਡ ਪੰਜਾਬ ਦੇ ਚੇਅਰਮੈਨ ਹੋਣ ਕਾਰਨ ਜ਼ਿਆਦਾਤਰ ਚੰਡੀਗੜ ਆਉਣਾ-ਜਾਣ ਲੱਗਿਆ ਰਿਹਾ ਤੇ ਉਹ ਹਲਕਾ ਆਦਮਪੁਰ ਦੇ ਲੋਕਾਂ ਨੂੰ ਉਨ ਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਸਮਾਂ ਨਹੀਂ ਦੇ ਸਕੇ।




ਪਰ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਸਥਿਤੀ ਵੱਖਰੀ ਹੈ, ਇਥੋਂ ਦੇ ਲੋਕਾਂ ਦੀ ਮੰਗ ਹੈ ਕਿ ਇਸ ਵਾਰ ਵਿਧਾਇਕ ਆਦਮਪੁਰ ਇਲਾਕੇ ਦਾ ਹੀ ਹੋਣਾ ਚਾਹੀਦਾ ਹੈ। ਕਿਉਂਕਿ ਹਰ ਵਾਰ ?ਮੀਦਵਾਰ ਨੂੰ ਇਥੇ ਪੈਰਾਸ਼ੂਟ ਰਾਹੀਂ ?ਤਾਰਿਆ ਜਾਂਦਾ ਹੈ ਇਸ ਵਾਰ ਆਮ ਆਦਮੀ ਪਾਰਟੀ ਨੇ ਇਥੋਂ ਭੋਗਪੁਰ ਵਾਸੀ ਜੀਤ ਲਾਲ ਭੱਟੀ ਨੂੰ ਆਪਣਾ ?ਮੀਦਵਾਰ ਬਣਾਇਆ ਹੈ ਪਰ ਕਾਂਗਰਸ ਨੇ ਅਜੇ ਤਕ ਇਥੋਂ ਕੋਈ ?ਮੀਦਵਾਰ ਨਹੀਂ ?ਤਾਰਿਆ ਹੈ ਮਹਿੰਦਰ ਸਿੰਘ ਕੇ.ਪੀ. ਦੀ ਰਿਸ਼ਤੇਦਾਰੀ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਹੋਣ ਕਾਰਨ ਉਹ ਆਪਣੇ ਜੱਦੀ ਹਲਕੇ ਜਲੰਧਰ ਵੈਸਟ ਤੋਂ ਟਿਕਟ ਲੈਣ ਦੇ ਚਾਹਵਾਨ ਹਨ ਤੇ ਅਜਿਹਾ ਲੱਗ ਰਿਹਾ ਹੈ ਕਿ ਉਨ ਾਂ ਨੂੰ ਜਲੰਧਰ ਵੈਸਟ ਤੋਂ ਟਿਕਟ ਮਿਲਣ ਦੇ ਆਸਾਰ ਹਨ। ਇਸ ਲਈ ਇਥੋਂ ਨੌਜਵਾਨ ਚਿਹਰੇ ਸਰਪੰਚ ਸਤਨਾਮ ਸਿੰਘ ਸਾਬੀ ਮੋਗਾ, ਬਸਪਾ ਤੋਂ ਕਾਂਗਰਸ ਵਿਚ ਸ਼ਾਮਿਲ ਹੋਏ ਸੁਖਵਿੰਦਰ ਕੋਟਲੀ, ਬਲਵਿੰਦਰ ਸਿੰਘ ਬਘਾਣਾ ਅਤੇ ਬੀ.ਡੀ.ਪੀ.ਓ. ਰਾਮ ਲੁਭਾਇਆ ਕਾਂਗਰਸ ਦੀ ਟਿਕਟ ਦੇ ਦਾਅਵੇਦਾਰ ਹਨ। ਇਕ ਸਰਵੇਖਣ ਅਨੁਸਾਰ ਇਥੋਂ ਅਕਾਲੀ ਦਲ ਦੇ ਵਿਧਾਇਕ ਪਵਨ ਕੁਮਾਰ ਟੀਨੂੰ ਦਾ ਮੁਕਾਬਲਾ ਕੋਈ ਨੌਜਵਾਨ ਚਿਹਰਾ ਹੀ ਕਰ ਸਕਦਾ ਹੈ ਕਿਉਂਕਿ ਨੌਜਵਾਨ ਵਰਗ ਵੱਡੀ ਗਿਣਤੀ ਵਿਚ ਅਕਾਲੀ ਵਿਧਾਇਕ ਨਾਲ ਜੁੜਿਆ ਹੋਇਆ ਹੈ ਜੇਕਰ ਕਾਂਗਰਸ ਨੇ ਨੌਜਵਾਨ ਸਰਪੰਚ ਸਤਨਾਮ ਸਿੰਘ ਸਾਬੀ ਮੋਗਾ ਨੂੰ ਚੋਣ ਮੈਦਾਨ ਵਿਚ ?ਤਾਰਿਆ ਤਾਂ ਨੌਜਵਾਨਾਂ ਦੀ ਵੋਟ ਦੇ ਨਾਲ-ਨਾਲ ਡੇਰਾ ਸੱਚਖੰਡ ਬੱਲਾਂ ਨਾਲ ਧਾਰਮਿਕ ਤੌਰ 'ਤੇ ਜੁੜੇ ਹੋਣ ਕਾਰਨ ਜੇਕਰ ਸਾਬੀ ਮੋਗਾ ਡੇਰਾ ਸੱਚਖੰਡ ਬੱਲਾਂ ਦੀ ਸੰਗਤ ਦੀ ਵੋਟ ਵੀ ਹਾਸਿਲ ਕਰ ਸਕੇ ਤਾਂ ਸਥਿਤੀ ਕੁਝ ਹੋਰ ਹੋ ਸਕਦੀ ਹੈ। ਸਾਬੀ ਮੋਗਾ ਦੇ ਇਲਾਕੇ ਦੇ ਪੰਚਾਂ-ਸਰਪੰਚਾਂ ਨਾਲ ਵੀ ਨਜ਼ਦੀਕੀ ਸੰਬੰਧ ਹਨ। ਜੋ ਕਾਂਗਰਸ ਨੂੰ ਜਿੱਤ ਵੱਲ ਲੈ ਕੇ ਜਾ ਸਕਦੇ ਹਨ। ਪੜੇ ਲਿਖੇ ਹੋਣ ਦੇ ਨਾਲ-ਨਾਲ ?ਹ ਨਹਿਰੂ ਯੁਵਾ ਕੇਂਦਰ ਦੇ ਐਨ.ਵਾਈ.ਵੀ ਵੀ ਰਹਿ ਚੁੱਕੇ ਹਨ, ਜਿਸ ਕਾਰਨ ਹਲਕਾ ਆਦਮਪੁਰ ਦੀਆਂ ਬਹੁ-ਗਿਣਤੀ ਯੂਥ ਕਲੱਬਾਂ ਦੇ ਅਹੁਦੇਦਾਰ ਨੌਜਵਾਨ ਵੀ ਕਈ ਸਾਲਾਂ ਤੋਂ ?ਨ ਾਂ ਨਾਲ ਜੁੜੇ ਹੋਏ ਹਨ। ਸਾਬੀ ਮੋਗਾ ਨੂੰ ?ਨ ਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਲਈ ਜ਼ਿਲ ਾ ਪ੍ਰਸ਼ਾਸਨ ਵੱਲੋਂ ਦੋ ਵਾਰ ਸਨਮਾਨਿਤ ਵੀ ਕੀਤਾ ਜਾ ਚੁੱਕਾ ਹੈ ਜੇਕਰ ਸਚਮੁੱਚ ਹੀ ਕਾਂਗਰਸ ਆਦਮਪੁਰ ਸੀਟ 'ਤੇ ਸਰਪੰਚ ਸਾਬੀ ਮੋਗਾ ਨੂੰ ਉਮੀਦਵਾਰ ਬਣਾਉਂਦੀ ਹੈ ਤਾਂ ਹਲਕੇ ਦੇ ਸਮੀਕਰਨ ਤੇਜ਼ੀ ਨਾਲ ਬਦਲ ਸਕਦੇ ਹਨ ਪਰੰਤੂ ਹਲਕੇ ਵਿਚ ਚਰਚਾਵਾਂ ਦਾ ਬਾਜ਼ਾਰ ਗਰਮ ਹੈ ਤੇ ਹੁਣ ਦੇਖਣਾ ਹੋਵੇਗਾ ਕਿ ਕਾਂਗਰਸ ਕਿਸ ਚਿਹਰੇ ਨੂੰ ਆਦਮਪੁਰ ਹਲਕੇ ਤੋਂ ਟਿਕਟ ਦਿੰਦੀ ਹੈ ਅਤੇ ਹਲਕੇ ਦੇ ਸਮੀਕਰਨ ਕੀ ਬਣਦੇ ਹਨ।

# ਮੋਦੀ ਦੀ ਰੈਲੀ ਰੱਦ ਤੋਂ ਬਾਅਦ ਪੰਜਾਬ ਕੈਬਨਿਟ ਨੇ ਕੀਤੇ ਵੱਡੇ ਫੈਸਲੇ



**ਚੰਡੀਗੜ੍ਹ/ਲੋਕ ਬਾਣੀ**

ਅਨੁਸੂਚਿਤ ਜਾਤੀ ਸਬ ਪਲਾਨ ਪ੍ਰਭਾਵੀ ਢੰਗ ਨਾਲ ਤਿਆਰ ਕਰਕੇ ਲਾਗੂ ਕੀਤੇ ਜਾਣ ਨੂੰ ਯਕੀਨੀ ਬਣਾਉਣ ਲਈ ਪੰਜਾਬ ਮੰਤਰੀ ਮੰਡਲ ਨੇ ਪ੍ਰਸਤਾਵਿਤ 'ਪੰਜਾਬ ਰਾਜ ਅਨੁਸੂਚਿਤ ਜਾਤੀਆਂ ਦਾ ਵਿਕਾਸ ਤੇ ਭਲਾਈ' (ਯੋਜਨਾਬੰਦੀ, ਨਿਰਧਾਰਨ ਅਤੇ ਵਿੱਤੀ ਸੋਮਿਆਂ ਦੀ ਵਰਤੋਂ) ਉਪ-ਵੰਡ ਆਰਡੀਨੈਂਸ-2022 ਦੀ ਰੂਪ-ਰੇਖਾ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਬਾਰੇ ਫੈਸਲਾ ਪੰਜਾਬ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਿਚ ਅੱਜ ਸ਼ਾਮ ਇੱਥੇ ਪੰਜਾਬ ਭਵਨ ਵਿਖੇ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਨਵਾਂ ਕਾਨੂੰਨ ਅਨੁਸੂਚਿਤ ਜਾਤੀਆਂ ਸਬ ਪਲਾਨ (ਐਸ.ਸੀ.ਐਸ.ਪੀ.) ਨੂੰ ਹਰ ਪੱਧਰ ਉਤੇ ਲਾਗੂ ਕਰਨ ਸਬੰਧੀ ਪਾਰਦਰਸਤਾ ਅਤੇ ਜ਼ਿੰਮੇਵਾਰੀ ਨੂੰ ਯਕੀਨੀ ਬਣਾਵੇਗਾ ਅਤੇ ਸਲਾਹੁਣਯੋਗ ਕਾਰਗੁਜ਼ਾਰੀ ਲਈ ਉਤਸ਼ਾਹ ਵਧਾਉਣ ਦੀ ਵਿਵਸਥਾ ਵੀ ਹੋਵੇਗੀ। ਇਸ ਤੋਂ ਇਲਾਵਾ ਐਸ.ਸੀ.ਐਸ.ਪੀ. ਨੂੰ ਲਾਗੂ ਕਰਨ ਵਾਲਾ ਵਿਭਾਗ ਸਬ ਪਲਾਨ ਨੂੰ ਸੱਚੀ ਭਾਵਨਾ ਨਾਲ ਲਾਗੂ ਕਰਨ ਲਈ ਜ਼ਿੰਮੇਵਾਰ ਹੋ ਜਾਵੇਗਾ ਤਾਂ ਕਿ ਇਸ ਦਾ ਲਾਭ ਸਾਰੇ ਭਾਈਵਾਲਾਂ ਜਿਵੇਂ ਕਿ ਸੂਬੇ ਦੀ ਸਮੁੱਚੀ ਅਨੁਸੂਚਿਤ ਜਾਤੀਆਂ ਦੀ ਆਬਾਦੀ, ਨੂੰ ਮਿਲ ਸਕੇ।

ਮੰਤਰੀ ਮੰਡਲ ਨੇ ਕਾਨੂੰਨੀ ਮਸ਼ੀਰ ਵੱਲੋਂ ਤਿਆਰ ਅਤੇ ਤਸਦੀਕ ਕੀਤੇ ਆਰਡੀਨੈਂਸ ਦੇ ਖਰੜੇ ਨੂੰ ਵਜ਼ਾਰਤ ਦੇ ਸਾਹਮਣੇ ਦੁਬਾਰਾ ਪੇਸ਼ ਕਰਨ ਦੀ ਬਜਾਏ ਪ੍ਰਵਾਨ ਕਰਨ ਲਈ ਮੁੱਖ ਮੰਤਰੀ ਨੂੰ ਅਧਿਕਾਰਤ ਕੀਤਾ ਹੈ।

ਪੰਜਾਬ ਰਾਜ ਵਿੱਚ ਅਨੁਸੂਚਿਤ ਜਾਤੀਆਂ ਦੀ ਆਬਾਦੀ ਦੀ ਪ੍ਰਤੀਸਤਤਾ 31.94 ਫੀਸਦੀ ਹੈ ਜੋ ਸਾਰੇ ਸੂਬਿਆਂ ਨਾਲੋਂ ਵੱਧ ਹੈ। ਪੰਜਾਬ ਸਰਕਾਰ ਸੂਬੇ ਵਿੱਚ ਅਨੁਸੂਚਿਤ ਜਾਤੀਆਂ ਦੇ ਸਮਾਜਿਕ, ਆਰਥਿਕ ਅਤੇ ਸਿੱਖਿਆ ਦੇ ਵਿਕਾਸ ਲਈ ਵਚਨਬੱਧ ਹੈ। ਅਨੁਸੂਚਿਤ ਜਾਤੀਆਂ ਦੇ ਵਿਕਾਸ ਲਈ ਅਨੁਸੂਚਿਤ ਜਾਤੀਆਂ ਸਬ ਪਲਾਨ ਅਧੀਨ ਵੱਖ ਵੱਖ ਵਿਭਾਗਾਂ ਵੱਲੋਂ ਬਹੁਤ ਸਾਰੀਆਂ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਮੁੱਖ ਮੰਤਰੀ ਦਫਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਹਨਾਂ ਸਕੀਮਾਂ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਸੂਬਾ ਸਰਕਾਰ ਵੱਲੋਂ ਐਕਟ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧ ਵਿੱਚ ਇਕ ਆਰਡੀਨੈਂਸ ਪੰਜਾਬ ਦੇ ਰਾਜਪਾਲ ਨੂੰ ਪ੍ਰਵਾਨਗੀ ਹਿੱਤ ਪੇਸ ਕੀਤਾ ਜਾਵੇਗਾ। ਇਸ ਐਕਟ ਅਨੁਸਾਰ ਸੂਬੇ ਦੇ ਬਜਟ ਵਿੱਚੋਂ ਅਨੁਸੂਚਿਤ ਜਾਤੀਆਂ ਦੀ ਵਸੋਂ ਦੀ ਪ੍ਰਤੀਸਤਤਾ ਦੇ ਬਰਾਬਰ ਦੀ ਰਾਸੀ ਅਨੁਸੂਚਿਤ ਜਾਤੀਆਂ ਦੇ ਵਿਕਾਸ ਲਈ ਨਿਰਧਾਰਤ ਕੀਤੀ ਜਾਵੇਗੀ। ਐਕਟ ਦਾ ਲਾਭ ਰਾਜ ਵਿੱਚ ਐਸ.ਸੀ.ਐਸ.ਪੀ. ਦੀ ਬਣਤਰ ਅਤੇ ਲਾਗੂਕਰਨ ਨੂੰ ਸਾਰੇ ਪਹਿਲੂਆਂ ਤੋਂ ਵਿਧੀਪੂਰਵਕ ਅਤੇ ਵਿਆਪਕ ਢੰਗ ਨਾਲ ਤਿਆਰ ਕਰਨ ਦੀ ਵਿਉਂਤਬੰਦੀ ਕਰਨਾ ਹੋਵੇਗਾ।

# ਵੱਖ-ਵੱਖ ਪਾਬੰਦੀਆਂ ਦੇ ਹੁੱਕਮ ਲਾਗੂ ਕੀਤੇ : ਡੀਸੀ

**ਗੁਰਦਾਸਪੁਰ/ਲੋਕ ਬਾਣੀ**

ਸ੍ਰੀ ਰਾਹੁਲ, ਆਈ ਏ ਐਸ . ਵਧੀਕ ਜਿਲਾ ਮੈਜਿਸਟਰੇਟ , ਗੁਰਦਾਸਪੁਰ ਨੇ ਫੋਜਦਾਰੀ ਜਾਬਤਾ ਸੰਘਤਾ (1973 1974) ਦਾ ਐਕਟ 2 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋ ਕਰਦੇ ਹੋਏ ਗੁਰਦਾਸਪੁਰ ਜਿਲੇ ਦੀ ਹਦੂਦ ਅੰਦਰ, ਕਸਬਿਆ ਅਤੇ ਪਿੰਡਾਂ ਵਿਚ ਬਾਹਰ ਤੋ ਆ ਕੇ ਆਰਜੀ ਤੋਰ ਤੇ ਰਹਿ ਰਹੇ ਜਾਂ ਕਾਰੋਬਾਰ ਕਰ ਰਹੇ ਹਨ ਪਰਿਵਾਰ ਦੇ ਮੁੱਖੀ ਜਾਂ ਹੋਰ ਪੁਰਸ਼ ਅਤੇ ਔਰਤਾਂ ਆਪ ਦੇ ਰਿਹਾਇਸ਼ੀ ਜਾਂ ਨਜਦੀਕੀ ਥਾਣੇ ਵਿਚ ਇਸ ਸਬਧੀ ਲੋੜੀਦੀ ਸੂਚਨਾ ਤੁਰਤ ਦੇਣਗੇ ਅਤੇ ਕੋਈ ਬਾਹਰਲੇ ਜਿਲੇ ਦਾ ਵਾਸੀ ਉਹਨਾ ਪਾਸ ਮਿਲਣ ਆਵੇ ਜਾਂ ਉਹਨਾ ਪਾਸ ਠਹਿਰੇ ਤਾ ਇਸ ਬਾਰੇ ਵੀ ਸੂਚਨਾ ਨਜਦੀਕੀ ਥਾਣੇ ਵਿਚ ਦੇਣਗੇ ।

ਇਸੇ ਤਰਾਂ ਇੱਕ ਹੋਰ ਹੁੱਕਮ ਰਾਹੀ ਵਧੀਕ ਜਿਲਾਂ ਮੈਜਿਸਟੇਰਟ ਨੇ ਦੱਸਿਆ ਹੈ ਕਿ ਜਿਲਾ ਗੁਰਦਾਸਪੁਰ ਕੁਝ ਲੋਕ ਵਿਆਹ ਜਾ ਕਿਸੇ ਹੋਰ ਮੌਕਿਆ ਤੇ ਮੈਰਿਜ ਪੈਲੇਸਾਂ ਵਿਚ ਆਪਣੇ ਨਾਲ ਹਥਿਆਰ ਨਾਲ ਲੈ ਕੇ ਆਉਦੇ ਹਨ । ਜਿਸ ਨਾਲ ਕਈ ਵਾਰ ਅਣ-ਸੁੱਖਾਵੀਆ ਘਟਨਾਵਾਂ ਵਾਪਰ ਜਾਦੀਆ ਹਨ । ਇਸ ਲਈ ਜਿਲਾ ਗੁਰਦਾਸਪੁਰ ਜਿਲੇ ਵਿਚ ਪੈਦੇ ਸਾਰੇ ਮੈਰਿਜ ਪੈਲਸਾਂ ਵਿਚ ਕੋਈ ਵੀ ਵਿਆਕਤੀ ਵਿਆਹ ਸ਼ਾਂਦੀ ਦੇ ਮੌਕੇ ਤੇ ਕਿਸੇ ਵੀ ਤਰਾਂ ਦਾ ਹਥਿਆਰ ਲੈ ਕੇ ਦਾਖਲ ਨਹੀ ਹੋਵੇਗਾ । ਇਸ ਲਈ ਮੈਰਿਜ ਪੈਲੈਸਾਂ ਦੇ ਮਾਲਕ ਇਹ ਗੱਲ ਯਕੀਨੀ ਬਣਾਉਣ ਲਈ ਲੋੜੀਦੇ ਪ੍ਰਬੰਧ ਕਰਨਗੇ ਕਿ ਕੋਈ ਵੀ ਵਿਆਕਤੀ ਮੈਰਿਜ ਪੈਲਸ ਵਿਚ ਫੰਕਸ਼ਨ ਸਮੇ ਹਥਿਅਰ ਨਾ ਲੈ ਕੇ ਆਵੇ । ਵਧੀਕ ਜਿਲ੍ਹਾਂ ਮੈਜਿਸਟਰੇਟ , ਗੁਰਦਾਸਪੁਰ ਨੇ ਫੋਜਦਾਰੀ ਜਾਬਤਾ ਸੰਪਤਾ (1973) ਦਾ ਐਕਟ ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋ ਕਰਦਿਆ ਦੱਸਿਆ ਹੈ ਕਿ ਅਮ੍ਰਿੰਤਸਰ ਪਠਾਨਕਸਟ ਹਾਈਵੇ ਤੋ ਚਲਦੀਆਂ ਟਰਾਸਪੋਰਟ ਹੈਵੀ ਗੱਡੀਆ ਬਾਈਪਾਸ ਵਾਲੇ ਰਸਤੇ ਅਪਨਾਓਣ ਦੀ ਬਜਾਏ ਸ਼ਹਿਰ ਵਿਚੋ ਲੰਘਦੀਆ ਹਨ । ਜਿਸ ਨਾਲ ਟਰੈਫਿਕ ਵਿਚ ਕਾਫੀ ਰੁਕਾਵਟ ਆਉਦੀ ਹੈ । ਇਸ ਲਈ ਹੈਵੀ ਗੱਡੀਆ ਗੁਡਸ ਟਰਾਸਪੋਰਟ ਦੀਆ ( ਟੱਰਕ ਵਗੈਰਾ ) ਟੱਰਕ ਵਗੈਰਾ ਸਵੇਰੇ 7-00 ਵਜੇ ਤੋ ਰਾਤ 10-00 ਵਜੇ ਤੱਕ ਸ਼ਹਿਰ ਵਿਚੋ ਲੰਘਣ ਤੇ ਪਾਬੰਦੀ ਲਗਾਉਦਾ ਹਾਂ । ਇਹ ਹੁੱਕਮ ਪੈਸੈਜਰ ਗੱਡੀਆ (ਬੱਸਾਂ ਵਗੈਰਾ ) ਤੇ ਲਾਗੂ ਨਹੀ ਹੋਵੇਗਾ।

> ■ ਗੁਰਦਾਸਪੁਰ ਜਿਲੇ ਵਿਚ ਪੈਦੇ ਸਾਰੇ ਮੈਰਿਜ ਪੈਲਸਾਂ ਵਿਚ ਕੋਈ ਵੀ ਵਿਆਕਤੀ ਵਿਆਹ ਸ਼ਾਂਦੀ ਦੇ ਮੌਕੇ ਤੇ ਕਿਸੇ ਵੀ ਤਰਾਂ ਦਾ ਹਥਿਆਰ ਲੈ ਕੇ ਦਾਖਲ ਨਹੀ ਹੋਵੇਗਾ

ਇਸੇ ਤਰਾ ਇੱਕ ਹੋਰ ਹੁੱਕਮ ਰਾਹੀ ਵਧੀਕ ਜਿਲ੍ਹਾਂ ਮੈਜਿਸਟਰੇਟ , ਗੁਰਦਾਸਪੁਰ ਨੇ ਫੋਜਦਾਰੀ ਜਾਬਤਾ ਸੰਪਤਾ (1973) ਦਾ ਐਕਟ ਦੀ ਧਾਰਾ 144 ਸੀ ਪੀ 1973 ਤਹਿਤ ਮਿਲੇ ਅਧਿਕਾਰਾਂ ਦੀ ਵਰਤੋ ਕਰਦਿਆਂ ਦੱਸਿਆ ਹੈ ਕਿ ਡਾਇਰੈਕਟਰ ਪੁਸ਼ੂ ਪਾਲਣ ਵਿਭਾਗ ਪੰਜਾਬ ਵਲੋ ਪ੍ਰਾਪਤ ਹੋਏ ਮੀਮੋ ਨੰਬਰ 6/08/2014 ਡੀ1/4816-37 ਮਿਤੀ 1-3-2018 ਅਨੁਸਾਰ ਪੰਜਾਬ ਰਾਜ ਵਿਚ ਵੱਖ ਥਾਵਾਂ ਤੇ ਨਕਲੀ ਅਤੇ ਅਣ- ਅਧਿਕਾਰਤ ਸਮੀਨ ਵਿਕਣ ਦੀਆ ਘਟਨਾਵਾਂ ਸਾਹਮਣੇ ਆ ਰਹੀਆ ਹਨ । ਇਸ ਪ੍ਰਕਾਰ ਅਣ ਅਧਿਕਾਰਤ ਤੋਰ ਤੇ ਵੇਚੇ ਜਾ ਖਰੀਦੇ ਜਾ ਰਹੇ ਸਮੀਨ ਦੀ ਵਰਤੋ ਕਰਨ ਰਾਜ ਦੀ ਬਰੀਡਿੰਗ ਪਾਲਿਸੀ ਅਨੁਸਾਰ ਉਚਿਤ ਨਹੀ ਹੈ । ਜਿਲਾ ਗੁਰਦਾਸਪੁਰ ਵਿਚ ਸੀਮਨ ਦਾ ਅਣ-ਅਧਿਕਾਰਤ ਤੌਰ ਤੇ ਭੰਡਾਰਨ ਕਰਨ , ਟਰਾਸਪੋਰਟੇਸ਼ਨ ਕਰਨ , ਵਰਤਣ ਜਾਂ ਵੇਚਣ ਤੇ ਪਾਬੰਦੀ ਲਗਾਈ ਗਈ ਹੈ । ਵਧੀਕ ਜਿਲ੍ਹਾਂ ਮੈਜਿਸਟਰੇਟ , ਗੁਰਦਾਸਪੁਰ ਨੇ ਫੋਜਦਾਰੀ ਜਾਬਤਾ ਸੰਪਤਾ (1973 -ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋ ਕਰਦੇ ਦੱਸਿਆ ਹੈ ਕਿ ਜਿਲਾ ਗੁਰਦਾਸਪੁਰ ਵਿਚ ਕੁਝ ਵਿਆਕਤੀ ਸੈਨਾ ਵਲੋ ਵੇਚੀਆ ਗਈਆ ਗੱਡੀਆ ਉਤੇ ਕੀਤੇ ਰੰਗ ਸ਼ਕਲ ਅਤੇ ਜਿਵੇ ਕਿ ਉਹ ਖਰੀਦ ਤੋ ਪਹਿਲਾਂ ਸੀ ਚਲਾ ਰਹੇ ਹਨ । ਇਸ ਲਈ ਜਿਲਾ ਗੁਰਦਾਸਪੁਰ ਵਿਚ ਐਸੀਆ ਪਾਈਵੇਟ ਗੱਡੀਆ ਜਿਨਾ ਦਾ ਰੰਗ , ਚਿੰਨ , ਸ਼ਕਲ ਅਤੇ ਡਿਜਾਇਨ ਸੈਨਾ ਦੀਆਂ ਮੋਟਰ ਗੱਡੀਆ ਨਾਲ ਮਿਲਦੇ ਜੁਲਦੇ ਹੋਣ ਤੇ ਪਾਬੰਦੀ ਲਗਾਈ ਗਈ ਹੈ । ਵਧੀਕ ਜਿਲ੍ਹਾਂ ਮੈਜਿਸਟਰੇਟ , ਗੁਰਦਾਸਪੁਰ ਨੇ ਫੋਜਦਾਰੀ ਜਾਬਤਾ ਸੰਪਤਾ (1973 1974) ਦਾ ਐਕਟ 2 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋ ਕਰਦੇ ਹੋਏ ਗੁਰਦਾਸਪੁਰ ਜਿਲੇ ਵਿਚ ਕਿਸੇ ਪਬਲਿਕ ਥਾਂ ਤੇ ਕੋਈ ਵੀ ਹਥਿਆਰ ਜਿੰਨਾ ਵਿਚ ਲਾਇਸੈਸੀ / ਗੋਲੀ ਸਿੱਕਾ , ਗੰਡਾਸਾ , ਚਾਕੂ , ਟਕੂਏ , ਬਰਸੇ , ਲੋਹੇ ਦੀਆਂ ਸਲਾਚਾਂ , ਲਾਠੀਆਂ , ਛਵੀਆ ਅਤੇ ਧਮਾਕਾ ਖੇਜ਼ ਪਦਾਰਥ ਜੋ ਕੋਈ ਵੀ ਐਸੀ ਚੀਜ ਜੋ ਜੁਰਮ ਲਈ ਵਰਤੀ ਜਾਦੀ ਹੈ ਨੂੰ ਲੈ ਕੇ ਨਹੀ ਚਲੇਗਾ । ਵਧੀਕ ਜਿਲ੍ਹਾਂ ਮੈਜਿਸਟਰੇਟ , ਗੁਰਦਾਸਪੁਰ ਨੇ ਫੋਜਦਾਰੀ ਜਾਬਤਾ ਸੰਪਤਾ (1973 1974) ਦਾ ਐਕਟ 2 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋ ਕਰਦੇ ਹੋਏ ਅੰਤਰਾਸਟਰੀ ਸਰਹੱਦ ਤੋ ਇੱਕ ਕਿਲੋਮੀਟਰ ਦੇ ਘੇਰੇ ਅੰਦਰ ਭਾਰਤੀ ਇਲਾਕੇ ਵਾਲੇ ਪਾਸੇ ਉਚੇ ਕੱਦ ਬੂਟੈ ਪਾਪੂਲਰਾਂ ਸਫੈਦੇ ਬਗੀਚੇ ਆਦਿ ਨਾ ਲਗਾਉਣ ਅਤੇ ਉਚੀਆਂ ਇਮਾਰਤਾਂ ਦੀ ਓਸਾਰੀ ਨਾ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ । ਇਨ੍ਹਾਂ ਹੁਕਮਾ ਵਿੱਚ ਉਨ੍ਹਾਂ ਕਿਹਾ ਕਿ ਕੁਝ ਕਿਸਾਨਾ ਵੱਲੋ ਅੰਤਰਰਾਸਟਰੀ ਸਰਹੱਦ ਤੇ ਇੱਕ ਕਿਲੋਮੀਟਰ ਦੇ ਘੇਰੇ ਅੰਦਰ ਉਚੇ ਕੱਦ ਦੇ ਬੂਟੇ ਪਾਪੂਲਰ , ਸਫੈਦੇ ਆਦਿ ਲਗਾਏ ਹੋਏ ਹਨ ਅਤੇ ਉਚੀਆ ਇਮਾਰਤਾ ਵੀ ਬਣਾਈਆ ਜਾ ਰਹੀਆ ਹਨ ਅਜਿਹਾ ਹੋਣ ਨਾਲ ਵਿਰੋਧੀਆਂ ਵੱਲੋ ਘੁਸਪੈਠ ਦਾ ਖਤਰਾ ਬਣਿਆ ਰਹਿੰਦਾ ਹੈ ਅਤੇ ਅਮਨ ਕਾਨੂੰਨ ਦੀ ਸਥਿਤੀ ਵਿਗੜਨ ਦਾ ਖਤਰਾ ਬਣ ਸਕਦਾ ਹੈ। ਇਸ ਲਈ ਦੇਸ਼ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਇਸ ਸਬੰਧੀ ਜਰੂਰੀ ਕਦਮ ਚੁੱਕਣੇ ਅਤਿ ਹੀ ਜਰੂਰੀ ਹਨ ।

# ਸੇਵਾ ਟਰੱਸਟ ਯੂ.ਕੇ. ਵੱਲੋਂ ਬੱਚਿਆਂ ਨੂੰ ਸੇਫਟੀ ਕਿੱਟਾਂ ਵੰਡੀਆਂ




**ਰਾਏਕੋਟ/ਨਾਮਪ੍ਰੀਤ ਸਿੰਘ ਗੋਗੀ**

ਪੰਜਾਬ ਤੇ ਹਰਿਆਣਾ ਵਿੱਚ ਸਿੱਖਿਆ ਸਿਹਤ ਲੋਕ ਕਲਿਆਣ ਅਤੇ ਵਾਤਾਵਰਨ ਦੀ ਸਾਂਭ ਸੰਭਾਲ ਲਈ ਤੱਤਪਰ ਚੈਰੀਟੇਬਲ ਸੇਵਾ ਟਰੱਸਟ ਯੂ.ਕੇ. (ਇੰਡੀਆ) ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੇ ਗਏ 'ਸਿਹਤਮੰਦ ਬੱਚੇ ਸਿਹਤਮੰਦ ਪੰਜਾਬ' ਮਿਸ਼ਨ ਤਹਿਤ ਲਾਗਲੇ ਪਿੰਡ ਬੜੂੰਦੀ ਦੇ ਦੋ ਸਕੂਲਾਂ ਵਿੱਚ ਬੱਚਿਆਂ ਨੂੰ ਸਿਹਤ ਸੰਭਾਲ ਲਈ ਕੋਵਿਡ ਸਵੈ ਰੱਖਿਆ ਅਤੇ ਵਧੀਆ ਸਿੱਖਿਆ ਅਤੇ ਵਧੀਆ ਕੈਰੀਅਰ ਸਬੰਧੀ ਜਾਣਕਾਰੀ ਵੀ ਦਿੱਤੀ ਗਈ। ਸੇਵਾ ਟਰੱਸਟ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦੇ 65 ਬੱਚਿਆਂ ਨੂੰ ਸੀਨੀਅਰ ਸੈਕੰਡਰੀ ਸਕੂਲ ਦੇ 120 ਬੱਚਿਆਂ ਨੂੰ ਅਮਿਊਨਟੀ ਬੂਸਟਰ ਅਤੇ ਸ਼ਰੀਰਕ ਸਫਾਈ ਕਿੱਟਾਂ ਵੀ ਵੰਡੀਆਂ ਗਈਆਂ ਜਿਸ ਵਿੱਚ ਸ਼ਹਿਦ, ਟੁਥ ਬਰੱਸ਼ , ਸਾਬਣ, ਸ਼ੈਂਪੂ ਆਦਿ ਸਮੱਗਰੀ ਸ਼ਾਮਲ ਸੀ। ਇਸ ਮੌਕੇ ਬਲਜਿੰਦਰ ਸਿੰਘ ਗਰੇਵਾਲ ਨੇ ਦੱਸਿਆ ਕੇ ਇਸ ਮਿਸ਼ਨ ਤਹਿਤ ਇਲਾਕੇ ਦੇ 10 ਹਜ਼ਾਰ ਤੋਂ ਵੱਧ ਬੱਚਿਆਂ ਨੂੰ ਇਹ ਕਿੱਟਾਂ ਵੰਡੀਆਂ ਜਾ ਰਹੀਆਂ ਹਨ। ਇਸ ਲਈ ਉਨ੍ਹਾਂ ਡਾਬਰ ਕੰਪਨੀ ਵੱਲੋਂ ਮਿਲੇ ਸਹਿਯੋਗ ਲਈ ਵੀ ਉਨ੍ਹਾਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਸੇਵਾ ਟਰੱਸਟ ਦੇ ਯੂਥ ਗਰੁੱਪ ਦੇ ਸੰਚਾਲਕ ਗੁਰਦੀਪ ਸਿੰਘ ਪਨੂੰ, ਰਛਪਾਲ ਸਿੰਘ, ਅਤੇ ਸੇਵਾਮੁਕਤ ਹੈਡਮਾਸਟਰ ਅਤੇ ਸਮਾਜ ਸੇਵੀ ਨਰਿੰਦਰ ਸਿੰਘ ਸੇਖੋਂ, ਬਲਜੀਤ ਸਿੰਘ ਹੈਡਮਾਸਟਰ ਪ੍ਰਾਇਮਰੀ ਸਕੂਲ, ਸਕੂਲ ਮੁਖੀ ਪਰਮਜੀਤ ਕੌਰ ਗਿੱਲ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਪ੍ਰਧਾਨ ਮੰਤਰੀ ਦੀ ਜਾਨ ਨੂੰ ਖਤਰੇ ਪਿੱਛੇ 'ਸਿੱਖ ਫਾਰ ਜਸਟਿਸ' ਵਰਗੀਆਂ ਏਜੰਸੀਆਂ ਦਾ ਹੱਥ : ਬੀਬੀ ਰਾਮੂੰਵਾਲੀਆ

**ਮੋਹਾਲੀ/ਲੋਕ ਬਾਣੀ**



5 ਜਨਵਰੀ ਨੂੰ ਪ੍ਰਧਾਨ ਮੰਤਰੀ ਜੀ ਨੇ ਪੰਜਾਬ ਦੌਰੇ ਤੇ ਆਉਣਾ ਸੀ । ਪਰ ਕੁਝ ਅਸੰਤੁਸ਼ਟ ਲੋਕਾਂ ਕਰਕੇ ਮਾਹੌਲ ਖਰਾਬ ਹੋਣ ਕਾਰਨ, ਪ੍ਰਧਾਨ ਮੰਤਰੀ ਜੀ ਨੂੰ ਵਾਪਸ ਜਾਣਾ ਪਿਆ। ਇਹ ਨਿੰਦਣਯੋਗ ਘਟਨਾ ਪਿੱਛੇ 'ਸਿੱਖ ਫਾਰ ਜਸਟਿਸ' ਦਾ ਹੱਥ ਹੈ, ਅਤੇ ਨਾਲ ਹੀ ਕਾਂਗਰਸ ਵੱਲੋਂ ਸੁਰੱਖਿਆ ਪ੍ਰਬੰਧਾਂ ਚ ਵੱਡੀ ਕੁਤਾਹੀ ਵੀ ਜੰਮਿਵਾਰ ਹੈ । ਇਹ ਸ਼ਬਦ ਭਾਜਪਾ ਦੇ ਬੁਲਾਰਾ ਬੀਬੀ ਅਮਨਜੋਤ ਕੌਰ ਰਾਮੂੰਵਾਲੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਹੇ। ਬੀਬੀ ਜੀ ਨੇ ਦੱਸਿਆ ਕਿ ਖੁਫੀਆ ਏਜੰਸੀਆਂ ਦੇ ਸੂਤਰਾਂ ਦਿੱਤੀ ਰਿਪੋਰਟ ਅਨੁਸਾਰ 'ਸਿੱਖ ਫਾਰ ਜਸਟਿਸ' ਨੇ ਦੌਰੇ ਤੋਂ ਕੁਝ ਦਿਨ ਪਹਿਲਾਂ ਹੀ ਲੋਕਾਂ ਨੂੰ ਪ੍ਰਧਾਨ ਮੰਤਰੀ ਦੀ ਯਾਤਰਾ ਦਾ ਵਿਰੋਧ ਕਰਨ ਨੂੰ ਕਿਹਾ ਸੀ ।ਵੀਡੀਓ ਵਿੱਚ ਪੰਨੂੰ ਨੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ 3700 ਤੋਂ ਵੱਧ ਕਿਸਾਨਾਂ ਦੀਆਂ ਮੌਤਾਂ ਦਾ ਜੰਮਿਵਾਰ ਹੈ ।ਪਨੂੰ ਨੇ ਇਸ ਵਿਰੋਧ ਪ੍ਰਦਰਸਨ ਲਈ ਇਕ ਲੱਖ ਅਮਰੀਕੀ ਡਾਲਰ ਦੀ ਵੀ ਪੇਸ਼ਕਸ਼ ਕੀਤੀ। ਪੰਨੂ ਹਰ ਵਾਰ ਆਮ ਜਨਤਾ ਨੂੰ ਭੜਕਾ ਕੇ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਕੋਸਸਿ ਕਰਦਾ ਹੈ ।

ਦੂਜੇ ਪਾਸੇ ਬੀਬੀ ਜੀ ਨੇ ਕਾਂਗਰਸ ਤੇ ਨਿਸ਼ਾਨਾ ਕੱਸਦੇ ਹੋਏ ਕਿਹਾ ਕਿ ਕਾਂਗਰਸ ਵੀ ਸਾਰੀ ਘਟਨਾ ਪਿੱਛੇ ਮੁੱਖ ਜ਼ਿੰਮੇਵਾਰ ਹੈ। ਕਾਂਗਰਸ ਦੀ ਨਾਕਾਮੀ ਕਰਕੇ ਪ੍ਰਧਾਨ ਮੰਤਰੀ ਜੀ ਦਾ ਰੂਟ ਪਲਾਨ ਲੀਕ ਹੋਇਆ ,ਅਤੇ ਨਾ ਹੀ ਮੁੱਖ ਮੰਤਰੀ ਚੰਨੀ ਸੰਵਿਧਾਨ ਅਨੁਸਾਰ ਪ੍ਰਧਾਨ ਮੰਤਰੀ ਜੀ ਨੂੰ ਏਅਰ ਪੋਰਟ ਤੇ ਸਵਾਗਤ ਕਰਨ ਪੁੱਜੇ। ਬਾਅਦ ਚੰਨੀ ਜੀ ਵੱਲੋਂ ਇਕ ਪ੍ਰੈੱਸ ਕਾਨਫਰੰਸ ਵਿੱਚ ਬਹਾਨਾ ਬਣਾਉਂਦੇ ਕਿਹਾ ਕਿ ਮੇਰੇ ਸਟਾਫ ਵਿਚ ਕੋਵਿਡ ਪੌਜ਼ੀਟਿਵ ਕੇਸ ਆਏ ਹਨ, ਜਿਸ ਕਾਰਨ ਮੈਂ ਪ੍ਰਧਾਨ ਮੰਤਰੀ ਨੂੰ ਮਿਲਣ ਨਹੀਂ ਜਾ ਸਕਦਾ ਸੀ । ਪਰ ਬੀਤੇ ਦਿਨ ਚਾਰ ਜਨਵਰੀ ਨੂੰ ਇਕ ਯੂਨੀਵਰਸਿਟੀ ਵਿੱਚ ਚੰਨੀ ਜੀ ਭੰਗੜਾ ਪਾ ਰਹੇ ਸੀ। ਅਤੇ ਅੱਜ ਵੀ ਉਨ੍ਹਾਂ ਨੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ ।ਕਿ ਅੱਜ ਉਨ੍ਹਾਂ ਦੇ ਸਟਾਫ ਵਿੱਚ ਕੋਵਿੱਡ ਨੈਗੇਟਿਵ ਆ ਗਿਆ ? ਕਾਂਗਰਸ ਵੱਲੋਂ ਸੁਰੱਖਿਆ ਪ੍ਰਬੰਧਾਂ ਚ ਵੱਡੀ ਕੁਤਾਹੀ ਵਰਤੀ ਗਈ, ਜਿਸ ਕਾਰਨ ਪ੍ਰਧਾਨ ਮੰਤਰੀ ਦੀ ਜਾਨ ਲਈ ਖਤਰਾ ਪੈਦਾ ਹੋ ਗਿਆ।

ਕੱਲ੍ਹ ਸਾਰੀ ਆਮ ਅਤੇ ਖਾਸ ਜਨਤਾ ਟੀਵੀ ਮੁਹਰੇ ਇੱਕ ਆਸ ਲਗਾ ਕੇ ਬੈਠੀ ਸੀ, ਕਿ ਮੋਦੀ ਜੀ ਆਉਣਗੇ ਅਤੇ ਪੰਜਾਬ ਨੂੰ ਕੁਝ ਦੇ ਕੇ ਜਾਣਗੇ,ਪਰ ਕਾਂਗਰਸ ਦੀ ਇਹ ਹਰਕਤ ਕਰਕੇ ਪੰਜਾਬ ਦੇ ਵਿਕਾਸ ਵਿਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਹੈ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ/ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016/2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) / Contect No. : 0181-2211009, Fax : 2211009 / Email Id : lokbani08@gmail.com / Webside : lokbani.com

# 5 ਜਨਵਰੀ ਦਾ ਦਿਨ ਪੰਜਾਬ, ਪੰਜਾਬੀ ਤੇ ਪੰਜਾਬੀਅਤ ਲਈ ਨਿਰਾਸ਼ਾਜਨਕ ਰਿਹਾ

## ➤ ਦੇਸ ਦੇ ਮੁਖੀ ਪ੍ਰਧਾਨ ਮੰਤਰੀ ਮੋਦੀ ਦੀ ਸੁਰੱਖਿਆ ਪ੍ਰਤੀ ਪੁਖਤਾ ਪ੍ਰਬੰਧ 'ਚ ਕੋਤਾਹੀ ਅਤੇ ਉਸ ਦਾ ਰਾਹ ਰੋਕਣਾ ਤਰਕਸੰਗਤ ਨਹੀਂ

*➤ ਪੰਜਾਬ ਸਰਕਾਰ ਅਤੇ ਕਿਸਾਨ ਆਗੂ ਕੇਂਦਰ ਨਾਲ ਟਕਰਾਓ ਦੀ ਥਾਂ ਪੰਜਾਬ ਅਤੇ ਕਿਸਾਨੀ ਦੇ ਵਿਕਾਸ ਬਾਰੇ ਚਿੰਤਾ ਕਰਨ ।*

ਭਾਰਤੀ ਜਨਤਾ ਪਾਰਟੀ ਵੱਲੋਂ ਫਰਿਜਪੁਰ ਵਿਖੇ ਕੀਤੀ ਜਾ ਰਹੀ ਰੈਲੀ ਦੇ ਰੱਦ ਹੋਣ ਨਾਲ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਇਸ ਮੌਕੇ ਪੰਜਾਬ ਦੇ ਵਿਕਾਸ ਲਈ ਕੀਤੇ ਜਾਣ ਵਾਲੇ ਐਲਾਨਾਂ ਅਤੇ ਵਿਕਾਸ ਕਾਰਜਾਂ ਦੀ ਆਸ ਲਗਾਈ ਬੈਠੇ ਪੰਜਾਬ ਵਾਸੀਆਂ ਨੂੰ ਗਹਿਰਾ ਧੱਕਾ ਲੱਗਿਆ ਹੈ।ਬੇਸ਼ੱਕ ਇਹ ਰੈਲੀ ਮੌਸਮ ਦੀ ਖਰਾਬੀ ਤੋਂ ਇਲਾਵਾ ਕੁਝ ਕਿਸਾਨ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਦੇ ਵਿਰੋਧ 'ਚ ਦਿਖਾਏ ਜਾ ਰਹੇ ਤੇਵਰਾਂ ਵਜੋਂ ਪ੍ਰਧਾਨ ਮੰਤਰੀ ਦਾ ਰਸਤਾ ਰੋਕੇ ਜਾਣ ਨਾਲ ਪੈਦਾ ਹੋਈ ਸਥਿਤੀ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਪੁਲੀਸ ਵੱਲੋਂ ਨਾ ਸੰਭਾਲ ਸਕਣ ਕਾਰਨ ਰੱਦ ਕੀਤੀ ਗਈ । ਰੈਲੀ ਵਿਚ ਸਾਮਿਲ ਹੋਣ ਪੰਜਾਬ ਆਏ ਪ੍ਰਧਾਨ ਮੰਤਰੀ ਦਾ ਇਕ ਧਿਰ ਵੱਲੋਂ ਰਾਹ ਰੋਕਣਾ ਅਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਸੁਰੱਖਿਅਤ ਲਾਂਘੇ ਦਾ ਪੁਖਤਾ ਪ੍ਰਬੰਧ ਨਾ ਕਰ ਸਕਣਾ ਕਿਸੇ ਤਰਾਂ ਵੀ ਤਰਕਸੰਗਤ ਨਹੀਂ ਕਿਹਾ ਜਾ ਸਕਦਾ। ਸੰਵਿਧਾਨ ਸਾਨੂੰ ਰੋਸ ਮੁਜਾਹਰਾ ਕਰਨ ਦਾ ਹੱਕ ਦਿੰਦਾ ਹੈ ਪਰ ਸਾਂਤਮਈ ਅਤੇ ਕਿਸੇ ਅੱਗੇ ਰੁਕਾਵਟਾਂ ਖੜੇ ਕੀਤੇ ਬਗੈਰ । ਪ੍ਰਧਾਨ ਮੰਤਰੀ ਦਾ ਰਸਤਾ ਰੋਕ ਕੇ ਕਿਸਾਨ ਆਗੂਆਂ ਤੇ ਧਰਨਾਕਾਰੀਆਂ ਨੇ ਜਿੱਥੇ ਪੰਜਾਬ ਦੀ ਆਰਥਿਕਤਾ ਤੇ ਵਿਕਾਸ ਨੂੰ ਵੱਡੀ ਸੱਟ ਮਾਰੀ ਹੈ ਉੱਥੇ ਹੀ ਪੰਜਾਬੀਆਂ ਦੇ ਸਦਾਚਾਰ ਦੇ ਗੁਣਾਂ, ਕਦਰਾਂ ਕੀਮਤਾਂ ਅਤੇ ਪੰਜਾਬੀਅਤ ਨੂੰ ਵੀ ਦਿਨ ਦਿਹਾੜੇ ਤਿਲਾਂਜਲੀ ਦਿੰਦਿਆਂ ਆਪਣੇ ਅੰਦਰ ਨੈਤਿਕ ਪਤਨ ਦਾ ਮੁਜਾਹਰਾ ਕੀਤਾ ਹੈ। ਇਹ ਮੋਦੀ ਅਤੇ ਸਮੂਹ ਪੰਜਾਬੀਆਂ ਲਈ ਨਮੋਸੀ ਵਾਲੀ ਗਲ ਹੈ। ਕਿਸਾਨੀ ਦੇ ਨਾਮ 'ਤੇ ਵੱਖ ਵੱਖ ਥਾਂਵਾਂ 'ਤੇ ਭਾਜਪਾ ਕਾਰਕੁਨਾਂ ਅਤੇ ਸਹੀਦਾਂ ਨੂੰ ਸਰਧਾਂਜਲੀ ਅਰਪਿਤ ਕਰਨ ਹੁਸੈਨੀਵਾਲਾ ਜਾ ਰਹੇ ਦੇਸ ਦੇ ਮੁਖੀ ਪ੍ਰਧਾਨ ਮੰਤਰੀ ਦਾ ਰਾਹ ਰੋਕਦਿਆਂ ਉਨ੍ਹਾਂ ਨੂੰ ਰੈਲੀ ਤਕ ਨਾ ਜਾਣ ਦੇਣ 'ਤੇ ਅੜੇ ਰਹਿ ਕੇ ਇਨ੍ਹਾਂ ਲੋਕਾਂ ਨੇ ਲੋਕਤੰਤਰ ਨੂੰ ਸਰਮਸਾਰ ਕੀਤਾ ਹੈ। ਰੈਲੀ ਨੂੰ ਅਸਫਲ ਕਰਕੇ ਕਿਸਾਨ ਆਗੂਆਂ ਨੇ ਕੋਈ ਮਾਅਰਕਾ ਨਹੀਂ ਮਾਰਿਆ ਸਗੋਂ ਆਪਣੀ ਨਾ ਸਮਝੀ ਦਾ ਹੀ ਸਬੂਤ ਦਿੱਤਾ ਹੈ। ਕਿਸਾਨ ਆਗੂਆਂ ਨੂੰ ਚਿੰਤਨ ਕਰਨ ਦੀ ਲੋੜ ਹੈ, ਅੱਜ ਉਹ ਸਕਤੀਆਂ ਫਿਰ ਕਾਮਯਾਬ ਰਹੀਆਂ ਜੋ ਪੰਜਾਬ ਵਿਚ ਅਮਨ ਸਾਂਤੀ ਅਤੇ ਵਿਕਾਸ ਨਹੀਂ ਚਾਹੁੰਦੀਆਂ ਅਤੇ ਆਪਣੇ ਸਿਆਸੀ ਮੁਫਾਦ ਲਈ ਕੇਂਦਰ ਅਤੇ ਪੰਜਾਬ ਵਿਚ ਟਕਰਾਅ ਦੀ ਸਥਿਤੀ ਚਾਹੁੰਦੇ ਹਨ। ਪ੍ਰਦਰਸਨਕਾਰੀਆਂ ਵੱਲੋਂ ਪ੍ਰਧਾਨ ਮੰਤਰੀ ਦਾ ਰਾਹ ਰੋਕਣ ਪਿੱਛੇ ਪੰਜਾਬ ਸਰਕਾਰ ਦੀ ਸੁਰੱਖਿਆ 'ਚ ਕੋਤਾਹੀ ਸਾਫ ਨਜਰ ਆ ਰਹੀ ਹੈ। ਬੇਸ਼ੱਕ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਪ੍ਰਧਾਨ ਮੰਤਰੀ ਦੀ ਸੁਰੱਖਿਆ 'ਚ ਕੋਈ ਕਮੀ ਨਾ ਹੋਣ ਅਤੇ ਹਾਜਰੀਨ ਦੀ ਕਮੀ ਨੂੰ ਰੈਲੀ ਰੱਦ ਕਰਨ ਦਾ ਕਾਰਨ ਦੱਸਿਆ ਗਿਆ, ਪਰ ਫਿਰ ਵੀ ਪ੍ਰਧਾਨ ਮੰਤਰੀ ਦੀ ਸੁਰੱਖਿਆ ਲਈ ਤਾਇਨਾਤ ਪੰਜਾਬ ਪੁਲੀਸ ਦੇ ਕਈ ਅਧਿਕਾਰੀਆਂ ਅਤੇ ਮੁਲਾਜਮਾਂ ਵੱਲੋਂ ਉਸੇ ਅਸਥਾਨ 'ਤੇ ਪ੍ਰਦਰਸਨਕਾਰੀਆਂ ਨਾਲ ਚਾਹ ਦੀਆਂ ਚੁਸਕੀਆਂ ਲੈਣ ਦੀ ਤਸਵੀਰਾਂ ਦਾ ਸਾਹਮਣੇ ਆਉਣਾ ਪੁਲੀਸ ਦੀ ਸੱਕੀ ਭੂਮਿਕਾ ਬਾਰੇ ਕਈ ਸਵਾਲ ਖੜੇ ਕਰ ਗਏ ਹਨ। ਬਿਨਾ ਸੱਕ ਪੰਜਾਬ ਕਾਂਗਰਸ ਦੀ ਅੰਦਰੂਨੀ ਲੜਾਈ ਨੇ ਮੁੱਖ ਮੰਤਰੀ ਨੂੰ ਪੂਰੀ ਤਰਾਂ ਪ੍ਰਭਾਵਹੀਣ ਬਣਾ ਦਿੱਤਾ ਹੋਇਆ ਹੈ। ਜਿਸ ਕਾਰਨ ਪੰਜਾਬ ਸਰਕਾਰ ਪ੍ਰਧਾਨ ਮੰਤਰੀ ਦੀ ਸੁਰੱਖਿਆ ਪ੍ਰਤੀ ਪ੍ਰਭਾਵਸਾਲੀ ਕਦਮ ਚੁੱਕਣ 'ਚ ਨਾਕਾਮ ਰਿਹਾ। ਕਾਨੂੰਨੀ ਮਸੀਨਰੀ ਪ੍ਰਤੀ ਮੁੱਖ ਮੰਤਰੀ ਦੀ ਬੇਵਸੀ ਕਾਰਨ ਪ੍ਰਧਾਨ ਮੰਤਰੀ ਦੇ ਕਾਫਲੇ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰ ਜਾਂਦੀ ਤਾਂ ਉਸ ਦੇ ਨਤੀਜੇ ਵਜੋਂ ਪੰਜਾਬ ਦਾ ਮਾਹੌਲ ਹੋਰ ਜਿਆਦਾ ਖਰਾਬ ਹੋ ਜਾਣਾ ਸੀ, ਜਿਸ ਦਾ ਖਮਿਆਜਾ ਸੰਤਾਪ ਦੇ ਰੂਪ 'ਚ ਪੰਜਾਬ ਅਤੇ ਖਾਸਕਰ ਸਿੱਖ ਭਾਈਚਾਰੇ ਨੂੰ ਭੁਗਤਣਾ ਪੈਂਦਾ।



ਪੰਜਾਬ ਇਕ ਸਰਹੱਦੀ ਸੂਬਾ ਹੈ। ਇੱਥੋਂ ਦੇ ਲੋਕਾਂ ਖਾਸਕਰ ਸਿੱਖ ਭਾਈਚਾਰੇ ਨੇ ਦੇਸ ਦੀ ਸੁਰੱਖਿਆ ਲਈ ਹਮੇਸ਼ਾਂ ਅੱਗੇ ਹੋਕੇ ਕੁਰਬਾਨੀਆਂ ਦਿੱਤੀਆਂ ਹਨ। ਪੰਜਾਬ, ਪੰਜਾਬੀਅਤ ਅਤੇ ਸਿੱਖਾਂ ਦੀਆਂ ਦਹਾਕਿਆਂ ਤੋਂ ਲਮਕਦੀਆਂ ਮੰਗਾਂ ਵਲ ਕਿਸੇ ਵੀ ਸਿਆਸੀ ਧਿਰ ਨੇ ਕੋਈ ਧਿਆਨ ਨਹੀਂ ਦਿੱਤਾ। ਕੁਝ ਸਿੱਖ ਚਿੰਤਕਾਂ ਵੱਲੋਂ ਕੇਂਦਰ ਤਕ ਪਹੁੰਚ ਕਰਦਿਆਂ ਉਸ ਨਾਲ ਸੰਵਾਦ ਰਚਾਉਣ ਦੀ ਪਹਿਲ ਕਦਮੀ ਜਰੂਰ ਕੀਤੀ ਜਾਂਦੀ ਰਹੀ। ਜਿਸ ਪ੍ਰਤੀ ਪ੍ਰਧਾਨ ਮੰਤਰੀ ਮੋਦੀ ਦੀ ਟੀਮ ਵੱਲੋਂ ਸਿੱਖ ਭਾਈਚਾਰੇ ਦੀ ਨਬਜ ਪਛਾਣਦਿਆਂ ਹਾਂ ਪੱਖੀ ਹੁੰਗਾਰਾ ਭਰਨਾ ਇਹ ਸਪਸਟ ਕਰਦਾ ਹੈ ਕਿ ਇਤਿਹਾਸਕ ਅਤੇ ਰਾਜਨੀਤਿਕ ਪੱਖੋਂ ਅਹਿਮੀਅਤ ਰੱਖਣ ਵਾਲੇ ਪੰਜਾਬ ਨਾਲ ਕੇਂਦਰ ਦੀ ਮੋਦੀ ਸਰਕਾਰ ਟਕਰਾਓ ਨਹੀਂ ਸਹੇੜਨਾ ਚਾਹੁੰਦਾ ਸਗੋਂ ਮੌਜੂਦਾ ਕੇਂਦਰ ਸਰਕਾਰ ਪੰਜਾਬ ਦੀ ਊਰਜਾ ਅਤੇ ਹੁਨਰ ਦੀ ਵਰਤੋਂ ਦੇਸ ਦੇ ਵਿਕਾਸ ਅਤੇ ਸੁਰੱਖਿਆ ਨੂੰ ਮਜਬੂਤ ਕਰਨ ਪ੍ਰਤੀ ਚਾਹਵਾਨ ਹੈ। ਪ੍ਰਧਾਨ ਮੰਤਰੀ ਨੇ ਪੰਜਾਬੀਆਂ ਖਾਸਕਰ ਸਿੱਖ ਭਾਈਚਾਰੇ ਦੀ ਨਰਾਜਗੀ ਦੂਰ ਕਰਨ ਲਈ ਬਹੁਤ ਕੁਝ ਕੀਤਾ ਹੈ। ਸਿੱਖ ਸਿਆਸੀ ਕੈਦੀਆਂ ਦੀ ਰਿਹਾਈ, ਨਵੰਬਰ '84 ਦੇ ਸਿੱਖ ਕਤਲੇਆਮ ਦੇ ਦੋਸੀਆਂ ਨੂੰ ਸਲਾਖਾਂ ਪਿੱਛੇ ਸੁੱਟਣ, ਗੁ: ਕਰਤਾਰਪੁਰ ਲਾਂਘਾ ਖੋਲ੍ਹਣ, ਸ੍ਰੀ ਗੁਰੂ ਰਾਮਦਾਸ ਲੰਗਰ ਤੋਂ ਜੀ ਐਸ ਟੀ ਹਟਾਉਣ, ਕਾਲੀ ਸੂਚੀ ਖਤਮ ਕਰਨ ਵਰਗੇ ਅਨੇਕਾਂ ਕਾਰਜ ਸ੍ਰੀ ਮੋਦੀ ਦੇ ਹਿੱਸੇ ਹੀ ਆਏ ਹਨ। ਪ੍ਰਧਾਨ ਮੰਤਰੀ ਮੋਦੀ ਇਕ ਦੂਰਅੰਦੇਸੀ ਤੇ ਦ੍ਰਿੜ੍ਹ ਵਿਅਕਤੀ ਹਨ । ਮੋਦੀ ਸਰਕਾਰ ਕਿਸਾਨਾਂ ਨਾਲ ਟਕਰਾਅ ਨਹੀਂ ਚਾਹੁੰਦੀ, ਕਿਸਾਨੀ ਮਾਮਲੇ ਅਤੇ ਵਿਵਾਦਿਤ ਤਿੰਨ ਖੇਤੀ ਕਾਨੂੰਨਾਂ ਨੂੰ ਵਾਪਸ ਲੈ ਕੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਿਸਾਨਾਂ ਪ੍ਰਤੀ ਮਿਲਵਰਤਨ ਅਤੇ ਨਰਮੀ ਦਿਖਾਉਂਦਿਆਂ ਗੱਲਬਾਤ ਦਾ ਰਸਤਾ ਅਪਣਾਇਆ ਗਿਆ, ਜਿਸ ਦਾ ਹਰੇਕ ਸੂਝਵਾਨ ਨੇ ਸਵਾਗਤ ਕੀਤਾ। ਉਮੀਦ ਹੈ ਕਿ ਫਰਿਜਪੁਰ ਰੈਲੀ ਦੇ ਵਿਫਲ ਹੋਣ ਦੇ ਬਾਵਜੂਦ ਪ੍ਰਧਾਨ ਮੰਤਰੀ ਮੋਦੀ ਦਾ ਹਿਰਦਾ ਬੜਾ ਵਿਸਾਲ ਹੈ, ਚੰਦ ਬੰਦਿਆਂ ਦੇ ਵਿਰੋਧ ਨੂੰ ਨਜਰਅੰਦਾਜ ਕਰਦਿਆਂ ਉਹ ਪੰਜਾਬ ਦੇ ਲਈ ਉਲੀਕੇ ਕਾਰਜਾਂ ਨੂੰ ਜਲਦ ਨਤੀਜਿਆਂ ਤਕ ਪਹੁੰਚਾਉਣਗੇ।

ਫਰਿਜਪੁਰ ਰੈਲੀ ਪ੍ਰਤੀ ਬੀਤੇ ਦਿਨਾਂ ਤੋਂ ਪੰਜਾਬ 'ਚ ਵੱਡੀ ਚਰਚਾ ਇਹੀ ਰਹੀ ਕਿ ਪ੍ਰਧਾਨ ਮੰਤਰੀ ਮੋਦੀ ਤੋਂ 4275 ਕਰੋੜ ਦੇ ਵਿਕਾਸ ਪ੍ਰਾਜੈਕਟਾਂ ਰਾਹੀਂ ਪੰਜਾਬ ਨੂੰ ਵੱਡੇ ਪੈਕੇਜ ਵਜੋਂ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਤੋਂ ਇਲਾਵਾ ਪੰਜਾਬ ਦੀਆਂ ਪਰੰਪਰਾਗਤ ਮੰਗਾਂ ਮੰਨ ਲਏ ਜਾਣ ਦੀ ਪੂਰੀ ਆਸ ਸੀ। ਜਿਸ 'ਚ ਚੰਡੀਗੜ੍ਹ ਪੰਜਾਬ ਨੂੰ ਦੇਣ, ਦਰਿਆਈ ਪਾਣੀਆਂ ਦੇ ਮਾਮਲੇ 'ਤੇ ਵਿਚਾਰ ਕਰਨ, ਕਿਸਾਨਾਂ ਦਾ ਅਤੇ ਪੰਜਾਬ ਦਾ ਕਰਜਾ ਮੁਆਫ ਕਰਨ, ਬੰਦੀ ਸਿੰਘਾਂ ਦੀ ਰਿਹਾਈ, ਸਿੱਖ ਪੰਥ ਦੀਆਂ ਚਿਰੋਕਣੀ ਮੰਗਾਂ ਦਾ ਸਥਾਈ ਹੱਲ ਕਰਨਾ ਵੀ ਸਾਮਿਲ ਹੈ। ਰੈਲੀ 'ਚ ਕੀਤੇ ਜਾਣ ਵਾਲੇ ਐਲਾਨਾਂ ਨਾਲ ਗੁਰੂ ਨਗਰੀ ਅੰਮ੍ਰਿਤਸਰ ਨੂੰ ਕਾਫੀ ਲਾਭ ਪੁੱਜਣਾ ਸੀ। ਸੜਕਾਂ ਦੀ ਮਜਬੂਤੀ ਵਿਕਾਸ ਲਈ ਜਰੂਰੀ ਸਾਧਨ ਹੈ। 39,500 ਕਰੋੜ ਦੀ ਲਾਗਤ ਵਾਲੀ 669 ਕਿੱਲੋਮੀਟਰ ਦਿਲੀ-ਅੰਮ੍ਰਿਤਸਰ- ਕਟੜਾ ਐਕਸਪ੍ਰੈਸਵੇਅ ਪੰਜਾਬ ਦੇ ਵਿਕਾਸ ਅਤੇ ਧਾਰਮਿਕ ਕੇਂਦਰ ਸੁਲਤਾਨਪੁਰ ਲੋਧੀ, ਗੋਇੰਦਵਾਲ ਸਾਹਿਬ, ਖਡੂਰ ਸਾਹਿਬ, ਤਰਨਤਾਰਨ ਅਤੇ ਵੈਸਨੋ ਦੇਵੀ ( ਕਟੜਾ ) ਤਕ ਪਹੁੰਚਣ ਲਈ ਮੀਲ ਪੱਥਰ ਦਾ ਕੰਮ ਕਰਨਾ ਸੀ। ਸਿਹਤ ਸਹੂਲਤਾਂ ਅਤੇ ਫਰਿਜਪੁਰ ਸਮੇਤ ਪੰਜਾਬ ਨੂੰ ਕੈਂਸਰ ਤੋਂ ਨਿਜਾਤ ਲਈ 490 ਕਰੋੜ ਦੀ ਪੀਜੀਆਈ ਸੈਟੇਲਾਈਟ ਸੈਂਟਰ, ਮੁਹਾਲੀ ਵਿਖੇ ਮੈਡੀਕਲ ਕਾਲਜ ਨੂੰ ਮਨਜੂਰੀ ਦੇਣ ਉਪਰੰਤ ਹੁਣ ਹੁਸਿਆਰਪੁਰ ਅਤੇ ਕਪੂਰਥਲਾ ਵਿਖੇ 325 ਕਰੋੜ ਦੀ ਲਾਗਤ ਨਾਲ 100 ਸੀਟਾਂ ਦੀ ਸਮਰੱਥਾ ਵਾਲੇ ਮੈਡੀਕਲ ਕਾਲਜ, 1700 ਕਰੋੜ ਦੀ ਲਾਗਤ ਨਾਲ ਅੰਮ੍ਰਿਤਸਰ- ਊਨਾ 77 ਕਿੱਲੋਮੀਟਰ ਚਾਰ ਮਾਰਗੀ, 410 ਕਰੋੜ ਰੁਪਏ ਲਾਗਤ ਨਾਲ ਮੁਕੇਰੀਆਂ ਤਲਵਾੜਾ ਰੇਲਵੇ ਲਾਈਨ ਦੀ ਉਸਾਰੀ ਲਈ ਨੀਂਹ ਰੱਖੇ ਜਾਣੇ ਸਨ, ਜਿਨ੍ਹਾਂ ਤੋਂ ਹਾਲ ਦੀ ਘੜੀ ਪੰਜਾਬ ਵਾਂਝਾ ਰਹਿ ਗਿਆ। ਇਨ੍ਹਾਂ ਪ੍ਰਾਜੈਕਟਾਂ ਨਾਲ ਪੰਜਾਬ ਵਿਚ ਸੈਰ ਸਪਾਟੇ ਦੇ ਖੇਤਰ 'ਚ ਜਿੱਥੇ ਵਾਧਾ ਹੋਣਾ ਨਿਸਚਿਤ ਸੀ ਉੱਥੇ ਹੀ ਆਰਥਿਕਤਾ ਨੂੰ ਵੱਡਾ ਹਲੂਣਾ ਮਿਲਣ ਦੀ ਉਮੀਦ ਸੀ। ਕਿਸਾਨ ਜਥੇਬੰਦੀਆਂ ਵੱਲੋਂ ਦਿਲੀ ਤੋਂ ਵਾਪਸ ਪਰਤਣ ਤੋਂ ਬਾਅਦ ਭਾਜਪਾ ਦੀ ਹਰ ਪਾਸੇ ਤੋਂ ਸਰਗਰਮੀ ਵਧੀ ਹੋਈ ਸੀ। ਭਾਜਪਾ ਰੈਲੀ ਦੀ ਕਾਮਯਾਬੀ ਅਤੇ ਪੰਜਾਬ ਨੂੰ ਇਕ ਨਵੀਂ ਦਿਸਾ ਦੇਣ ਲਈ ਪੰਜਾਬ ਭਾਜਪਾ ਦੇ ਇੰਚਾਰਜ ਕੇਂਦਰੀ ਮੰਤਰੀ ਗੱਜੇਂਦਰ ਸਿੰਘ ਸੇਖਾਵਤ ਅਤੇ ਪੰਜਾਬ ਪ੍ਰਧਾਨ ਅਸਵਨੀ ਸਰਮਾ ਵੱਲੋਂ ਦਿਨ ਰਾਤ ਇਕ ਕੀਤਾ ਹੋਇਆ ਸੀ। ਵਿਧਾਇਕਾਂ, ਸਾਬਕਾ ਵਿਧਾਇਕਾਂ ਅਤੇ ਕਈ ਅਹਿਮ ਸਖਸੀਅਤਾਂ ਵੱਲੋਂ ਭਾਜਪਾ ਵਿਚ ਕੀਤੀ ਜਾ ਰਹੀ ਸਮੂਲੀਅਤ ਭਾਜਪਾ ਦੀ ਪੰਜਾਬ 'ਚ ਚੜ੍ਹਤ ਅਤੇ ਵਧ ਰਹੀ ਤਾਕਤ ਨੂੰ ਬਿਆਨ ਕਰ ਰਿਹਾ ਸੀ, ਜਿਸ ਕਾਰਨ ਕਈਆਂ ਰਾਜਸੀ ਪਾਰਟੀਆਂ ਨੂੰ ਔਖ ਮਹਿਸੂਸ ਹੋਣਾ ਕੁਦਰਤੀ ਹੈ। ਅੱਜ ਦੀ ਸਿਆਸਤ ਮੌਕਾ ਪ੍ਰਸਤੀ ਦੀ ਖੇਡ ਬਣ ਕੇ ਰਹਿ ਗਈ ਹੈ। ਅੱਜ ਕਿਸਾਨ ਆਗੂ ਚੋਣ ਲੜਨਾ ਚਾਹੁੰਦੇ ਹਨ ਤਾਂ ਬੇਸੱਕ ਲੜ ਲੈਣ ਪਰ ਕਿਸੇ ਸਾਜਸਿ ਦਾ ਹਿੱਸਾ ਬਣ ਕੇ ਪੰਜਾਬ ਦੇ ਵਿਕਾਸ ਦਾ ਰਾਹ ਰੋਕਣ ਦਾ ਉਨ੍ਹਾਂ ਨੂੰ ਕੋਈ ਹੱਕ ਨਹੀਂ, ਇਸ ਦਾ ਜਵਾਬ ਲੋਕ ਕਿਸਾਨ ਆਗੂਆਂ ਅਤੇ ਕਾਂਗਰਸ ਤੋਂ ਜਰੂਰ ਲੈਣਗੇ। ਕੁਝ ਵੀ ਹੋਵੇ ਕਲ 5 ਜਨਵਰੀ ਦਾ ਦਿਨ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਲਈ ਨਿਰਾਸਾਜਨਕ ਰਿਹਾ।

( ਪ੍ਰੋ: ਸਰਚਾਂਦ ਸਿੰਘ ਖਿਆਲਾ)

# ਚੇਅਰਮੈਨ ਸੁਖਵਿੰਦਰ ਬਿੰਦਰਾ ਨੇ ਸਮਾਜ ਦੀ ਭਲਾਈ ਲਈ ਕੰਮ ਕਰਨ ਵਾਲੇ ਪ੍ਰੇਰਨਾਦਾਇਕ ਨੌਜਵਾਨਾਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਿਤ

■ ਪੀ.ਵਾਈ.ਡੀ.ਬੀ. ਦੇ ਚੇਅਰਮੈਨ ਸੁਖਵਿੰਦਰ ਸਿੰਘ ਬਿੰਦਰਾ ਨੇ ਲੋਧੀ ਕਲੱਬ ਵਿਖੇ ਨੌਜਵਾਨਾਂ ਦੇ ਸਨਮਾਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

**ਲੁਧਿਆਣਾ/ਲੋਕ ਬਾਣੀ**

ਅੱਜ ਲੋਧੀ ਕਲੱਬ, ਭਾਈ ਰਣਧੀਰ ਸਿੰਘ ਨਗਰ, ਲੁਧਿਆਣਾ ਵੱਲੋਂ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਅਤੇ ਉੱਦਮੀਆਂ ਨੂੰ ਉਤਸ਼ਾਹਿਤ ਕਰਨ ਹਿੱਤ ਇੱਕ ਪ੍ਰੋਗਰਾਮ ਕੀਤਾ ਗਿਆ, ਇਸ ਪ੍ਰੋਗਰਾਮ ਵਿੱਚ ਸ। ਸੁਖਵਿੰਦਰ ਸਿੰਘ ਬਿੰਦਰਾ, ਚੇਅਰਮੈਨ ਪੰਜਾਬ ਯੂਥ ਡਵੈਲਪਮੈਂਟ ਬੋਰਡ (ਪੰਜਾਬ ਸਰਕਾਰ) ਵੱਲੋਂ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਗਈ। ਚੇਅਰਮੈਨ ਸ੍ਰ। ਸੁਖਵਿੰਦਰ ਸਿੰਘ ਬਿੰਦਰਾ ਵੱਲੋਂ ਸਮਾਜ ਦੀ ਭਲਾਈ ਲਈ ਕੰਮ ਕਰਨ ਵਾਲੇ ਪ੍ਰੇਰਨਾਦਾਇਕ ਨੌਜਵਾਨਾਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ। ਪੰਜਾਬ ਯੂਥ ਵਿਕਾਸ ਬੋਰਡ (ਪੰਜਾਬ ਸਰਕਾਰ) ਰਾਜ ਦੇ ਨੌਜਵਾਨਾਂ ਦੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਥ ਡਵੈਲਪਮੈਂਟ ਬੋਰਡ ਨੌਜਵਾਨਾਂ ਵੱਲੋਂ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ।



# ਬੇਸਟ ਆਊਟ ਆਫ ਵੇਸਟ ਗਤੀਵਿਧੀ ਵਿੱਚ ਬੱਚਿਆਂ ਨੇ ਵਾਤਾਵਰਨ ਨੂੰ ਬਚਾਉਣ ਦਾ ਸੁਨੇਹਾ ਦਿੱਤਾ




**ਜਲੰਧਰ/ਰਾਕੇਸ਼ ਵਰਮਾ**

ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨ ਲਈ ਡਿਪਸ ਚੇਨ ਦੇ ਸਾਰੇ ਸਕੂਲਾਂ ਵਿੱਚ ਬੈਸਟ ਆਊਟ ਆਫ ਵੇਸਟ ਗਤੀਵਿਧੀ ਕਰਵਾਈ ਗਈ। ਜਿਸ ਵਿੱਚ ਵਿਦਿਆਰਥੀਆਂ ਨੇ ਪੁਰਾਣੀਆਂ, ਵਿਗੜ ਚੁੱਕੀਆਂ ਅਤੇ ਨਾ ਵਰਤਣਯੋਗ ਚੀਜਾਂ ਨੂੰ ਦੁਬਾਰਾ ਵਰਤ ਕੇ ਬਹੁਤ ਹੀ ਸੁੰਦਰ ਅਤੇ ਰਚਨਾਤਮਕ ਚੀਜਾਂ ਬਣਾਈਆਂ।

ਗਤੀਵਿਧੀ ਦੌਰਾਨ ਛੋਟੇ ਬੱਚਿਆਂ ਨੇ ਕਾਰਡ ਬੋਰਡ, ਪਲਾਸਟਿਕ ਦੀ ਬੋਤਲ, ਥਰਮਾਕੋਲ, ਪੁਰਾਣੀ ਜੀਨਸ ਆਦਿ ਦੀ ਵਰਤੋਂ ਕਰਕੇ ਗੁਲਦਸਤੇ, ਫੋਟੋ ਫਰੇਮ, ਪਿਗੀ ਬੈਂਕ ਆਦਿ ਬਣਾਏ। ਬੱਚਿਆਂ ਨੇ ਪੁਰਾਣੇ ਕੱਪੜਿਆਂ ਅਤੇ ਜੀਨਸ ਦੀ ਮਦਦ ਨਾਲ ਬੈਗ ਅਤੇ ਮੋਬਾਈਲ ਲਈ ਹੈਂਡ ਬੈਗ ਬਣਾਏ। ਇਨ੍ਹਾਂ 'ਤੇ ਬੱਚਿਆਂ ਨੇ ਪੇਂਟਿੰਗ ਦੇ ਰੰਗਾਂ ਨਾਲ ਬਹੁਤ ਹੀ ਖ਼ੂਬਸੂਰਤ ਪੇਂਟਿਗ ਬਣਾਈ। ਬੱਚਿਆਂ ਨੇ ਦੱਸਿਆ ਕਿ ਸਾਨੂੰ ਪਲਾਸਟਿਕ ਦੀਆਂ ਬਣੀਆਂ ਚੀਜਾਂ ਦੀ ਘੱਟ ਵਰਤੋਂ ਕਰਨੀ ਚਾਹੀਦੀ ਹੈ ਕਿਉਂਕਿ ਇਨ੍ਹਾਂ ਨੂੰ ਸਾੜਨ ਨਾਲ ਜਹਿਰੀਲਾ ਧੂੰਆਂ ਨਿਕਲਦਾ ਹੈ ਅਤੇ ਹਵਾ ਪ੍ਰਦੂਸਣ ਦਾ ਕਾਰਨ ਬਣਦੀ ਹੈ। ਡਿਪਸ ਚੇਨ ਦੇ ਵਾਇਸ ਚੇਅਰਪਰਸਨ ਪ੍ਰੀਤਿੰਦਰ ਕੌਰ ਨੇ ਬੱਚਿਆਂ ਨੂੰ ਕਿਹਾ ਕਿ ਬਦਲਦੇ ਸਮੇਂ ਦੇ ਨਾਲ ਲੋੜ ਹੈ ਕਿ ਅਸੀਂ ਵੀ ਆਪਣੀਆਂ ਆਦਤਾਂ ਨੂੰ ਬਦਲੀਏ ਤਾਂ ਜੋ ਅਸੀਂ ਆਪਣੇ ਵਾਤਾਵਰਨ ਨੂੰ ਬਚਾ ਸਕੀਏ। ਸਾਨੂੰ ਅਜਿਹੀਆਂ ਚੀਜਾਂ ਦੀ ਘੱਟ ਵਰਤੋਂ ਕਰਨੀ ਚਾਹੀਦੀ ਹੈ ਜਿਨ੍ਹਾਂ ਦੀ ਮੁੜ ਵਰਤੋਂ ਜਾਂ ਰੀਸਾਈਕਲ ਨਹੀਂ ਕੀਤੀ ਜਾ ਸਕਦੀ।

# ਸਰਕਾਰੀ ਮੁਲਾਜ਼ਮਾਂ ਲਈ ਵਿਸ਼ੇਸ਼ ਟੀਕਾਕਰਣ ਕੈਂਪ ਲੁਧਿਆਣਾ ਦੇ ਸਰਕਾਰੀ ਕਾਲਜ (ਲੜਕੀਆਂ) ਵਿਖੇ ਭਲਕੇ - ਟੀਕਾਕਰਣ ਕੈਂਪ ਮੌਕੇ ਸਟਾਫ ਦੇ ਨਾਲ ਵਿਭਾਗ ਦੇ ਮੁਖੀ ਦਾ ਆਉਣਾ ਲਾਜ਼ਮੀ : ਡਾ. ਨਯਨ ਜੱਸਲ

**ਲੁਧਿਆਣਾ/ਲੋਕ ਬਾਣੀ**

ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਸਮੂਹ ਸਰਕਾਰੀ ਵਿਭਾਗਾਂ ਲਈ ਵਿਸ਼ੇਸ਼ ਟੀਕਾਕਰਨ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਕੱਲ੍ਹ (7 ਜਨਵਰੀ, 2022) ਨੂੰ ਸਵੇਰੇ 10 ਵਜੇ ਸਰਕਾਰੀ ਕਾਲਜ ਲੜਕੀਆਂ, ਲੁਧਿਆਣਾ ਵਿਖੇ ਲਗਾਇਆ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ (ਜਗਰਾਉਂ)-ਕਮ-ਨੋਡਲ ਅਫ਼ਸਰ ਟੀਕਾਕਰਨ ਡਾ. ਨਯਨ ਜੱਸਲ ਨੇ ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਗਾਮੀ ਚੋਣਾਂ ਦੇ ਮੱਦੇਨਜ਼ਰ ਭਲਕੇ ਸਾਰੇ ਵਿਭਾਗਾਂ ਦੇ ਸਰਕਾਰੀ ਸਟਾਫ਼ ਲਈ ਵਿਸ਼ੇਸ਼ ਟੀਕਾਕਰਨ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਚੋਣ ਡਿਊਟੀ ਲਈ ਇੱਕ ਅਧਿਕਾਰੀ ਦਾ ਸੰਪੂਰਣ ਟੀਕਾਕਰਨ ਹੋਣਾ ਲਾਜ਼ਮੀ ਹੈ ਅਤੇ ਜਿਸ ਲਈ ਇਹ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਵਿਸ਼ੇਸ਼ ਟੀਕਾਕਰਨ ਕੈਂਪ ਲਈ ਵਿਭਾਗ ਦੇ ਮੁਖੀ (ਐਚ.ਓ.ਡੀ.) ਆਪਣੇ ਸਟਾਫ਼ ਨਾਲ ਲਾਜ਼ਮੀ ਤੌਰ 'ਤੇ ਆਉਣ ਕਿਉਂਕਿ ਡਿਪਟੀ ਕਮਿਸ਼ਨਰ ਸ੍ਰੀ ਵਰਿੰਦਰ ਕੁਮਾਰ ਸ਼ਰਮਾ ਇਸ ਸਥਾਨ 'ਤੇ ਵਿਭਾਗੀ ਤੌਰ 'ਤੇ ਟੀਕਾਕਰਨ ਸਥਿਤੀ ਦੀ ਸਮੀਖਿਆ ਮੀਟਿੰਗ ਕਰਨਗੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਪਹਿਲਾਂ ਹੀ ਰਸਮੀ ਪੱਤਰ ਜਾਰੀ ਕਰ ਦਿੱਤੇ ਗਏ ਹਨ ਅਤੇ ਜੇਕਰ ਕੋਈ ਵੀ ਵਿਭਾਗ ਮੁਖੀ ਕੈਂਪ ਤੋਂ ਗੈਰਹਾਜ਼ਰ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਚੋਣ ਐਕਟ ਤਹਿਤ ਅਨੁਸ਼ਾਸਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਚੋਣ ਡਿਊਟੀ ਦੌਰਾਨ ਕੋਈ ਵੀ ਅਧਿਕਾਰੀ/ਕਰਮਚਾਰੀ ਕੋਵਿਡ ਪਾਜ਼ੀਟਿਵ ਪਾਇਆ ਜਾਂਦਾ ਹੈ ਤਾਂ ਇਸ ਦੀ ਨਿਰੋਲ ਜ਼ਿੰਮੇਵਾਰੀ ਵਿਭਾਗ ਦੇ ਮੁਖੀ ਅਤੇ ਸਬੰਧਤ ਅਧਿਕਾਰੀ/ਕਰਮਚਾਰੀ ਦੀ ਹੋਵੇਗੀ।

# ਬੰਗਾ ਦੇ ਪਿੰਡ ਜੰਡਿਆਲਾ ਵਿਖੇ ਸਬਜੀਆਂ 'ਤੇ ਉੱਚ ਪੱਧਰੀ ਖੋਜ ਲਈ 'ਸੈਂਟਰ ਆਫ ਐਕਸੀਲੈਂਸ' ਸਥਾਪਿਤ ਕੀਤਾ ਜਾਵੇਗਾ

- ਕਿਸਾਨਾਂ ਨੂੰ ਨਵੀਆਂ ਤਕਨੀਕਾਂ ਬਾਰੇ ਸਿੱਖਿਅਤ ਕਰਨ ਅਤੇ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ 'ਚ ਅਹਿਮ ਰੋਲ ਨਿਭਾਏਗਾ ਪ੍ਰੋਜੈਕਟ
- ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਹੁਸਨ ਲਾਲ ਦੀ ਵਿਸੇਸ ਪਹਿਲਦਕਮੀ ਨਾਲ ਮਨਜੂਰ ਹੋਇਆ 10 ਕਰੋੜ ਲਾਗਤ ਦਾ ਪ੍ਰੋਜੈਕਟ



**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਸਹੀਦ ਭਗਤ ਸਿੰਘ ਨਗਰ ਜਿਲ੍ਹੇ ਦੇ ਸਬਜੀ ਉਤਪਾਦਕ ਕਿਸਾਨਾਂ ਲਈ ਪੰਜਾਬ ਸਰਕਾਰ ਵੱਲੋਂ ਬੰਗਾ ਬਲਾਕ ਦੇ ਪਿੰਡ ਜੰਡਿਆਲਾ ਵਿਖੇ ਸਬਜੀਆਂ ਸਬਜੀਆਂ 'ਤੇ ਉੱਚ ਪੱਧਰੀ ਖੋਜ ਲਈ 'ਸੈਂਟਰ ਆਫ ਐਕਸੀਲੈਂਸ' ਸਥਾਪਿਤ ਕੀਤਾ ਜਾਵੇਗਾ। ਇਸ ਉੱਚ ਪੱਧਰੀ ਪ੍ਰੋਜੈਕਟ ਬਾਰੇ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸਨਰ ਵਿਸੇਸ ਸਾਰੰਗਲ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਦੇ ਪ੍ਰਮੁੱਖ ਸਕੱਤਰ ਸ੍ਰੀ ਹੁਸਨ ਲਾਲ ਦੀ ਵਿਸੇਸ ਪਹਿਲਕਦਮੀ 'ਤੇ ਮਨਜੂਰ ਹੋਇਆ ਇਹ ਅਤਿਆਧੁਨਿਕ ਕੇਂਦਰ ਪਿੰਡ ਜੰਡਿਆਲਾ ਵਿੱਚ 3 ਏਕੜ ਰਕਬੇ ਵਿੱਚ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਐਗਰੋ ਐਕਸਪੋਰਟ ਕਾਰਪੋਰੇਸਨ ਲਿਮਟਿਡ ਇਸ ਪ੍ਰਾਜੈਕਟ ਦੀ ਕਾਰਜਕਾਰੀ ਏਜੰਸੀ ਹੈ। ਇਸ ਪ੍ਰੋਜੈਕਟ ਸੀ ਸਥਾਪਤੀ 'ਤੇ ਕਰੀਬ 10 ਕਰੋੜ ਰੁਪਏ ਦੀ ਲਾਗਤ ਆਵੇਗੀ।ਡਿਪਟੀ ਕਮਿਸਨਰ ਨੇ ਦੱਸਿਆ ਕਿ ਸਹੀਦ ਭਗਤ ਸਿੰਘ ਨਗਰ ਜਲ੍ਹਿ ਵਿੱਚ ਵੱਖਵੱਖ ਕਿਸਮਾਂ ਦੀਆਂ ਸਬਜੀਆਂ ਦੀ ਕਾਸਤ ਹੇਠ 13716 ਹੈਕਟੇਅਰ ਰਕਬਾ ਹੈ ਅਤੇ ਮਟਰ, ਆਲੂ, ਗੋਭੀ ਅਤੇ ਮਿਰਚ ਜਲ੍ਹਿ ਦੀਆਂ ਮੁੱਖ ਸਬਜੀਆਂ ਦੀਆਂ ਫਸਲਾਂ ਹਨ। ਉਨ੍ਹਾਂ ਕਿਹਾ ਕਿ ਇਹ ਕੇਂਦਰ ਨਾ ਸਿਰਫ ਕਿਸਾਨਾਂ ਨੂੰ ਸਬਜੀਆਂ ਦੀ ਖੇਤੀ ਸਬੰਧੀ ਨਵੀਨਤਮ ਤਕਨੀਕਾਂ ਬਾਰੇ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ ਸਗੋਂ ਜਲ੍ਹਿ ਵਿੱਚ ਫਸਲੀ ਵਿਭਿੰਨਤਾ ਨੂੰ ਵੀ ਉਤਸਾਹਿਤ ਕਰੇਗਾ। ਡਿਪਟੀ ਕਮਿਸਨਰ ਨੇ ਦੱਸਿਆ ਕਿ ਕੇਂਦਰ ਵਿੱਚ ਕਿਸਾਨਾਂ ਨੂੰ ਪੌਲੀ ਹਾਊਸ ਅਤੇ ਖੇਤੀ ਦੇ ਹੋਰ ਤਰੀਕਿਆਂ ਦੀ ਜਾਣਕਾਰੀ ਅਤੇ ਗਿਆਨ ਤੋਂ ਇਲਾਵਾ ਉੱਚ ਪੱਧਰੀ ਸਬਜੀਆਂ ਤਿਆਰ ਕਰਨ ਅਤੇ ਪੈਦਾ ਕਰਨ ਲਈ ਮਾਹਿਰਾਂ ਵੱਲੋਂ ਸਿਖਲਾਈ ਦਿੱਤੀ ਜਾਵੇਗੀ। ਸ੍ਰੀ ਸਾਰੰਗਲ ਨੇ ਕਿਹਾ ਕਿ ਇਸ ਤੋਂ ਇਲਾਵਾ, ਸਬਜੀ ਉਤਪਾਦਕਾਂ ਨੂੰ ਕੇਂਦਰ ਵਿਖੇ ਉੱਤਮ ਬੂਟੇ ਅਤੇ ਬੀਜ ਵੀ ਪ੍ਰਦਾਨ ਕੀਤੇ ਜਾਣਗੇ, ਅਤੇ ਕਿਹਾ ਕਿ ਪ੍ਰੋਜੈਕਟ ਦੀ ਜਮੀਨ ਦੀ ਸਨਾਖਤ ਸਬੰਧੀ ਰਸਮੀ ਕਾਰਵਾਈਆਂ ਪਹਿਲਾਂ ਹੀ ਪੂਰੀਆਂ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਕੇਂਦਰ ਹੋਰ ਕਿਸਾਨਾਂ ਨੂੰ ਕਣਕਨੇ ਦੇ ਪਾਣੀ ਦੇ ਚੱਕਰ ਵਿੱਚੋਂ ਨਿਕਲਣ ਲਈ ਪ੍ਰੇਰਿਤ ਕਰਨ ਵਿੱਚ ਵੀ ਮਹੱਤਵਪੂਰਨ ਸਾਬਤ ਹੋਵੇਗਾ।




# ਦਫ਼ਤਰ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਖੇ ਬਿਨਾਂ ਮਾਸਕ ਅਤੇ ਵੈਕਸ਼ੀਨੇਸ਼ਨ ਤੋਂ ਐਂਟਰੀ ਨਹੀਂ ਹੋਵੇਗੀ

- ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਦਾਖਲ ਹੋਣ ਵਾਲੇ ਗੇਟਾਂ, ਸੇਵਾ ਕੇਂਦਰ ਤੇ ਦਫਤਰਾਂ ਦੀ ਕੀਤੀ ਚੈਕਿੰਗ
- ਜ਼ਿਲਾ ਵਾਸੀਆਂ ਨੂੰ ਕੋਰੋਨਾ ਦੀ ਤੀਸਰੀ ਲਹਿਰ ਤੋਂ ਬਚਾਅ ਲਈ ਲਾਜ਼ਮੀ ਤੌਰ 'ਤੇ ਮਾਸਕ ਪਹਿਨਣ ਅਤੇ ਵੈਕਸ਼ੀਨੇਸ਼ਨ ਲਗਵਾਉਣ ਦੀ ਕੀਤੀ ਅਪੀਲ

**ਗੁਰਦਾਸਪੁਰ-ਨਵਨੀਤ ਕੁਮਾਰ**

ਦਫਤਰ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਿਖੇ ਬਿਨਾਂ ਮਾਸਕ ਅਤੇ ਵੈਕਸ਼ੀਨੇਸ਼ਨ (ਦੋਵੇਂ ਡੋਜਾਂ ਲਗਵਾਈਆਂ ਹੋਣ) ਦੇ ਐਂਟਰੀ ਬੰਦ ਕੀਤੀ ਗਈ ਹੈ, ਤਾਂ ਜੋ ਕੋਵਿਡ-19 ਮਹਾਂਮਾਰੀ ਦੀ ਤੀਸਰੀ ਲਹਿਰ ਅਤੇ ਨਵੇਂ ਵੈਰੀਐਂਟ ਓਮੀਕਰੋਨ ਤੋਂ ਬਚਾਅ ਕੀਤਾ ਜਾ ਸਕੇ। ਇਸ ਸਬੰਧੀ ਅੱਜ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਵਲੋ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਦਾਖਲ ਹੋਣ ਵਾਲੇ ਗੇਟਾਂ, ਦਫਤਰਾਂ ਤੇ ਸੇਵਾ ਕੇਂਦਰ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜਿਨਾਂ ਵਿਅਕਤੀਆਂ ਵਲੋਂ ਮਾਸਕ ਨਹੀਂ ਪਹਿਨਿਆ ਹੋਇਆ ਸੀ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਮਾਸਕ ਲਾਜ਼ਮੀ ਤੋਰ ਤੇ ਪਾ ਕੇ ਰੱਖਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲਾ ਪ੍ਰਬੰਧਕੀ ਕੰਪੈਲਕਸ ਗੁਰਦਾਸਪੁਰ ਦੇ ਚਾਰੇ ਗੇਟਾਂ 'ਤੇ ਮਾਸਕ ਅਤੇ ਵੈਕਸ਼ੀਨੇਸ਼ਨ ਸਰਟੀਫਿਕੇਟ (ਦੋਵੇਂ ਡੋਜ਼ਾ ਲੱਗੀਆਂ ਹੋਣ) ਚੈੱਕ ਕਰਨ ਲਈ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ, ਜੋ ਇਹ ਸੁਨਿਸ਼ਚਿਤ ਕਰ ਰਹੀਆਂ ਹਨ ਕਿ ਦਫਤਰ ਡਿਪਟੀ ਕਮਿਸ਼ਨਰ ਵਿਖੇ ਆਉਣ ਵਾਲੇ ਹਰ ਵਿਅਕਤੀ ਨੇ ਮਾਸਕ (ਥ੍ਰੀ ਲੇਅਰ ਵਾਲਾ ਅਤੇ ਨੱਕ ਤਕ ਚੰਗੀ ਤਰਾਂ ਮੂੰਹ 'ਤੇ ਲਾਇਆ ਹੋਵੇ) ਅਤੇ ਕੋਵਿਡ ਵਿਰੋਧੀ ਵੈਕਸ਼ੀਨੇਸ਼ਨ ਲਗਾਈ ਹੋਵੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ, ਆਪਣੇ ਪਰਿਵਾਰ ਤੇ ਆਲੇ-ਦੁਆਲੇ ਦੇ ਲੋਕਾਂ ਦੀ ਚੰਗੀ ਸਿਹਤ ਲਈ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਮਾਸਕ ਲਾਜ਼ਮੀ ਤੋਰ 'ਤੇ ਪਾਇਆ ਜਾਵੇ, ਵੈਕਸ਼ੀਨੇਸ਼ਨ ਲਗਾਈ ਜਾਵੇ, ਹੱਥਾਂ ਨੂੰ ਸਾਬੁਣ ਨਾਲ ਵਾਰ-ਵਾਰ ਧੋਤਾ ਜਾਵੇ ਅਤੇ ਦੋ ਗਜ਼ ਦੀ ਦੂਰੀ ਬਣਾ ਕੇ ਰੱਖੀ ਜਾਵੇ। ਉਨਾਂ ਕਿਹਾ ਕਿ ਜਿਨਾਂ ਵਿਅਕਤੀਆਂ ਨੇ ਅਜੇ ਤਕ ਵੈਕਸ਼ੀਨੇਸ਼ਨ ਨਹੀਂ ਲਗਵਾਈ , ਉਹ ਤੁਰੰਤ ਵੈਕਸ਼ੀਨੇਸ਼ਨ ਲਗਵਾਉਣ।

# ਡਿਪਟੀ ਕਮਿਸ਼ਨਰ ਪੁਲਿਸ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

**ਜਲੰਧਰ/ਰਾਕੇਸ਼ ਵਰਮਾ**

ਡਿਪਟੀ ਕਮਿਸ਼ਨਰ ਪੁਲਿਸ (ਇਨਵੈਟੀਗੇਸ਼ਨ) ਜਲੰਧਰ ਜਸਕਿਰਨਜੀਤ ਸਿੰਘ ਤੇਜਾ ਨੇ ਜਾਬਤਾ ਫੌਜਦਾਰੀ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹਦੂਦ ਅੰਦਰ ਪੈਂਦੀਆਂ ਵਾਹਨ ਖੜ੍ਹੀਆਂ ਕਰਨ ਦੀਆਂ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਧਾਰਮਿਕ ਥਾਵਾਂ, ਹਸਪਤਾਲ, ਭੀੜ ਵਾਲੇ ਬਜ਼ਾਰਾਂ ਅਤੇ ਹੋਰ ਵਾਹਨ ਪਾਰਕ ਕਰਨ ਲਈ ਬਣੀਆਂ ਥਾਵਾਂ ਆਦਿ ਦੇ ਮਾਲਕ/ਪ੍ਰਬੰਧਕ (ਕੰਪਲੈਕਸ ਦੇ ਅੰਦਰ ਜਾਂ ਬਾਹਰ ) ਸੀ.ਸੀ.ਟੀ.ਵੀ.ਕੈਮਰੇ ਲਗਾਏ ਬਿਨਾਂ ਵਾਹਨ ਪਾਰਕਿੰਗ ਨਹੀਂ ਚਲਾਉਣਗੇ। ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੀ.ਸੀ.ਟੀ.ਵੀ.ਕੈਮਰੇ ਇਸ ਤਰੀਕੇ ਨਾਲ ਲਗਾਏ ਜਾਣ ਕਿ ਜੋ ਵਾਹਨ ਪਾਰਕਿੰਗ ਦੇ ਅੰਦਰ/ਬਾਹਰ ਆਉਂਦਾ-ਜਾਂਦਾ ਹੈ ਉਸ ਦੀ ਵਾਹਨ ਦੀ ਨੰਬਰ ਪਲੇਟ ਅਤੇ ਵਾਹਨ ਚਲਾਉਣ ਵਾਲੇ ਵਿਅਕਤੀ ਦਾ ਚੇਹਰਾ ਸਾਫ਼ ਨਜ਼ਰ ਆਵੇ ਅਤੇ ਇਸ ਸਬੰਧੀ ਲਗਾਏ ਗਏ ਸੀ.ਸੀ.ਟੀ.ਵੀ.ਕੈਮਰੇ ਦੀ 45 ਦਿਨ ਦੀ ਰਿਕਾਰਡਿੰਗ ਦੀ ਸੀ.ਡੀ.ਤਿਆਰ ਕਰਨ ਉਪਰੰਤ ਹਰ 15 ਦਿਨ ਬਾਅਦ ਸਕਿਓਰਿਟੀ ਬ੍ਰਾਂਚ ਦਫ਼ਤਰ ਪੁਲਿਸ ਕਮਿਸ਼ਨਰ ਜਲੰਧਰ ਵਿੱਚ ਜਮ੍ਹਾ ਕਰਵਾਈ ਜਾਵੇ ਅਤੇ ਵਾਹਨ ਪਾਰਕ ਕਰਨ ਵਾਲੇ ਵਾਹਨ ਮਾਲਕਾਂ ਦਾ ਰਿਕਾਰਡ ਜੇਕਰ ਵਾਹਨ ਇੱਕ ਦਿਨ ਲਈ ਖੜ੍ਹਾ ਕਰਨਾ ਹੋਵੇ ਤਾਂ ਰਜਿਸਟਰ ਵਿੱਚ ਉਸ ਦਾ ਇੰਦਰਾਜ ਵਾਹਨ ਮਾਲਕ ਦਾ ਨਾਮ ,ਮੋਬਾਇਲ ਨੰਬਰ, ਵਾਹਨ ਦੀ ਕਿਸਮ, ਰਜਿਸਟਰੇਸ਼ਨ ਨੰਬਰ, ਚੈਸੀ ਨੰਬਰ,ਇੰਜਣ ਨੰਬਰ, ਵਾਹਨ ਪਾਰਕ ਕਰਨ ਦੀ ਮਿਤੀ ਅਤੇ ਵਾਹਨ ਵਾਪਿਸ ਲੈਣ ਦੀ ਮਿਤੀ ਦਰਜ ਕਰਨ ਤੋਂ ਇਲਾਵਾ ਵਾਹਨ ਮਾਲਕ ਦੇ ਰਜਿਸਟਰ ਉਪਰ ਦਸਤਖਤ ਕਰਵਾਏ ਜਾਣ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਵਾਹਨ ਇੱਕ ਦਿਨ ਤੋਂ ਵੱਧ ਸਮੇਂ ਲਈ ਖੜ੍ਹਾ ਕਰਨਾ ਹੋਵੇ ਤਾਂ ਉਸ ਦਾ ਇੰਦਰਾਜ ਰਜਿਸਟਰ ਵਿੱਚ ਉਕਤ ਅਨੁਸਾਰ ਕਰਕੇ ਵਾਹਨ ਮਾਲਕ ਕੋਲੋਂ ਵਾਹਨ ਦੇ ਰਜਿਸਟਰੇਸ਼ਨ ਅਤੇ ਡਰਾਈਵਿੰਗ ਲਾਇਸੰਸ ਦੀ ਫੋਟੋ ਕਾਪੀ ਲੈ ਕੇ ਬਤੌਰ ਰਿਕਾਰਡ ਰੱਖਿਆ ਜਾਵੇ ਅਤੇ ਇਸ ਤੋਂ ਇਲਾਵਾ ਪਾਰਕਿੰਗ ਦੀਆਂ ਥਾਵਾਂ 'ਤੇ ਕੰਮ ਕਰ ਰਹੇ ਵਿਅਕਤੀਆਂ ਦੀ ਪੁਲਿਸ ਵੈਰੀਫਿਕੇਸ਼ਨ ਸਬੰਧਿਤ ਥਾਣਾਂ ਤੋਂ ਕਰਵਾਈ ਜਾਵੇ।

ਡਿਪਟੀ ਕਮਿਸ਼ਨਰ ਪੁਲਿਸ ਜਲੰਧਰ ਨੇ ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਹਦੂਦ ਅੰਦਰ ਕਿਸੇ ਕਿਸਮ ਦਾ ਹਥਿਆਰ ਜਿਵੇਂ ਕਿ ਬੇਸਬਾਲ, ਤੇਜ਼ ਹਥਿਆਰ, ਨੋਕੀਲਾ ਹਥਿਆਰ ਜਾਂ ਕੋਈ ਵੀ ਜਾਨਲੇਵਾ ਹਥਿਆਰ ਗੱਡੀ ਵਿੱਚ ਰੱਖ ਕੇ ਚੱਲਣ 'ਤੇ ਪਾਬੰਦੀ ਲਗਾ ਦਿੱਤੀ ਹੈ।

ਇਸੇ ਤਰ੍ਹਾਂ ਇਕ ਹੋਰ ਹੁਕਮ ਰਾਹੀਂ ਡਿਪਟੀ ਕਮਿਸ਼ਨਰ ਪੁਲਿਸ ਜਲੰਧਰ ਨੇ ਕਮਿਸ਼ਨਰੇਟ ਪੁਲਿਸ ਦੀ ਹਦੂਦ ਅੰਦਰ ਕਿਸੇ ਕਿਸਮ ਦਾ ਜਲੂਸ ਕੱਢਣ, ਕਿਸੇ ਸਮਾਗਮ/ਜਲੂਸ ਵਿੱਚ ਹਥਿਆਰ ਲੈ ਕੇ ਚੱਲਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੀ ਇਕੱਤਰਤਾ ਅਤੇ ਨਾਅਰੇਬਾਜ਼ੀ ਕਰਨ 'ਤੇ ਪਾਬੰਦੀ ਲਗਾ ਦਿੱਤੀ ਹੈ।ਡਿਪਟੀ ਕਮਿਸ਼ਨਰ ਪੁਲਿਸ ਨੇ ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਪੁਲਿਸ ਦੀ ਹਦੂਦ ਅੰਦਰ ਆਉਂਦੇ ਸਾਰੇ ਮੈਰਿਜ ਪੈਲਸਾਂ/ਹੋਟਲਾਂ ਦੇ ਦਾਅਵਤ ਹਾਲਾਂ ਵਿੱਚ, ਵਿਆਹ-ਸ਼ਾਦੀਆਂ ਦੇ ਪ੍ਰੋਗਰਾਮਾਂ ਵਿੱਚ ਅਤੇ ਹੋਰ ਸਮਾਜਿਕ ਪ੍ਰੋਗਰਾਮਾਂ ਵਿੱਚ ਪਬਲਿਕ ਵੱਲੋਂ ਹਥਿਆਰ ਲੈ ਕੇ ਜਾਣ 'ਤੇ ਪਾਬੰਦੀ ਲਗਾ ਦਿੱਤੀ ਹੈ ਅਤੇ ਮੈਰਿਜ ਪੈਲਸਾਂ ਅਤੇ ਦਾਅਵਤ ਹਾਲਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਮੈਰਿਜ ਪੈਲਸਾਂ/ਦਾਅਵਤ ਹਾਲਾਂ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦੇ ਜ਼ਿੰਮੇਵਾਰ ਹੋਣਗੇ।

ਇਸ ਤੋਂ ਇਲਾਵਾ ਇਹ ਵੀ ਹੁਕਮ ਕੀਤੇ ਗਏ ਹਨ ਕਿ ਪੁਲਿਸ ਕਮਿਸ਼ਨਰੇਟ ਦੀ ਹਦੂਦ ਅੰਦਰ ਆਉਂਦੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਸਾਰੇ ਬਾਲਗ ਪੁਰਸ਼ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਹਰ ਰੋਜ਼ ਸ਼ਾਮ 8 ਵਜੇ ਤੋਂ ਸਵੇਰੇ 5 ਵਜੇ ਤੱਕ ਗਸ਼ਤ, ਠੀਕਰੀ ਪਹਿਰਾ/ਰਾਖੀ ਦੀ ਡਿਊਟੀ ਨਿਭਾਉਣਗੇ। ਹੁਕਮ ਵਿੱਚ ਅੱਗੇ ਕਿਹਾ ਗਿਆ ਹੈ ਕਿ ਪਿੰਡਾਂ ਦੀਆਂ ਪੰਚਾਇਤਾਂ ਆਪਣੇ ਕਾਰਜ ਖੇਤਰ ਅੰਦਰ ਉਕਤ ਡਿਊਟੀ ਕਰਵਾਉਣਗੀਆਂ ਅਤੇ ਡਿਊਟੀ ਦੇਣ ਵਾਲੇ ਵਿਅਕਤੀਆਂ ਬਾਰੇ ਸਬੰਧਤ ਮੁੱਖ ਅਫਸਰ ਥਾਣਾ ਨੂੰ ਸੂਚਿਤ ਕਰਨਗੀਆਂ।

ਡਿਪਟੀ ਕਮਿਸ਼ਨਰ ਪੁਲਿਸ ਜਲੰਧਰ ਵੱਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਕੋਈ ਵੀ ਦੁਕਾਨਦਾਰ/ਦਰਜ਼ੀ, ਸੈਨਿਕ/ਅਰਧ ਸੈਨਿਕ ਬੱਲ/ਪੁਲਿਸ ਦੀ ਬਣੀ ਬਣਾਈ ਵਰਦੀ ਜਾਂ ਕਪੜਾ ਲੈ ਕੇ ਸੀਤੀ ਸਿਲਾਈ ਵਰਦੀ ਬਿਨਾਂ ਖਰੀਦਦਾਰ ਦੀ ਦਰੁੱਸਤ ਸ਼ਨਾਖਤ ਕੀਤੇ ਬਿਨਾਂ ਨਹੀਂ ਵੇਚੇਗਾ। ਵਰਦੀ ਖ਼ਰੀਦਣ ਵਾਲੇ ਵਿਅਕਤੀ ਦੇ ਫੋਟੋ ਸ਼ਨਾਖਤੀ ਕਾਰਡ, ਜੋ ਸਮਰੱਥ ਅਧਿਕਾਰੀ ਵੱਲੋਂ ਉਸ ਨੂੰ ਜਾਰੀ ਕੀਤਾ ਗਿਆ ਹੋਵੇ, ਦੀ ਸਵੈ ਤਸਦੀਕਸ਼ੁਦਾ ਫੋਟੋ ਕਾਪੀ ਰੱਖੇਗਾ ਅਤੇ ਖਰੀਦਣ ਵਾਲੇ ਦਾ ਰੈਂਕ, ਨਾਮ, ਪਤਾ, ਫੋਨ ਨੰਬਰ ਅਤੇ ਤਾਇਨਾਤੀ ਦੇ ਸਥਾਨ ਸਬੰਧੀ ਰਿਕਾਰਡ ਰਜਿਸਟਰ 'ਤੇ ਮੇਨਟੇਨ ਕਰੇਗਾ ਅਤੇ ਉਕਤ ਰਜਿਸਟਰ ਨੂੰ ਦੋ ਮਹੀਨਿਆਂ ਵਿੱਚ ਇਕ ਵਾਰ ਸਬੰਧਿਤ ਮੁੱਖ ਥਾਣਾ ਅਫ਼ਸਰ ਪਾਸੋਂ ਤਸਦੀਕ ਕਰਵਾਏਗਾ ਅਤੇ ਲੋੜ ਪੈਣ 'ਤੇ ਰਿਕਾਰਡ ਪੁਲਿਸ ਨੂੰ ਮੁਹੱਈਆ ਕਰਵਾਏਗਾ। ਡਿਪਟੀ ਕਮਿਸ਼ਨਰ ਪੁਲਿਸ ਨੇ ਇਕ ਹੋਰ ਹੁਕਮ ਵਿੱਚ ਕਿਹਾ ਹੈ ਕਿ ਮਕਾਨ ਮਾਲਕ ਘਰਾਂ ਵਿੱਚ ਕਿਰਾਏਦਾਰ ਅਤੇ ਪੀ.ਜੀ. ਮਾਲਕ, ਪੀ.ਜੀ.ਅਤੇ ਇਸ ਤੋਂ ਇਲਾਵਾ ਆਮ ਲੋਕ ਘਰਾਂ ਵਿੱਚ ਨੌਕਰ ਅਤੇ ਹੋਰ ਕਾਮੇ ਆਪਣੇ ਨੇੜੇ ਦੇ ਪੰਜਾਬ ਪੁਲਿਸ ਦੇ ਸਾਂਝ ਕੇਂਦਰ ਵਿੱਚ ਜਾਣਕਾਰੀ/ਇਤਲਾਹ ਦਿੱਤੇ ਬਿਨਾਂ ਨਹੀਂ ਰੱਖਣਗੇ।

# 9 ਜਨਵਰੀ ਨੂੰ ਹੱਡੀਆਂ, ਦਿਲ ਦੇ ਰੋਗਾਂ ਦਾ ਫ੍ਰੀ ਜਾਂਚ ਕੈਂਪ ਗੁਰਦੁਆਰਾ ਟਾਹਲੀ ਸਾਹਿਬ ਲਗਾਇਆ ਜਾਵੇਗਾ

**ਗੁਰਦਾਸਪੁਰ-ਨਵਨੀਤ ਕੁਮਾਰ/ਮੰਗੋਤਰਾ ਸਾਬ**

ਗੁਰਦੁਆਰਾ ਟਾਹਲੀ ਸਾਹਿਬ ਗਾਹਲੜੀ ਵੱਲੋਂ ਚੋਹਾਨ ਮੈਡੀਸਿਟੀ ਕੋਟਲੀ ਪਠਾਨਕੋਟ ਦੀ ਮੈਡੀਕਲ ਟੀਮ ਦੇ ਸਹਿਯੋਗ ਨਾਲ ਹੱਡੀਆਂ ਅਤੇ ਦਿਲ ਦੇ ਰੋਗਾਂ ਦਾ ਫ੍ਰੀ ਜਾਂਚ ਕੈਂਪ 9 ਜਨਵਰੀ ਦਿਨ ਐਤਵਾਰ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਬਾਬਾ ਸ੍ਰੀ ਚੰਦ ਚੈਰੀਟੇਬਲ ਹਸਪਤਾਲ ਗਾਹਲੜੀ ਵਿੱਖੇ ਲਗਾਇਆ ਜਾ ਰਿਹਾ ਹੈ ।ਇਸ ਮੈਡੀਕਲ ਜਾਂਚ ਕੈਂਪ ਸਬੰਧੀ ਜਾਣਕਾਰੀ ਗੁਰਦੁਆਰਾ ਟਾਹਲੀ ਸਾਹਿਬ ਦੇ ਮੈਨੇਜਰ ਹਰਜੀਤ ਸਿੰਘ ਵੱਲੋਂ ਦਿੰਦੇ ਹੋਏ ਦੱਸਿਆ ਕਿ ਇਹ ਮੈਡੀਕਲ ਕੈਂਪ ਲੋੜਵੰਦ ਮਰੀਜਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਲਗਾਇਆ ਜਾ ਰਿਹਾ ਹੈ ।ਇਸ ਜਾਂਚ ਕੈਂਪ ਵਿੱਚ ਚੋਹਾਨ ਮੈਡੀਸਿਟੀ ਦੇ ਮਾਹਿਰ ਡਾਕਟਰਾਂ ਵੱਲੋਂ ਹੱਡੀਆਂ ਦੇ ਮਰੀਜਾਂ ਦੀ ਅਤੇ ਦਿਲ ਦੇ ਰੋਗਾਂ ਦੇ ਮਰੀਜ਼ਾਂ ਦੀ ਫ੍ਰੀ ਜਾਂਚ ਕੀਤੀ ਜਾਵੇਗੀ । ਇਸ ਜਾਂਚ ਕੈਂਪ ਵਿੱਚ ਮਰੀਜ਼ਾਂ ਈ ਸੀ ਜੀ ,ਬਲੱਡ ਪ੍ਰੈਸ਼ਰ ਅਤੇ ਲੋੜ ਅਨੁਸਾਰ ਦਵਾਈਆਂ ਵੀ ਫ੍ਰੀ ਦਿੱਤੀਆਂ ਜਾਣਗੀਆਂ । ਕੈਂਪ ਵਿੱਚ ਫ੍ਰੀ ਇਲਾਜ ਕਰਵਾਉਂਣ ਵਾਲੇ ਮਰੀਜਾਂ ਨੂੰ ਇੱਕ ਬੇਨਤੀ ਹੈ ਕਿ ਉਹ ਆਪਣੀਆਂ ਰਿਪੋਟਾਂ ਨਾਲ ਲੈ ਕੇ ਆਉਂਣ ਅਤੇ ਵਧੇਰੇ ਜਾਣਕਾਰੀ ਲਈ ਡਾ ਯੋਗੇਸਵਰ ਸਿੰਘ ਨਾਲ ਸੰਪਰਕ ਕਰ ਸਕਦੇ ਹਨ ।



ਦੇਸ਼-ਵਿਦੇਸ਼ ਤੋਂ ਅਖ਼ਬਾਰ ਨੂੰ ਪੱਤਰਕਾਰ, ਲੇਖਕਾਂ ਦੀ ਲੋੜ ਹੈ ਚਾਹਵਾਨ ਸੰਪਰਕ ਕਰਨ ਪਤਾ-ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 0181-2211009, 99155-94111